TOURIST VISA USA CANADA
SCHENGEN/ UK AUSTRALIA/ NZ
1140 VISA
1 ਜਨਵਰੀ 2025 ਤੋਂ 18 ਜੂਨ 2025 ਤੱਕ ਲੱਗੇ
easyvisa
8283 000800

ਰੋਜ਼ਾਨਾ
ਸੱਚ ਤੇ ਨਿਡਰ ਆਵਾਜ਼
# ਲੋਕ ਬਾਣੀ
ਮੁੱਖ ਸੰਪਾਦਕ : ਅਮਨਦੀਪ ਮਹਿਰਾ
Daily Lokbani, Jalandhar
ਸ਼ੁੱਕਰਵਾਰ, 22 ਅਗਸਤ, 2025
Email : lokbani08@gmail.com

ਧੰਨਵਾਦ
ਹਰ ਦਿਨ ਪੰਜਾਬ ਭਰ 'ਚੋਂ ਅਦਾਰੇ ਨੂੰ ਮਿਲ ਰਹੇ ਸਹਿਯੋਗ ਲਈ ਦਿਲੋਂ ਧੰਨਵਾਦ



ਮੁੱਖ ਸੰਪਾਦਕ : ਅਮਨਦੀਪ ਮਹਿਰਾ

R. N. I. Punpun/29016/2008 ਸਾਲ : 17 ਅੰਕ: 02 ਮੁੱਲ : 06 ਰੁਪਏ • ਕੁੱਲ ਪੰਨੇ : 10, ਦਫ਼ਤਰ : 2211009, M : +91 99155 94111

1140 VISA
1 ਜਨਵਰੀ 2025 ਤੋਂ 18 ਜੂਨ 2025 ਤੱਕ ਲੱਗੇ
TOURIST VISA
CANADA/ USA
SCHENGEN/ AUSTRALIA/ UK/ NZ
easyvisa
8283 000800
ਅਪਲਾਈ ਕਰਨ ਤੋਂ ਪਹਿਲਾਂ ਲੱਗੇ ਹੋਏ ਵੀਜ਼ਾ ਜਰੂਰ ਚੈਕ ਕਰੋ ਫਿਰ ਅਪਲਾਈ ਕਰੋ

## ਜੀਐੱਸਟੀ ਦਰ ਬਦਲਣ ਦੇ ਪ੍ਰਸਤਾਵ ਨੂੰ ਮਿਲੀ ਮਨਜ਼ੂਰੀ

ਨਵੀਂ ਦਿੱਲੀ (ਲੋਕ ਬਾਣੀ)-ਵੱਖ-ਵੱਖ ਰਾਜਾਂ ਦੇ ਮੰਤਰੀਆਂ ਦੇ ਸਮੂਹ ਨੇ ਅੱਜ ਜੀਐੱਸਟੀ ਦਰਾਂ ਵਿੱਚ ਕਟੌਤੀ ਰਾਹੀਂ ਕੇਂਦਰ ਦੀ ਅਸਿੱਧੇ ਟੈਕਸ ਪ੍ਰਣਾਲੀ ਵਿੱਚ ਵਿਆਪਕ ਸੁਧਾਰਾਂ ਨੂੰ ਸਿਧਾਂਤਕ ਤੌਰ 'ਤੇ ਮਨਜ਼ੂਰੀ ਦੇ ਦਿੱਤੀ ਹੈ ਪਰ ਕੁਝ ਵਿਰੋਧੀ ਧਿਰ ਸ਼ਾਸਿਤ ਰਾਜ ਇਸ ਕਦਮ ਕਾਰਨ ਹੋਏ ਮਾਲੀਏ ਦੇ ਨੁਕਸਾਨ ਅਤੇ ਇਸ ਦੀ ਭਰਪਾਈ ਬਾਰੇ ਫਿਕਰਮੰਦ ਹਨ। ਬਿਹਾਰ ਦੇ ਉਪ ਮੁੱਖ ਮੰਤਰੀ ਸਮਰਾਟ ਚੌਧਰੀ ਦੀ ਅਗਵਾਈ ਵਾਲੇ ਮੰਤਰੀ ਸਮੂਹ ਨੇ ਵਸਤੂਆਂ ਅਤੇ ਸੇਵਾਵਾਂ ਟੈਕਸ (ਜੀਐੱਸਟੀ) ਅਧੀਨ ਸਲੈਬਾਂ ਦੀ ਗਿਣਤੀ ਚਾਰ (5, 12, 18 ਅਤੇ 28 ਫ਼ੀਸਦੀ) ਤੋਂ ਘਟਾ ਕੇ ਦੋ (5 ਅਤੇ 18 ਫ਼ੀਸਦੀ) ਕਰਨ ਦੇ ਕੇਂਦਰ ਦੇ ਪ੍ਰਸਤਾਵ 'ਤੇ ਚਰਚਾ ਕੀਤੀ। ਕੇਂਦਰ ਨੇ ਪੰਜ-ਸੱਤ ਚੋਣਵੀਆਂ ਵਸਤੂਆਂ 'ਤੇ 40 ਫ਼ੀਸਦੀ ਦੀ ਦਰ ਨਾਲ ਜੀਐੱਸਟੀ ਲਗਾਉਣ ਦਾ ਵੀ ਪ੍ਰਸਤਾਵ ਰੱਖਿਆ ਹੈ।

# ਲੋਕ ਸਭਾ ਦੀ ਕਾਰਵਾਈ ਅਣਮਿਥੇ ਸਮੇਂ ਲਈ ਮੁਲਤਵੀ

### ਸਪੀਕਰ ਨੇ ਵਿਰੋਧੀ ਧਿਰ ਦੇ ਮੈਂਬਰਾਂ ਦੇ ਵਿਵਹਾਰ 'ਤੇ ਦੁੱਖ ਪ੍ਰਗਟਾਇਆ

ਨਵੀਂ ਦਿੱਲੀ (ਲੋਕ ਬਾਣੀ)-ਲੋਕ ਸਭਾ ਦੀ ਕਾਰਵਾਈ ਅੱਜ ਅਣਮਿਥੇ ਸਮੇਂ ਲਈ ਮੁਲਤਵੀ ਕਰ ਦਿੱਤੀ ਗਈ ਹੈ। ਮੌਨਸੂਨ ਸੈਸ਼ਨ ਦੀ ਕਾਰਵਾਈ ਵਿੱਚ ਡੈੱਡਲਾਕ ਬਣਾਈ ਰੱਖਣ ਲਈ ਵਿਰੋਧੀ ਪਾਰਟੀਆਂ ਪ੍ਰਤੀ ਨਿਰਾਸ਼ਾ ਪ੍ਰਗਟ ਕਰਦਿਆਂ ਲੋਕ ਸਭਾ ਸਪੀਕਰ ਓਮ ਬਿਰਲਾ ਨੇ ਕਿਹਾ ਕਿ ਯੋਜਨਾਬੱਧ ਤਰੀਕੇ ਨਾਲ ਸਦਨ ਦੇ ਕੰਮਕਾਜ ਵਿੱਚ ਵਿਘਨ ਪਾਇਆ ਗਿਆ, ਜੋ ਲੋਕਤੰਤਰ ਅਤੇ ਸਦਨ ਦੀ ਸ਼ਾਨ ਦੇ ਅਨੁਸਾਰ ਨਹੀਂ ਹੈ। ਸਵੇਰੇ 11 ਵਜੇ ਪਹਿਲਾਂ ਮੁਲਤਵੀ ਕੀਤੇ ਜਾਣ ਤੋਂ ਬਾਅਦ ਸਦਨ ਦੀ ਕਾਰਵਾਈ ਦੁਪਹਿਰ 12 ਵਜੇ ਮੁੜ ਸ਼ੁਰੂ ਹੋਈ, ਜਿਸ ਵਿੱਚ ਬਿਰਲਾ ਨੇ ਦੁੱਖ ਪ੍ਰਗਟ ਕੀਤਾ ਕਿ ਪੂਰੇ ਸੈਸ਼ਨ ਦੌਰਾਨ ਕਾਰਵਾਈ 'ਚ ਵਾਰ-ਵਾਰ ਵਿਘਨ ਪਾਉਣ ਦੀਆਂ ਕੋਸ਼ਿਸ਼ਾਂ ਕੀਤੀਆਂ ਗਈਆਂ। ਉਨ੍ਹਾਂ ਕਿਹਾ ਕਿ ਇਹ ਸਾਰਿਆਂ ਲਈ ਆਤਮ-ਨਿਰੀਖਣ ਦਾ



ਸਮਾਂ ਹੈ ਕਿਉਂਕਿ ਮਹੀਨਾ ਭਰ ਚੱਲੇ ਸੈਸ਼ਨ ਦੌਰਾਨ ਜ਼ਿਆਦਾ ਚਰਚਾ ਨਹੀਂ ਹੋ ਸਕੀ। ਸੈਸ਼ਨ 21 ਜੁਲਾਈ ਨੂੰ ਸ਼ੁਰੂ ਹੋਇਆ ਸੀ, ਜਿਸ ਵਿੱਚ ਸਮੁੱਚੀ ਵਿਰੋਧੀ ਧਿਰ ਨੇ ਬਿਹਾਰ ਵਿੱਚ ਵੋਟਰ ਸੂਚੀਆਂ ਦੇ ਵਿਸ਼ੇਸ਼ ਵਿਆਪਕ ਸੋਧ (SIR) 'ਤੇ ਚਰਚਾ ਦੀ ਮੰਗ ਕਰਦਿਆਂ ਰੋਜ਼ਾਨਾ ਕਾਰਵਾਈ ਵਿੱਚ ਵਿਘਨ ਪਾਇਆ। ਆਪਣੇ ਸਮਾਪਤੀ ਭਾਸ਼ਣ ਤੋਂ ਬਾਅਦ ਓਮ ਬਿਰਲਾ ਨੇ ਸਦਨ ਨੂੰ ਅਣਮਿੱਥੇ ਸਮੇਂ ਲਈ ਮੁਲਤਵੀ ਕਰ ਦਿੱਤਾ।

## ਰਾਜਸਥਾਨ ਦੇ ਬਾੜਮੇਰ 'ਚ ਬੱਚਿਆਂ 'ਤੇ ਤਸ਼ੱਦਦ ਕਰਨ ਵਾਲਾ ਵਾਰਡਨ ਹਿਰਾਸਤ 'ਚ ਲਿਆ

ਬਾੜਮੇਰ (ਲੋਕ ਬਾਣੀ)-ਇੱਥੋਂ ਦੇ ਬਾੜਮੇਰ ਵਿੱਚ ਵਿਦਿਆਰਥੀਆਂ ਨੂੰ ਲੋਹੇ ਦੀ ਗਰਮ ਰਾਡ ਨਾਲ ਸਜ਼ਾ ਦੇਣ ਵਾਲਾ ਵਾਰਡਨ ਪੁਲੀਸ ਨੇ ਹਿਰਾਸਤ ਵਿਚ ਲੈ ਲਿਆ ਹੈ। ਇਨ੍ਹਾਂ ਬੱਚਿਆਂ ਦਾ ਸੁੱਤੇ ਹੋਏ ਪਿਸ਼ਾਬ ਨਿਕਲ ਗਿਆ ਸੀ ਤੇ ਵਾਰਡਨ ਨੇ ਬੱਚਿਆਂ ਨੂੰ ਸਬਕ ਸਿਖਾਉਣ ਲਈ ਅਜਿਹਾ ਤਸ਼ੱਦਦ ਢਾਹਿਆ। ਇਹ ਮਾਮਲਾ ਉਦੋਂ ਸਾਹਮਣੇ ਆਇਆ ਜਦੋਂ ਇੱਕ ਵਿਦਿਆਰਥੀ ਰਾਤ ਨੂੰ ਗੁਰੂਕੁਲ ਤੋਂ ਭੱਜ ਗਿਆ ਅਤੇ ਉਸ ਨੇ ਆਪਣੇ ਪਰਿਵਾਰ ਨੂੰ ਕਥਿਤ ਤਸ਼ੱਦਦ ਬਾਰੇ ਦੱਸਿਆ। ਰਾਜਸਥਾਨ ਦੇ ਬਾੜਮੇਰ ਜ਼ਿਲ੍ਹੇ ਦੇ ਇੱਕ ਗੁਰੂਕੁਲ ਦੇ ਅਧਿਆਪਕ-ਕਮ-ਵਾਰਡਨ ਨੇ ਕਥਿਤ ਤੌਰ 'ਤੇ ਦੋ ਬੱਚਿਆਂ ਜਿਨ੍ਹਾਂ ਦੀ ਉਮਰ 10 ਅਤੇ 11 ਸਾਲ ਦੇ ਕਰੀਬ ਹੈ, ਨੂੰ ਬਿਸਤਰਾ ਗਿੱਲਾ ਕਰਨ ਦੇ ਮਾਮਲੇ 'ਤੇ ਤੇ ਅਨੁਸ਼ਾਸਨ ਵਿਚ ਰਹਿਣਾ ਸਿਖਾਉਣ ਲਈ ਗਰਮ ਲੋਹੇ ਦੀ ਰਾਡ ਨਾਲ ਕੁੱਟਿਆ।

## ਅਸਾਮ ਵਿੱਚ 18 ਸਾਲ ਤੋਂ ਵੱਧ ਉਮਰ ਵਾਲਿਆਂ ਦਾ ਨਵਾਂ ਆਧਾਰ ਕਾਰਡ ਨਹੀਂ ਬਣੇਗਾ

### ਗੈਰਕਾਨੂੰਨੀ ਪਰਵਾਸ ਰੋਕਣ ਲਈ ਕੀਤਾ ਗਿਆ ਫੈਸਲਾ: ਮੁੱਖ ਮੰਤਰੀ

ਗੁਹਾਟੀ (ਲੋਕ ਬਾਣੀ)-ਅਸਾਮ ਦੇ ਮੁੱਖ ਮੰਤਰੀ ਹੇਮੰਤਾ ਬਿਸਵਾ ਸਰਮਾ ਨੇ ਕਿਹਾ ਹੈ ਕਿ ਅਸਾਮ ਵਿਚ ਅਠਾਰਾਂ ਸਾਲ ਤੋਂ ਉਤੇ ਵਾਲਿਆਂ ਦਾ ਨਵਾਂ ਆਧਾਰ ਕਾਰਡ ਨਹੀਂ ਬਣੇਗਾ। ਇਹ ਫੈਸਲਾ ਗੈਰਕਾਨੂੰਨੀ ਪਰਵਾਸ ਰੋਕਣ ਲਈ ਕੀਤਾ ਗਿਆ ਹੈ। ਉਨ੍ਹਾਂ ਕੈਬਨਿਟ ਮੀਟਿੰਗ ਤੋਂ ਬਾਅਦ ਪੱਤਰਕਾਰਾਂ ਨੂੰ ਦੱਸਿਆ ਕਿ ਜੇਕਰ ਕਿਸੇ ਦਾ ਹਾਲੇ ਤੱਕ ਆਧਾਰ ਕਾਰਡ ਨਹੀਂ ਬਣਿਆ ਹੈ ਤਾਂ 18 ਸਾਲ ਤੋਂ ਵੱਧ ਉਮਰ ਦੇ ਲੋਕਾਂ ਨੂੰ ਸਿਰਫ਼ ਇੱਕ ਮਹੀਨੇ ਦਾ ਸਮਾਂ ਦਿੱਤਾ ਜਾਵੇਗਾ। ਹਾਲਾਂਕਿ, 18 ਸਾਲ ਤੋਂ ਵੱਧ ਉਮਰ ਦੇ ਕਬੀਲਿਆਂ, ਅਨੁਸੂਚਿਤ ਜਾਤੀਆਂ ਅਤੇ ਅਨੁਸੂਚਿਤ ਜਨ ਜਾਤੀਆਂ ਦੇ ਲੋਕ ਅਗਲੇ ਇੱਕ ਸਾਲ ਤੱਕ ਆਧਾਰ ਕਾਰਡ ਬਣਾ ਸਕਣਗੇ। ਮੁੱਖ ਮੰਤਰੀ ਨੇ ਕਿਹਾ, 'ਆਧਾਰ ਕਾਰਡ ਜਾਰੀ ਕਰਨ 'ਤੇ ਪਾਬੰਦੀ ਲਗਾਉਣ ਨਾਲ ਲੋਕਾਂ ਦੀ ਸਹੀ ਪਛਾਣ ਯਕੀਨੀ ਬਣੇਗੀ। ਇਹ ਫੈਸਲਾ ਪਿਛਲੇ ਇੱਕ ਸਾਲ ਤੋਂ ਬੰਗਲਾਦੇਸ਼ ਤੋਂ ਗੈਰਕਾਨੂੰਨੀ ਪਰਵਾਸ ਦੀਆਂ ਚਿੰਤਾਵਾਂ ਨੂੰ ਦੂਰ ਕਰਨ ਲਈ ਕੀਤਾ ਗਿਆ ਹੈ। ਮੁੱਖ ਮੰਤਰੀ ਨੇ ਕਿਹਾ ਕਿ ਹੁਣ ਨਵਾਂ ਆਧਾਰ ਕਾਰਡ ਡਿਪਟੀ ਕਮਿਸ਼ਨਰ ਹੀ ਵਿਸ਼ੇਸ਼ ਹਾਲਾਤ ਵਿਚ ਜਾਰੀ ਕਰਨਗੇ। ਇਸ ਨਾਲ ਗੈਰਕਾਨੂੰਨੀ ਢੰਗ ਨਾਲ ਆਧਾਰ ਕਾਰਡ ਬਣਾਉਣ 'ਤੇ ਨਕੇਲ ਕੱਸੀ ਜਾਵੇਗੀ। ਉਨ੍ਹਾਂ ਕਿਹਾ ਕਿ ਨਾਲ ਦੇ ਦੇਸ਼ ਤੋਂ ਆ ਕੇ ਕੋਈ ਵੀ ਭਾਰਤੀ ਨਾਗਰਿਕਤਾ ਹਾਸਲ ਨਾ ਕਰ ਸਕੇ, ਇਸ ਲਈ ਸਖਤ ਕਦਮ ਚੁੱਕੇ ਗਏ ਹਨ।



# ਪਾਕਿਸਤਾਨ ਦੀ ਸੁਪਰੀਮ ਕੋਰਟ ਵੱਲੋਂ ਇਮਰਾਨ ਖਾਨ ਨੂੰ ਜ਼ਮਾਨਤ

### 9 ਮਈ ਨੂੰ ਹੋਈ ਹਿੰਸਾ ਦੇ ਮਾਮਲਿਆਂ ਵਿੱਚ ਰਾਹਤ ਦਿੱਤੀ

ਕਰਾਚੀ (ਪੀਟੀਆਈ)-ਪਾਕਿਸਤਾਨ ਦੀ ਸੁਪਰੀਮ ਕੋਰਟ ਨੇ ਸਾਬਕਾ ਪ੍ਰਧਾਨ ਮੰਤਰੀ ਇਮਰਾਨ ਖਾਨ ਨੂੰ 9 ਮਈ ਦੀ ਹਿੰਸਾ ਨਾਲ ਸਬੰਧਤ ਅੱਠ ਮਾਮਲਿਆਂ ਵਿਚ ਜ਼ਮਾਨਤ ਦੇ ਦਿੱਤੀ ਹੈ। ਪਾਕਿਸਤਾਨ ਵਿਚ ਇਮਰਾਨ ਖਾਨ ਨੂੰ ਹਿਰਾਸਤ ਵਿਚ ਲੈਣ ਤੋਂ ਬਾਅਦ ਉਸ ਦੇ ਸਮਰਥਕਾਂ ਨੇ 9 ਮਈ, 2023 ਨੂੰ ਭੰਨਤੋੜ ਕੀਤੀ ਸੀ। ਇਮਰਾਨ ਖਾਨ ਅਤੇ ਉਨ੍ਹਾਂ ਦੀ ਪਾਕਿਸਤਾਨ ਤਹਿਰੀਕ-ਏ-ਇਨਸਾਫ (ਪੀਟੀਆਈ) ਪਾਰਟੀ ਦੇ ਆਗੂਆਂ ਖਿਲਾਫ ਦੰਗਿਆਂ 'ਚ ਕਥਿਤ ਭੂਮਿਕਾ ਸਬੰਧੀ ਕਈ ਮਾਮਲੇ ਦਰਜ ਕੀਤੇ ਗਏ ਸਨ। ਸੁਪਰੀਮ ਕੋਰਟ ਦੇ ਤਿੰਨ ਮੈਂਬਰੀ ਬੈਂਚ ਨੇ ਖ਼ਾਨ ਦੇ ਵਕੀਲ ਸਲਮਾਨ ਸਫ਼ਦਰ ਅਤੇ ਸੂਬੇ ਦੀ ਨੁਮਾਇੰਦਗੀ ਕਰਨ ਵਾਲੇ ਪੰਜਾਬ ਦੇ ਵਿਸ਼ੇਸ਼ ਸਰਕਾਰੀ ਵਕੀਲ ਜ਼ੁਲਫ਼ਕਾਰ ਨਕਵੀ ਦੀਆਂ ਦਲੀਲਾਂ ਸੁਣਨ ਤੋਂ ਬਾਅਦ ਇਮਰਾਨ ਨੂੰ ਜ਼ਮਾਨਤ ਦੇ ਦਿੱਤੀ। ਇਹ ਫੈਸਲਾ ਚੀਫ਼ ਜਸਟਿਸ ਅਫਰੀਦੀ, ਜਸਟਿਸ ਸ਼ਫੀ ਸਿੱਦੀਕੀ ਅਤੇ ਮਿਆਂਗੁਲ ਔਰੰਗਜ਼ੇਬ ਨੇ ਸੁਣਾਇਆ। ਇਸ ਤੋਂ ਬਾਅਦ ਇਮਰਾਨ ਖਾਨ ਦੀ ਪੀਟੀਆਈ ਪਾਰਟੀ ਨੇ ਐਕਸ 'ਤੇ ਪੋਸਟ ਪਾ ਕੇ ਇਮਰਾਨ ਖਾਨ ਲਈ ਜਿੱਤ ਲਈ ਹੈਸ਼ਟੈਗ ਦੀ ਵਰਤੋਂ ਕਰਦੇ ਹੋਏ ਇਸ ਫੈਸਲੇ ਦੀ ਸ਼ਲਾਘਾ ਕੀਤੀ। ਸੁਪਰੀਮ ਕੋਰਟ ਨੇ 9 ਮਈ ਦੇ ਕੇਸਾਂ ਲਈ ਇਮਰਾਨ ਖਾਨ ਨੂੰ ਜ਼ਮਾਨਤ ਦੇ ਦਿੱਤੀ ਹੈ, ਹੁਣ ਸ੍ਰੀ ਖਾਨ ਦੇ ਜੇਲ੍ਹ ਤੋਂ ਬਾਹਰ ਆਉਣ ਲਈ ਸਿਰਫ ਇੱਕ ਹੋਰ ਕੇਸ (ਅਲ ਕਾਦਿਰ ਕੇਸ) ਲਈ ਜ਼ਮਾਨਤ ਦੀ ਲੋੜ ਹੈ। ਜ਼ਿਕਰਯੋਗ ਹੈ ਕਿ ਇਮਰਾਨ ਖਾਨ 2023 ਤੋਂ ਜੇਲ੍ਹ ਵਿਚ ਨਜ਼ਰਬੰਦ ਹਨ।



ਪੰਜਾਬ ਦੇ ਹਰ ਜ਼ਿਲ੍ਹੇ ਤੋਂ ਰੋਜ਼ਾਨਾ ਲੋਕ ਬਾਣੀ ਅਖ਼ਬਾਰ ਲਈ ਪੱਤਰਕਾਰਾਂ ਦੀ ਲੋੜ ਹੈ ਚਾਹਵਾਨ ਪੱਤਰਕਾਰ ਸੰਪਰਕ ਕਰਨ ਮੁੱਖ ਦਫਤਰ
ਲੋਕ ਬਾਣੀ ਸੰਗਮ ਕੰਪਲੈਕਸ, ਮਿਲਾਪ ਚੌਕ ਜਲੰਧਰ 99155-94111



ਲੋਕ ਬਾਣੀ
ਰੋਜ਼ਾਨਾ ਲੋਕ ਬਾਣੀ
www.lokbani.com




publisher
chief editor
Aman mehra
Lok bani (News paper)
Lokbani08@gmail.com
www Lokbani.com
Mob 9915594111

Head office :308 sangam complex milap chowk Jalandhar Punjab India 01812211009

# ਹੋਮੀ ਭਾਭਾ ਕੈਂਸਰ ਹਸਪਤਾਲ ਅਤੇ ਸਿਹਤ ਮੰਤਰੀ, ਪੰਜਾਬ ਸਰਕਾਰ ਸ਼੍ਰੀ ਬਲਬੀਰ ਸਿੰਘ ਅਤੇ ਹੋਮੀ ਭਾਭਾ ਕੈਂਸਰ ਹਸਪਤਾਲ ਅਤੇ ਖੋਜ ਕੇਂਦਰ ਨੇ ਰਾਜ ਵਿੱਚ ਕੈਂਸਰ ਦੇਖਭਾਲ ਨੂੰ ਬਿਹਤਰ ਬਣਾਉਣ ਲਈ ਭਾਈਵਾਲੀ ਦਾ ਵਿਸਥਾਰ ਕੀਤਾ - ਡਾ. ਅਸ਼ੀਸ਼ ਗੁਲੀਆ

ਜੇ ਕੇ ਬੱਤਾ ਖਰੜ - ਨਿਊ ਚੰਡੀਗੜ੍ਹ ਹੋਮੀ ਭਾਭਾ ਕੈਂਸਰ ਹਸਪਤਾਲ ਮੁੱਲਾਂਪੁਰ ਨਿਊ ਚੰਡੀਗੜ੍ਹ ਵਿਖੇ ਸਮੁੱਚੇ ਕੈਂਸਰ ਇਲਾਜ ਅਤੇ ਦੇਖਭਾਲ ਨੂੰ ਬਿਹਤਰ ਬਣਾਉਣ ਵੱਲ ਇੱਕ ਮਹੱਤਵਪੂਰਨ ਕਦਮ ਚੁੱਕਦੇ ਹੋਏ, ਹੋਮੀ ਭਾਭਾ ਕੈਂਸਰ ਹਸਪਤਾਲ ਅਤੇ ਖੋਜ ਕੇਂਦਰ, ਪੰਜਾਬ ਅਤੇ ਪੰਜਾਬ ਸਰਕਾਰ ਨੇ ਅੱਜ ਹਸਪਤਾਲ ਦੇ ਸੰਗਰੂਰ ਕੈਂਪਸ ਵਿਖੇ ਆਪਣੇ ਮੌਜੂਦਾ ਸਮਝੌਤਾ ਪੱਤਰ (ਐਮਓਯੂ) ਨੂੰ ਅਧਿਕਾਰਤ ਤੌਰ 'ਤੇ ਨਵਿਆਇਆ। ਇਹ ਮਹੱਤਵਪੂਰਨ ਸਮਝੌਤਾ ਰਾਜ ਭਰ ਦੇ ਕੈਂਸਰ ਮਰੀਜ਼ਾਂ ਲਈ ਸਿਹਤ ਸੰਭਾਲ ਬੁਨਿਆਦੀ ਢਾਂਚੇ ਅਤੇ ਸੇਵਾਵਾਂ ਨੂੰ ਮਜ਼ਬੂਤ ਕਰਨ ਦੇ ਉਦੇਸ਼ ਨਾਲ ਇੱਕ ਸਾਂਝੇਦਾਰੀ ਨੂੰ ਮਜ਼ਬੂਤ ਕਰਦਾ ਹੈ। ਸਿਹਤ ਮੰਤਰੀ, ਪੰਜਾਬ ਸਰਕਾਰ ਸ਼੍ਰੀ ਬਲਬੀਰ ਸਿੰਘ ਅਤੇ ਹੋਮੀ ਭਾਭਾ ਕੈਂਸਰ ਹਸਪਤਾਲ ਅਤੇ ਖੋਜ ਕੇਂਦਰ, ਪੰਜਾਬ ਦੇ ਡਾਇਰੈਕਟਰ ਡਾ. ਅਸ਼ੀਸ਼ ਗੁਲੀਆ, ਹਸਪਤਾਲ ਦੇ ਡਾਇਰੈਕਟਰ (ਪ੍ਰਸ਼ਾਸਨ) ਸ਼੍ਰੀ ਮਾਧੋ ਸਿੰਘ ਅਤੇ ਪੰਜਾਬ ਹੈਲਥ ਸਿਸਟਮ ਕਾਰਪੋਰੇਸ਼ਨ ਦੇ ਡਾਇਰੈਕਟਰ ਡਾ. ਅਨਿਲ ਕੁਮਾਰ ਦੀ ਹਾਜ਼ਰੀ ਵਿੱਚ ਐਮਓਯੂ ਦੇ ਵਿਸਥਾਰ 'ਤੇ ਦਸਤਖਤ ਕੀਤੇ।



# ਡਾ. ਵਿਨੋਦ ਸ਼ਰਮਾ ਦੀਆਂ ਦੋ ਕਿਤਾਬਾਂ 'ਬੋਧਯੰਤੀ' ਅਤੇ 'ਮਨ ਕੇ ਮੰਦਰ ਸੇ' ਰਿਲੀਜ਼

## ਚਿੰਤਪੂਰਨੀ ਮਾਤਾ ਮੰਦਿਰ ਵਿਖੇ ਵੈਦਿਕ ਮੰਤਰਾਂ ਅਤੇ ਜੈਕਾਰਿਆਂ ਨਾਲ ਹਵਨ ਕੀਤਾ ਗਿਆ

ਚੰਡੀਗੜ੍ਹ, (ਲੋਕ ਬਾਣੀ)- ਡਾ. ਵਿਨੋਦ ਕੁਮਾਰ ਸ਼ਰਮਾ ਦੁਆਰਾ ਲਿਖੀਆਂ ਕਿਤਾਬਾਂ 'ਬੋਧਯੰਤੀ' ਅਤੇ 'ਮਨ ਕੇ ਮੰਦਰ ਸੇ' ਦਾ ਰਿਲੀਜ਼ ਚਿੰਤਪੂਰਨੀ ਮੰਦਿਰ ਵਿਖੇ ਰਸਮੀ ਤੌਰ 'ਤੇ ਕੀਤਾ ਗਿਆ। ਪ੍ਰੋਗਰਾਮ ਤੋਂ ਪਹਿਲਾਂ, ਚਿੰਤਪੂਰਨੀ ਮਾਤਾ ਮੰਦਿਰ ਵਿਖੇ ਜੈਕਾਰੇ ਲਗਾਏ ਗਏ ਅਤੇ ਵੈਦਿਕ ਮੰਤਰਾਂ ਨਾਲ ਹਵਨ ਕੀਤਾ ਗਿਆ। ਬੋਧਯੰਤੀ ਦਾ ਅਰਥ ਹੈ ਜਾਗਣਾ, ਯਾਨੀ ਮਨੁੱਖ ਨੂੰ ਜਗਾਉਣਾ। ਕਾਵਿ ਸੰਗ੍ਰਹਿ 'ਬੋਧਯੰਤੀ' ਵਿੱਚ, ਮਨੁੱਖੀ ਜੀਵਨ ਨੂੰ ਬ੍ਰਹਮ ਗੁਣਾਂ ਨਾਲ ਸਜਾਉਣ ਦੀ ਇੱਛਾ ਹੈ। ਮਨੁੱਖਾਂ ਨੂੰ ਹਰ ਪਲ ਮੁਸਕਰਾਉਂਦੇ ਹੋਏ ਆਪਣਾ ਜੀਵਨ ਬਤੀਤ ਕਰਨ ਲਈ ਕਿਹਾ ਗਿਆ ਹੈ। ਉਨ੍ਹਾਂ ਨੂੰ ਬੁਰੇ ਲੋਕਾਂ ਤੋਂ ਸਾਵਧਾਨ ਰਹਿਣ ਦੀ ਚੇਤਾਵਨੀ ਦਿੱਤੀ ਗਈ ਹੈ। ਮਨ ਦੀ ਅੰਦਰੂਨੀ ਸ਼ਾਂਤੀ ਲਈ, ਅਨਹਦ ਨਾਦ ਦਾ ਅਨੁਭਵ ਕਰਨ ਦੀ ਕਲਪਨਾ ਕੀਤੀ ਗਈ ਹੈ। ਜੀਵਨ ਵਿੱਚ ਨਿਯਮਾਂ ਦੀ ਪਾਲਣਾ ਕਰਕੇ, ਵਿਅਕਤੀ ਤਰੱਕੀ ਕਰ ਸਕਦਾ ਹੈ। ਬਿਨਾਂ ਸੋਚੇ-ਸਮਝੇ ਕੰਮ ਕਰਨ ਨਾਲ, ਮਨੁੱਖ ਆਪਣੇ ਆਪ ਨੂੰ ਅਤੇ ਦੂਜਿਆਂ ਨੂੰ ਨੁਕਸਾਨ ਪਹੁੰਚਾਉਂਦਾ ਹੈ। ਅਜਿਹੇ ਲੋਕ ਕਾਨੂੰਨ ਦੇ ਪੰਜੇ ਵਿੱਚ ਆ ਜਾਂਦੇ ਹਨ। ਕੁਦਰਤ ਨੂੰ ਵੀ ਸੁੰਦਰ ਢੰਗ ਨਾਲ ਦਰਸਾਇਆ ਗਿਆ ਹੈ। ਬ੍ਰਹਮਤਾ ਪ੍ਰਾਪਤ ਕਰਨ ਲਈ, ਚੰਗੇ ਗੁਣਾਂ ਨੂੰ ਅਪਣਾਉਣਾ ਚਾਹੀਦਾ ਹੈ। ਹਰ ਵਿਅਕਤੀ ਨੂੰ ਮਨੁੱਖਤਾ ਦੀ ਭਲਾਈ ਲਈ ਕੰਮ ਕਰਨਾ ਚਾਹੀਦਾ ਹੈ। ਇੱਕ ਦੋਸਤ ਨੂੰ ਬਹੁਤ ਧਿਆਨ ਨਾਲ ਚੁਣਨਾ ਚਾਹੀਦਾ ਹੈ। ਇਸ ਕਾਵਿ ਸੰਗ੍ਰਹਿ ਵਿੱਚ ਕਈ ਪਹਿਲੂਆਂ ਨੂੰ ਉਜਾਗਰ ਕੀਤਾ ਗਿਆ ਹੈ। ਦੂਜਾ ਕਾਵਿ ਸੰਗ੍ਰਹਿ 'ਮਨ ਕੇ ਮੰਦਰ ਸੇ' ਭਗਵਾਨ ਦੀ ਉਸਤਤ, ਪ੍ਰਾਰਥਨਾ ਅਤੇ ਪੂਜਾ ਕਰਨ ਵਾਲੇ ਭਜਨਾਂ ਦਾ ਸੰਗ੍ਰਹਿ ਹੈ। ਡਾ. ਵਿਨੋਦ ਸ਼ਰਮਾ ਨੇ ਕਿਹਾ ਕਿ ਉਨ੍ਹਾਂ ਨੂੰ ਜੀਵਨ ਦੇ ਸਫ਼ਰ ਵਿੱਚ ਚੰਗੇ ਲੋਕਾਂ ਦਾ ਸਮਰਥਨ ਮਿਲਿਆ। ਮੈਂ ਭਜਨ ਸੰਗ੍ਰਹਿ 'ਮਨ ਕੇ ਮੰਦਰ ਸੇ' ਨੂੰ ਭਗਵਾਨ ਦਾ ਆਸ਼ੀਰਵਾਦ ਮੰਨਦਾ ਹਾਂ। ਉਹ ਕਵੀਆਂ ਦੀ ਕਲਮ ਨੂੰ ਸਹੀ ਦਿਸ਼ਾ ਦਿੰਦਾ ਹੈ।






# ਕਾਮਰੇਡ ਜੰਗੀਰ ਸਿੰਘ ਜੋਗਾ ਸਰਕਾਰੀ ਸੈਕੰਡਰੀ ਸਕੂਲ ਦੇ ਖਿਡਾਰੀਆਂ ਨੇ

## ਜਿਲ੍ਹਾ ਪੱਧਰੀ ਕਬੱਡੀ ਨੈਸ਼ਨਲ ਸਟਾਇਲ 'ਚ ਹਾਸਲ ਕੀਤਾ ਚਾਂਦੀ ਦਾ ਤਗਮਾ

ਜੋਗਾ, (ਲੋਕ ਬਾਣੀ) : ਜਿਲ੍ਹਾ ਸਿੱਖਿਆ ਅਫਸਰ (ਸੈ.ਸਿੱ.) ਮਾਨਸਾ ਭੁਪਿੰਦਰ ਕੌਰ ਅਤੇ ਉੱਪ-ਜਿਲ੍ਹਾ ਸਿੱਖਿਆ ਅਫਸਰ (ਸੈ.ਸਿੱ.) ਮਾਨਸਾ ਡਾ. ਪਰਮਜੀਤ ਸਿੰਘ ਦੀ ਅਗਵਾਈ ਵਿੱਚ ਕਰਵਾਈਆਂ ਗਈਆਂ 69ਵੀਂਆਂ ਗਰਮ ਰੁੱਤ ਜਿਲ੍ਹਾ ਪੱਧਰੀ ਸਕੂਲ ਖੇਡਾਂ ਦੇ ਕਬੱਡੀ ਨੈਸ਼ਨਲ ਸਟਾਇਲ ਅੰਡਰ 17 ਸਾਲ ਵਿੱਚ ਕਾਮਰੇਡ ਜੰਗੀਰ ਸਿੰਘ ਜੋਗਾ ਸਰਕਾਰੀ ਸੈਕੰਡਰੀ ਸਕੂਲ (ਲੜਕੇ) ਜੋਗਾ ਦੇ ਖਿਡਾਰੀਆਂ ਨੇ ਸ਼ਾਨਦਾਰ ਪ੍ਰਦਰਸ਼ਨ ਕਰਕੇ ਚਾਂਦੀ ਦਾ ਤਗਮਾ ਹਾਸਲ ਕੀਤਾ ਹੈ। ਸਕੂਲ ਮੁਖੀ ਹੇਮਾ ਗੁਪਤਾ ਨੇ ਜੇਤੂ ਖਿਡਾਰੀਆਂ ਅਤੇ ਟੀਮ ਇੰਚਾਰਜ਼ ਹਰਦੀਪ ਸਿੰਘ ਨੂੰ ਵਧਾਈ ਦਿੰਦਿਆਂ ਉਮੀਦ ਕੀਤੀ ਕਿ ਸਕੂਲ ਦੇ ਖਿਡਾਰੀ ਭਵਿੱਖ ਵਿੱਚ ਵੀ ਸਖਤ ਮਿਹਨਤ ਕਰਕੇ ਹੋਰ ਵੱਡੀਆਂ ਪ੍ਰਾਪਤੀਆਂ ਕਰਦੇ ਰਹਿਣਗੇ।



ਲੋਕ ਬਾਣੀ ਬਾਲ ਕਵਿਤਾ ਹਰਪ੍ਰੀਤ ਪੱਤੋ

## ਸੀਟੀਆਂ ਵਾਲੇ ਬੂਟ

ਇੱਕ ਦਿਨ ਨਾਲ ਪਾਪੇ ਦੇ ਜਾ ਕੇ
ਸ਼ਹਿਰੋਂ ਬੂਟ ਲਿਆਇਆ।
ਸੀਟੀਆਂ ਵੱਜਣ ,ਲਾਈਟਾਂ ਜਗਣ,
ਜਦ ਪੈਰਾਂ ਵਿੱਚ ਪਾਇਆ।

ਮੈਥੋਂ ਚਾਅ ਨਾ ਜਾਵੇ ਚੁੱਕਿਆ,
ਲਾਹੁਣ ਨੂੰ ਜੀ ਨਾ ਕਰਦਾ।
ਵੇਖ ਵੇਖ ਕੇ ਸੋਹਣੇ ਬੂਟਾਂ ਨੂੰ
ਮੇਰਾ ਢਿੱਡ ਨਾ ਭਰਦਾ।

ਮੰਮੀ ਆਖੇ ,ਲਾਹ ਕੇ ਰੱਖ ਲੈ,
ਆਉਣ ਜਾਣ ਨੂੰ ਪਾਵੀਂ।
ਅਗਲੇ ਹਫਤੇ ਨਾਨਕਿਆਂ ਨੂੰ
ਨਾਲ ਮੇਰੇ ਤੂੰ ਜਾਵੀਂ।

ਬਿੱਟੂ,ਭੋਲਾ,ਬੰਸੀ ਆਇਆ,
ਨਾਲੇ ਆਇਆ ਭਾਨਾ।
ਕਈਆਂ ਦੇ ਘਰ ਪਈ ਲੜਾਈ
ਮੰਮੀ ਨੇ ਕੁੱਟਿਆ ਗਾਮਾ।

ਇੱਕ ਦਿਨ ਰੱਖ ਸਿਰਹਾਣੇ ਸੋ ਗਿਆ,
ਬੂਟ ਜੋ ਨਵੇਂ ਲਿਆਂਦੇ।
ਚੂਹਾ ਆਇਆ,ਚੁੱਕ ਕੇ ਲੈ ਗਿਆ,
ਸਾਡੇ ਵਿੱਚ ਬਰਾਂਡੇ।

ਸਾਰੇ ਮੇਰੇ ਬੂਟ ਟੁੱਕ ਤੇ,
ਨਾਲੇ ਟੁੱਕੀਆਂ ਲਾਈਟਾਂ।
ਬਹਿ ਗਿਆ ਫੇਰ ਚੁੱਪ ਕਰਕੇ 'ਪੱਤੋ',
ਕਿੱਥੇ ਕਰੇ ਕੰਪਲੇਟਾਂ ?

ਹਰਪ੍ਰੀਤ ਪੱਤੋ, ਸੰਪਰਕ : 94658-21417

# ਡਿਪਟੀ ਕਮਿਸ਼ਨਰ ਵੱਲੋਂ ਵਾਇਵਰੈਂਟ ਵਿਲੇਜ ਸਕੀਮ ਸਬੰਧੀ ਅਧਿਕਾਰੀਆਂ ਨਾਲ ਬੈਠਕ

## ਸਰਹੱਦੀ ਖੇਤਰਾਂ ਵਿੱਚ ਬੁਨਿਆਦੀ ਢਾਂਚੇ ਨੂੰ ਮਜਬੂਤ ਕਰਨ ਤੇ ਦਿੱਤਾ ਜੋਰ

ਫਾਜ਼ਿਲਕਾ (ਲੋਕ ਬਾਣੀ)-ਫਾਜ਼ਿਲਕਾ ਦੇ ਡਿਪਟੇ ਕਮਿਸ਼ਨਰ ਅਮਰਪ੍ਰੀਤ ਕੌਰ ਸੰਧੂ ਆਈਏਐਸ ਨੇ ਅੱਜ ਇੱਥੇ ਵਾਇਵਰੈਂਟ ਵਿਲੇਜ ਸਕੀਮ ਦੇ ਤਹਿਤ ਸਰਹੱਦੀ ਖੇਤਰਾਂ ਵਿੱਚ ਬੁਨਿਆਦੀ ਢਾਂਚੇ ਨੂੰ ਮਜਬੂਤ ਕਰਨ ਦੇ ਉਦੇਸ਼ ਨਾਲ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਨਾਲ ਬੈਠਕ ਕੀਤੀ। ਡਿਪਟੀ ਕਮਿਸ਼ਨਰ ਨੇ ਮੰਡੀ ਬੋਰਡ ਅਤੇ ਲੋਕ ਨਿਰਮਾਣ ਵਿਭਾਗ ਨੂੰ ਹਦਾਇਤ ਕੀਤੀ ਕਿ ਸਰਹੱਦੀ ਖੇਤਰਾਂ ਵਿੱਚ ਹਰ ਮੌਸਮ ਤੱਕ ਸੜਕੀ ਸੰਪਰਕ ਬਣਿਆ ਰਹੇ, ਇਸ ਪ੍ਰਕਾਰ ਦੇ ਬੁਨਿਆਦੀ ਢਾਂਚਾ ਵਿਕਸਿਤ ਕਰਨ ਲਈ ਯੋਜਨਾ ਬੰਦੀ ਕਰਨ ਦੇ ਨਿਰਦੇਸ਼ ਦਿੱਤੇ। ਉਹਨਾਂ ਨੇ ਬੀਐਸਐਨਐਲ ਨੂੰ ਹਦਾਇਤ ਕੀਤੀ ਕਿ ਇਹ ਯਕੀਨੀ ਬਣਾਇਆ ਜਾਵੇ ਕਿ ਸਾਰੇ ਪਿੰਡਾਂ ਤੱਕ 4ਜੀ ਨੈਟਵਰਕ ਉਪਲਬਧ ਹੋਵੇ ਅਤੇ ਆਪਟੀਕਲ ਫਾਈਬਰ ਦੀ ਸਹੂਲਤ ਵੀ ਸਾਰੇ ਸਰਹੱਦੀ ਪਿੰਡਾਂ ਤੱਕ ਪਹੁੰਚਾਈ ਜਾਵੇ ਤਾਂ ਜੋ ਲੋਕਾਂ ਨੂੰ ਸੰਚਾਰ ਸੁਵਿਧਾਵਾਂ ਲੈਣ ਵਿੱਚ ਕੋਈ ਦਿੱਕਤ ਨਾ ਆਵੇ। ਉਹਨਾਂ ਨੇ ਦੱਸਿਆ ਕਿ ਹਾਲਾਂਕਿ 500 ਤੋਂ ਵੱਧ ਆਬਾਦੀ ਵਾਲਾ ਜ਼ਿਲ੍ਹੇ ਦਾ ਹਰੇਕ ਪਿੰਡ ਪੱਕੀ ਸੜਕ ਮਾਰਗ ਨਾਲ ਜੁੜਿਆ ਹੋਇਆ ਹੈ। ਇਸੇ ਦੌਰਾਨ ਉਹਨਾਂ ਨੇ ਸਿੰਚਾਈ ਵਿਭਾਗ ਨੂੰ ਵੀ ਹਦਾਇਤ ਕੀਤੀ ਕਿ ਸਰਹੱਦੀ ਖੇਤਰ ਦੇ ਕਿਸਾਨਾਂ ਨੂੰ ਪਾਣੀ ਦੀ ਉਪਲਬਧਤਾ ਵੀ ਯਕੀਨੀ ਬਣਾਈ ਜਾਵੇ। ਉਹਨਾਂ ਨੇ ਕਿਹਾ ਕਿ ਸਾਰੇ ਵਿਭਾਗ ਇਸ ਸਬੰਧੀ ਯੋਜਨਾ ਬੰਦੀ ਕਰਕੇ ਪ੍ਰੋਜੈਕਟਾਂ ਨੂੰ ਸਮੇਂ ਸਿਰ ਮੁਕੰਮਲ ਕਰਨ।



# ਫਾਜ਼ਿਲਕਾ 'ਚ ਫੌਜ, ਬੀ.ਐਸ.ਐਫ. ਤੇ ਸਿਵਲ ਪ੍ਰਸ਼ਾਸਨ ਦੇ ਸਾਂਝੇ ਤਾਲਮੇਲ ਨੂੰ ਹੋਰ ਮਜ਼ਬੂਤ ਕਰਨ ਲਈ ਤਿੰਨ ਦਿਨਾਂ ਦੀ ਵਰਕਸ਼ਾਪ

ਫਾਜ਼ਿਲਕਾ, (ਰਾਜ ਅਰੋੜਾ/ਪ੍ਰਵੀਨ ਕੁਮਾਰ)-ਫਾਜ਼ਿਲਕਾ ਵਿਖੇ ਭਾਰਤੀ ਫੌਜ, ਬਾਰਡਰ ਸਿਕਿਊਰਟੀ ਫੋਰਸ (ਬੀ.ਐਸ.ਐਫ.) ਅਤੇ ਸਿਵਲ ਪ੍ਰਸ਼ਾਸਨ ਵਿਚਕਾਰ ਸਾਂਝੇ ਤਾਲਮੇਲ ਨੂੰ ਹੋਰ ਮਜ਼ਬੂਤ ਕਰਨ ਲਈ ਇੱਕ ਮਹੱਤਵਪੂਰਨ ਤਿੰਨ ਦਿਨਾਂ ਦੀ ਵਰਕਸ਼ਾਪ ਦਾ ਆਯੋਜਨ ਕੀਤਾ ਗਿਆ। ਇਸ ਵਰਕਸ਼ਾਪ ਦੌਰਾਨ ਸਰਹੱਦੀ ਖੇਤਰਾਂ ਨਾਲ ਸੰਬੰਧਿਤ ਸੁਰੱਖਿਆ, ਵਿਕਾਸ ਅਤੇ ਸਮਾਜਕ ਮੁੱਦਿਆਂ 'ਤੇ ਵਿਸਥਾਰ ਨਾਲ ਚਰਚਾ ਕੀਤੀ ਗਈ। ਵਰਕਸ਼ਾਪ ਦੇ ਪਹਿਲੇ ਦਿਨ ਭਾਰਤੀ ਫੌਜ ਦੇ ਬ੍ਰਿਗੇਡੀਅਰ ਸੁਸ਼ੀਲ ਚਾਂਦਵਾਨੀ, ਡਿਪਟੀ ਕਮਿਸ਼ਨਰ ਅਮਰਪ੍ਰੀਤ ਕੌਰ ਸੰਧੂ, ਸੀਨੀਅਰ ਪੁਲਿਸ ਕਪਤਾਨ ਗੁਰਮੀਤ ਸਿੰਘ, ਏ.ਡੀ.ਸੀ. ਡਾ. ਮਨਦੀਪ ਕੌਰ, ਐਸ.ਡੀ.ਐਮ. ਵੀਰਪਾਲ ਕੌਰ ਸਮੇਤ ਵੱਖ-ਵੱਖ ਵਿਭਾਗਾਂ ਦੇ ਜ਼ਿਲ੍ਹਾ ਮੁਖੀਆਂ ਅਤੇ ਬੀ.ਐਸ.ਐਫ. ਦੇ ਸੀਨੀਅਰ ਅਧਿਕਾਰੀਆਂ ਨੇ ਹਾਜ਼ਰੀ ਭਰੀ। ਦੂਜੇ ਦਿਨ ਵਿਭਾਗ ਅਨੁਸਾਰ ਲੰਬਿਤ ਮੁੱਦਿਆਂ 'ਤੇ ਵਿਸਥਾਰ ਨਾਲ ਗੱਲਬਾਤ ਹੋਈ। ਬੈਠਕ ਦੌਰਾਨ ਸਰਹੱਦੀ ਖੇਤਰਾਂ ਵਿੱਚ ਬੁਨਿਆਦੀ ਢਾਂਚੇ ਨੂੰ ਹੋਰ ਮਜ਼ਬੂਤ ਕਰਨ ਤੇ ਖ਼ਾਸ ਜ਼ੋਰ ਦਿੱਤਾ ਗਿਆ। ਇਸ ਦੇ ਨਾਲ ਹੀ ਸਿਵਲ ਪ੍ਰਸ਼ਾਸਨ, ਫੌਜ ਅਤੇ ਬੀ.ਐਸ.ਐਫ. ਵਿਚਕਾਰ ਤਾਲਮੇਲ ਤੇ ਸੰਚਾਰ ਨੂੰ ਹੋਰ ਪ੍ਰਭਾਵਸ਼ਾਲੀ ਬਣਾਉਣ 'ਤੇ ਚਰਚਾ ਕੀਤੀ ਗਈ, ਤਾਂ ਜੋ ਸਰਹੱਦੀ ਖੇਤਰਾਂ ਦੇ ਵਸਨੀਕਾਂ ਨੂੰ ਸੁਰੱਖਿਆ ਅਤੇ ਸਹੂਲਤਾਂ ਦੇ ਮਾਮਲੇ ਵਿੱਚ ਬਿਹਤਰ ਸਹਿਯੋਗ ਮਿਲ ਸਕੇ।



# ਕਿਸ਼ੋਰ ਸਿੱਖਿਆ ਪ੍ਰੋਗਰਾਮ ਅਧੀਨ ਜ਼ਿਲ੍ਹਾ ਪੱਧਰੀ ਐਡਵੋਕੇਸੀ ਮੀਟਿੰਗ

## ਕਿਸ਼ੋਰ ਸਿੱਖਿਆ ਨਾਲ ਸਬੰਧਿਤ ਸਮੱਸਿਆਵਾਂ ਅਤੇ ਹੱਲ ਬਾਰੇ ਦਿੱਤੀ ਜਾਣਕਾਰੀ

ਬਰਨਾਲਾ, (ਗੋਇਲ)-ਡਾਇਰੈਕਟਰ ਰਾਜ ਵਿੱਦਿਅਕ ਖੋਜ ਅਤੇ ਸਿਖ਼ਲਾਈ ਪ੍ਰੀਸ਼ਦ ਪੰਜਾਬ ਦੇ ਹੁਕਮ ਅਤੇ ਜ਼ਿਲ੍ਹਾ ਸਿੱਖਿਆ ਅਫ਼ਸਰ (ਸੈ.ਸਿ.) ਬਰਨਾਲਾ ਸੁਨੀਤਇੰਦਰ ਸਿੰਘ, ਉਪ ਜ਼ਿਲ੍ਹਾ ਸਿੱਖਿਆ ਅਫ਼ਸਰ ਬਰਜਿੰਦਰ ਪਾਲ ਸਿੰਘ ਦੀ ਰਹਿਨੁਮਾਈ ਹੇਠ ਜ਼ਿਲ੍ਹੇ ਦੇ 115 ਸਰਕਾਰੀ ਸਕੂਲ, 10 ਪ੍ਰਾਈਵੇਟ ਸਕੂਲ ਅਤੇ ਇੱਕ ਏਡਿਡ ਸਕੂਲ ਦੇ ਅਧਿਆਪਕਾਂ ਦੀ ਕਿਸ਼ੋਰ ਸਿੱਖਿਆ ਸਬੰਧੀ ਐਡਵੋਕੇਸੀ ਮੀਟਿੰਗ ਕਰਵਾਈ। ਮੀਟਿੰਗ ਦੌਰਾਨ ਜ਼ਿਲ੍ਹਾ ਸਿੱਖਿਆ ਅਫ਼ਸਰ ਸੁਨੀਤਇੰਦਰ ਸਿੰਘ ਅਤੇ ਉਪ ਜ਼ਿਲ੍ਹਾ ਸਿੱਖਿਆ ਅਫ਼ਸਰ ਬਰਜਿੰਦਰ ਪਾਲ ਸਿੰਘ ਨੇ ਸੰਬੋਧਨ ਕਰਦਿਆਂ ਅਧਿਆਪਕਾਂ ਨੂੰ ਸਕੂਲਾਂ ਵਿੱਚ ਕਿਸ਼ੋਰਾਂ ਸਬੰਧੀ ਆਉਂਦੀਆਂ ਸਮੱਸਿਆਵਾਂ ਨੂੰ ਹੱਲ ਕਰਨ ਲਈ ਅਤੇ ਵਿਦਿਆਰਥੀਆਂ ਨੂੰ ਨਸ਼ੇ ਤੋਂ ਦੂਰ ਕਰਨ ਲਈ ਅਧਿਆਪਕਾਂ ਨੂੰ ਯਤਨ ਕਰਨ ਲਈ ਪ੍ਰੇਰਿਤ ਕੀਤਾ। ਜ਼ਿਲ੍ਹਾ ਕੋਆਰਡੀਨੇਟਰ ਰੁਪਿੰਦਰ ਸਿੰਘ ਨੇ ਦੱਸਿਆ ਕਿ ਇਸ ਮੀਟਿੰਗ ਵਿੱਚ ਜ਼ਿਲ੍ਹੇ ਦੇ 252 ਅਧਿਆਪਕਾਂ ਨੇ ਹਿੱਸਾ ਲਿਆ। ਇਹ ਮੀਟਿੰਗ 6 ਬੈਚਾਂ ਵਿੱਚ ਕਰਵਾਈ ਗਈ। ਹਰ ਬੈਚ ਵਿੱਚ 42 ਅਧਿਆਪਕ ਸ਼ਾਮਲ ਸਨ।



# ਆਪ ਆਗੂ ਸਿਸੋਦੀਆ ਦਾ ਬਿਆਨ ਅਤੀ ਨਿੰਦਣਯੋਗ-ਬੀਬੀ ਵਾਲੀਆਂ

ਚਪਾ ਮੰਡੀ, ਗੋਇਲ-ਆਮ ਆਦਮੀ ਪਾਰਟੀ ਦੇ ਪੰਜਾਬ ਇੰਚਾਰਜ ਮੁਨੀਸ਼ ਕੁਮਾਰ ਸੁਸ਼ੋਦੀਆ ਵੱਲੋਂ ਪਾਰਟੀ ਦੀ ਇੱਕ ਮੀਟਿੰਗ ਵਿੱਚ ਵਰਕਰਾਂ ਨੂੰ ਸੰਬੋਧਨ ਕਰਦਿਆਂ ਪ੍ਰਯੋਗ ਕੀਤੀ ਗਈ ਸ਼ਬਦਾਵਲੀ ਦੀ ਨਿਖੇਦੀ ਕਰਦਿਆਂ ਕਾਂਗਰਸ ਪਾਰਟੀ ਦੀ ਹਲਕਾ ਭਦੌੜ ਦੀ ਮਹਿਲਾ ਆਗੂ ਬੀਬੀ ਸੁਰਿੰਦਰ ਕੌਰ ਵਾਲੀਆਂ ਨੇ ਕਿਹਾ ਕਿ ਮਨੀਸ਼ ਸਸੋਦੀਆ ਦੇ ਇਸ ਬਿਆਨ ਦੀ ਜਿੰਨੀ ਨਿੰਦਾ ਕੀਤੀ ਜਾਵੇ ਉਹ ਥੋੜੀ ਹੀ ਥੋੜੀ ਹੈ। ਉਹਨਾਂ ਕਿਹਾ ਕਿ ਮਨੀਸ਼ ਸਿਸੋਦੀਆ ਨੇ ਕਿਹਾ ਕਿ ਵਰਕਰਾਂ ਨੂੰ 2027 ਦੀਆਂ ਚੋਣਾਂ ਵਿੱਚ ਜਿੱਤ ਹਾਸਲ ਕਰਨ ਲਈ ਕਿਸੇ ਵੀ ਕਿਸਮ ਦੇ ਗਲਤ ਤਰੀਕਿਆਂ ਨੂੰ ਜਿਵੇਂ ਸ਼ਾਮ, ਦਾਮ ,ਡੰਡ,ਭੇਦ, ਲੜਾਈ ਝਗੜਾ ਕਰਨ ਲਈ ਤਿਆਰ ਲਈ ਕਿਹਾ ਗਿਆ ਹੈ ਇਹ ਨਿੰਦਨ ਯੋਗ ਹੈ। ਪਾਰਟੀ ਨੂੰ ਚੋਣਾਂ ਕਾਨੂੰਨ ਦੇ ਦਾਇਰੇ ਵਿੱਚ ਰਹਿ ਕੇ ਹੀ ਲੜਨੀਆਂ ਚਾਹੀਦੀਆਂ ਹਨ ਅਤੇ ਲੋਕ ਜਿਸ ਪਾਰਟੀ ਨੂੰ ਚਾਹੁਣਗੇ ਉਸ ਨੂੰ ਵੋਟਾਂ ਪਾ ਕੇ ਜਿਤਾ ਦੇਣਗੇ। ਬੀਬੀ ਵਾਲੀਆਂ ਨੇ ਕਿਹਾ ਕਿ ਜਿੱਤ ਹਾਰ ਹੋਣੀ ਚੋਣਾਂ ਦਾ ਇੱਕ ਹਿੱਸਾ ਹੈ। ਇੱਕ ਨੇ ਜਿਤਨਾ ਹੈ ਤੇ ਬਾਕੀਆਂ ਨੇ ਹਾਰਨਾ ਹੈ। ਪਰ ਸਾਨੂੰ ਕਦੀ ਵੀ ਆਪਣੇ ਵਰਕਰਾਂ ਨੂੰ ਗਲਤ ਤਰੀਕੇ ਅਪਣਾਉਣ ਦੀ ਹਦਾਇਤ ਜਾਂ ਨਸੀਅਤ ਨਹੀਂ ਦੇਣੀ ਚਾਹੀਦੀ ।ਇਸ ਮੌਕੇ ਉਹਨਾਂ ਨਾਲ ਸੁਖਵਿੰਦਰ ਸਿੰਘ ਮਹਿਤਾ ਤੋਂ ਇਲਾਵਾ ਹੋਰ ਕਈ ਪਾਰਟੀ ਵਰਕਰ ਵੀ ਹਾਜ਼ਰ ਸਨ।



# ਬਲਾਕ ਖੂਈਖੇੜਾ ਵਿੱਚ ਵਿਸ਼ੇਸ਼ ਟੀਕਾਕਰਨ ਮੁਹਿੰਮ ਚਲਾਈ ਗਈ

## ਮੁਹਿੰਮ ਦਾ ਮੁੱਖ ਉਦੇਸ਼ ਸਾਰੇ ਬੱਚਿਆਂ ਦਾ ਪੂਰੀ ਤਰ੍ਹਾਂ ਟੀਕਾਕਰਨ ਕਰਨਾ ਹੈ: ਐਸਐਮਓ ਡਾ. ਗੋਇਲ

ਫਾਜ਼ਿਲਕਾ, (ਰਾਜ ਅਰੋੜਾ/ਪ੍ਰਵੀਨ ਕੁਮਾਰ): ਸਿਵਲ ਸਰਜਨ ਫਾਜ਼ਿਲਕਾ ਡਾ. ਰਾਜ ਕੁਮਾਰ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ, ਜ਼ਿਲ੍ਹਾ ਟੀਕਾਕਰਨ ਅਫ਼ਸਰ ਡਾ. ਅਰਪਿਤ ਗੁਪਤਾ ਦੀ ਅਗਵਾਈ ਅਤੇ ਸਹਾਇਕ ਸਿਵਲ ਸਰਜਨ ਅਤੇ ਸੀਨੀਅਰ ਮੈਡੀਕਲ ਅਫ਼ਸਰ ਸੀਐੱਚਸੀ ਖੂਈਖੇੜਾ ਡਾ. ਰੋਹਿਤ ਗੋਇਲ ਦੀ ਨਿਗਰਾਨੀ ਹੇਠ, ਬਲਾਕ ਖੂਈਖੇੜਾ ਵਿੱਚ ਵੱਖ-ਵੱਖ ਟੀਕਿਆਂ ਤੋਂ ਵਾਂਝੇ ਬੱਚਿਆਂ ਦਾ ਪੂਰਾ ਟੀਕਾਕਰਨ ਕਰਨ ਲਈ 23 ਅਗਸਤ ਤੱਕ ਇੱਕ ਵਿਸ਼ੇਸ਼ ਮੁਹਿੰਮ ਚਲਾਈ ਜਾ ਰਹੀ ਹੈ। ਜਿਸ ਵਿੱਚ ਉਨ੍ਹਾਂ ਸਾਰੇ ਬੱਚਿਆਂ ਨੂੰ ਕਵਰ ਕੀਤਾ ਜਾਵੇਗਾ ਜੋ ਕਿਸੇ ਕਾਰਨ ਕਰਕੇ ਹੁਣ ਤੱਕ ਟੀਕਾਕਰਨ ਨਹੀਂ ਕਰਵਾ ਸਕੇ। ਇਸ ਸਬੰਧ ਵਿੱਚ ਵਧੇਰੇ ਜਾਣਕਾਰੀ ਦਿੰਦੇ ਹੋਏ ਐਸਐਮਓ ਡਾ. ਗੋਇਲ ਨੇ ਕਿਹਾ ਕਿ ਇਸ ਮੁਹਿੰਮ ਦਾ ਮੁੱਖ ਉਦੇਸ਼ ਸਾਰੇ ਬੱਚਿਆਂ ਦਾ ਪੂਰੀ ਤਰ੍ਹਾਂ ਟੀਕਾਕਰਨ ਕਰਨਾ ਹੈ ਤਾਂ ਜੋ ਬੱਚਿਆਂ ਨੂੰ ਸਾਰੀਆਂ ਘਾਤਕ ਬਿਮਾਰੀਆਂ ਤੋਂ ਬਚਾਇਆ ਜਾ ਸਕੇ। ਐਸਐਮਓ ਡਾ. ਗੋਇਲ ਨੇ ਵਿਭਾਗ ਵੱਲੋਂ ਇਲਾਕਾ ਨਿਵਾਸੀਆਂ ਨੂੰ ਅਪੀਲ ਕੀਤੀ ਹੈ ਕਿ ਉਹ ਆਪਣੇ ਬੱਚਿਆਂ ਦਾ ਪੂਰਾ ਟੀਕਾਕਰਨ ਜ਼ਰੂਰ ਕਰਵਾਉਣ ਤਾਂ ਜੋ ਉਨ੍ਹਾਂ ਨੂੰ ਪੂਰੀ ਤਰ੍ਹਾਂ ਟੀਕਾਕਰਨ ਕਰਵਾ ਕੇ ਘਾਤਕ ਬਿਮਾਰੀਆਂ ਤੋਂ ਬਚਾਇਆ ਜਾ ਸਕੇ।



# ਕੌਮਾਂਤਰੀ ਸੀਨੀਅਰ ਸਿਟੀਜਨ ਦਿਵਸ ਮੌਕੇ ਬਿਰਧ ਆਸ਼ਰਮ ਰੌਗਲਾ ਵਿੱਖੇ ਜਾਗਰੂਕਤਾ ਸੈਮੀਨਾਰ ਤੇ ਮੈਡੀਕਲ ਕੈਂਪ ਆਯੋਜਿਤ

## ਲੋਕ ਮੁਫ਼ਤ ਕਾਨੂੰਨੀ ਸੇਵਾਵਾਂ ਦਾ ਵੱਧ ਤੋਂ ਵੱਧ ਲਾਹਾ ਲੈਣ - ਪੈਰਾ ਲੀਗਲ ਵਲੰਟੀਅਰ ਭਗਵਾਨ ਦਾਸ ਗੁਪਤਾ

ਪਟਿਆਲਾ (ਲੋਕ ਬਾਣੀ)-ਮਾਨਯੋਗ ਮੈਡਮ ਅਮਨਦੀਪ ਕੰਬੋਜ ਚੀਫ਼ ਜੁਡੀਸਅਲ ਮੈਜਿਸਟਰੇਟ ਕਮ ਸੈਕਟਰੀ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਪਟਿਆਲਾ ਵਲੋਂ ਜ਼ਿਲ੍ਹਾ ਸਾਂਝ ਕੇਂਦਰ ਅਤੇ ਸੋਸ਼ਲ ਅਵੇਰਨੈੱਸ ਟ?ਰੈਡਜ਼ ਹੁੱਕ (ਸਾਥ) ਪਟਿਆਲਾ ਦੇ ਸਹਿਯੋਗ ਨਾਲ ਇੱਕ ਮੁਫ਼ਤ ਕਾਨੂੰਨੀ ਸੇਵਾਵਾਂ ਜਾਗਰੂਕਤਾ ਸੈਮੀਨਾਰ ਡੇ ਕੇਅਰ ਕੇਂਦਰ ਬਿਰਧ ਆਸ਼ਰਮ ਰੌਗਲਾ ਪਟਿਆਲਾ ਵਿਖੇ ਆਯੋਜਿਤ ਕੀਤਾ ਗਿਆ। ਸੈਮੀਨਾਰ ਵਿੱਚ ਪ੍ਰਸਿੱਧ ਮੋਟੀਵੇਸਨਲ ਸਪੀਕਰ ਤੇ ਉੱਘੇ ਸਮਾਜਸੇਵੀ ਭਗਵਾਨ ਦਾਸ ਗੁਪਤਾ ਪੈਰਾ ਲੀਗਲ ਵਲੰਟੀਅਰ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਪਟਿਆਲਾ ਵਲੋਂ ਮੁਫ਼ਤ ਕਾਨੂੰਨੀ ਸੇਵਾਵਾਂ ਅਤੇ ਲੋਕ ਅਦਾਲਤਾਂ ਦੇ ਲਾਭ ਬਾਰੇ ਦੱਸਦਿਆਂ ਅਥਾਰਟੀ ਵੱਲੋਂ ਦਿੱਤੀਆਂ ਜਾਂਦੀਆਂ ਮੁਫ਼ਤ ਕਾਨੂੰਨੀ ਸੇਵਾਵਾਂ ਅਤੇ ਪੰਜਾਬ ਵਿਕਟਿਮ ਕੰਪਨਸੇਸ਼ਨ ਸਕੀਮ-2017, ਸਾਈਬਰ ਕਰਾਈਮ ਸੁਰੱਖਿਆ, ਸਥਾਈ ਲੋਕ ਅਦਾਲਤ ਅਤੇ 13 ਸਤੰਬਰ ਨੂੰ ਲੱਗਣ ਜਾ ਰਹੀ ਨੈਸ਼ਨਲ ਲੋਕ ਅਦਾਲਤ ਬਾਰੇ ਜਾਣਕਾਰੀ ਦਿੱਤੀ, ਕੋਲ ਫਰੀ ਨੰਬਰ 15100 ਬਾਰੇ ਦੱਸਿਆ ਅਤੇ ਲੋਕਾਂ ਨੂੰ ਕਾਨੂੰਨੀ ਸੇਵਾਵਾਂ ਦਾ ਵੱਧ ਤੋਂ ਵੱਧ ਲਾਹਾ ਲੈਣ ਦੀ ਅਪੀਲ ਕੀਤੀ।?



# ਸਿਵਲ ਹਸਪਤਾਲ 'ਚ 70 ਲੱਖ ਦੀ ਲਾਗਤ ਨਾਲ ਬਣੇਗਾ ਮਰੀਜ਼ਾਂ ਲਈ ਸੁਵਿਧਾ ਕੇਂਦਰ, ਸਿਵਲ ਸਰਜਨ

## ਕੇਂਦਰ ਵਿੱਚ ਮਰੀਜ਼ਾਂ ਲਈ ਰਜਿਸਟਰੇਸ਼ਨ ਕਾਊਂਟਰ, ਏ.ਸੀ. ਰੱਖਣ ਵਾਲਾ ਇੱਕ ਵੇਟਿੰਗ ਹਾਲ ਹੋਵੇਗਾ

ਬਰਨਾਲਾ, ( ਗੋਇਲ)-ਸਿਵਲ ਹਸਪਤਾਲ ਬਰਨਾਲਾ ਵਿਖੇ ਮਰੀਜ਼ਾਂ ਦੀ ਰਜਿਸਟ ?ਰੇਸ਼ਨ ਲਈ ਕਾਊਂਟਰ ਅਤੇ ਏ.ਸੀ. ਵਾਲਾ ਵੇਟਿੰਗ ਹਾਲ ਮੁਹੱਈਆ ਕਰਵਾਉਣ ਲਈ 70 ਲੱਖ ਰੁਪਏ ਦੀ ਲਾਗਤ ਨਾਲ ਸੁਵਿਧਾ ਕੇਂਦਰ ਬਣਾਇਆ ਜਾਣਾ ਹੈ। ਇਹ ਮਰੀਜ਼ਾਂ/ ਉਨ੍ਹਾਂ ਦੇ ਪਰਿਵਾਰਕ ਮੈਂਬਰਾਂ ਲਈ ਇਲਾਜ ਲਈ ਰਜਿਸਟਰ ਕਰਾਉਣ ਵਿੱਚ ਮਦਦਗਾਰ ਹੋਵੇਗਾ ਅਤੇ ਉਹਨਾਂ ਨੂੰ ਵੇਟਿੰਗ ਰੂਮ ਦੀ ਵੀ ਸੁਵਿਧਾ ਮੁਹਈਆ ਕਰਵਾਈ ਜਾਵੇਗੀ। ਇਸ ਸਬੰਧੀ ਜਾਣਕਾਰੀ ਦਿੰਦਿਆਂ ਸਿਵਲ ਸਰਜਨ ਬਰਨਾਲਾ ਡਾ: ਬਲਜੀਤ ਸਿੰਘ ਨੇ ਦੱਸਿਆ ਕਿ ਹਸਪਤਾਲ ਦੀ ਚਾਰਦੀਵਾਰੀ ਵਿੱਚ ਜਗ ?ਹਾ ਦੀ ਘਾਟ ਕਾਰਨ ਇਸ




ਸੈਂਟਰ ਨੂੰ ਸਥਾਪਿਤ ਕਰਨ ਲਈ ਕੋਈ ਹੋਰ ਢੁੱਕਵੀਂ ਥਾਂ ਉਪਲਬਧ ਨਹੀਂ ਹੈ। ਸਰਕਾਰ ਦੀਆਂ ਹਦਾਇਤਾਂ ਅਨੁਸਾਰ ਮਰੀਜ਼ਾਂ ਨੂੰ ਸੁਵਿਧਾ ਕੇਂਦਰ ਪਹੁੰਚਣ 'ਚ ਕਿਸੇ ਪ੍ਰਕਾਰ ਦੀ ਸਮਸਿਆ ਨਹੀਂ ਆਉਣੀ ਚਾਹੀਦੀ। ਉਨ੍ਹਾਂ ਕਿਹਾ ਕਿ ਹਸਪਤਾਲ ਦੀ ਚਾਰਦੀਵਾਰੀ ਵਿੱਚ ਕੋਈ ਵੀ ਅਸੁਰੱਖਿਅਤ ਇਮਾਰਤ ਨਹੀਂ ਹੈ, ਜਿਸ ਨੂੰ ਢਾਹ ਕੇ ਕੇਂਦਰ ਲਈ ਨਵੀਂ ਇਮਾਰਤ ਬਣਾਈ ਜਾ ਸਕਦੀ ਹੋਵੇ।

# ਐਨ.ਪੀ.ਈ.ਪੀ ਤਹਿਤ ਬਲਾਕ ਮੁਕਤਸਰ -1 ਦੇ ਬਲਾਕ ਪੱਧਰੀ ਰੋਲ ਪਲੇਅ ਅਤੇ ਲੋਕ ਨਾਚ ਮੁਕਾਬਲੇ ਕਰਵਾਏ ਗਏ

ਸ੍ਰੀ ਮੁਕਤਸਰ ਸਾਹਿਬ - ਜਸਵਿੰਦਰ ਪਾਲ ਸ਼ਰਮਾ - ਸਕੂਲ ਸਿੱਖਿਆ ਵਿਭਾਗ ਪੰਜਾਬ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਐਨ.ਪੀ.ਈ.ਪੀ ਤਹਿਤ ਬਲਾਕ ਮੁਕਤਸਰ -1 ਦੇ ਬਲਾਕ ਪੱਧਰੀ ਰੋਲ ਪਲੇਅ ਅਤੇ ਲੋਕ ਨਾਚ ਮੁਕਾਬਲੇ ਮਾਨਯੋਗ ਜਿਲ੍ਹਾ ਸਿੱਖਿਆ ਅਫਸਰ ਸ੍ਰੀ ਜਸਪਾਲ ਮੋਂਗਾ ਅਤੇ ਉੱਪ ਜ਼ਿਲ੍ਹਾ ਸਿੱਖਿਆ ਅਫਸਰ ਰਾਜਿੰਦਰ ਕੁਮਾਰ ਸੋਨੀ ਜੀ ਦੀ ਯੋਗ ਅਗਵਾਈ ਹੇਠ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ (ਲੜਕੇ) ਮੁਕਤਸਰ ਵਿਖੇ ਕਰਵਾਏ ਗਏ। ਇਹ ਮੁਕਾਬਲੇ ਬਲਾਕ ਮੁਕਤਸਰ -1 ਦੇ ਬਲਾਕ ਨੋਡਲ ਅਫਸਰ ਸੁਖਵਿੰਦਰ ਪਾਲ ਸਿੰਘ, ਸਹਾਇਕ ਬਲਾਕ ਨੋਡਲ ਅਫ਼ਸਰ ਪ੍ਰੀਤਮ ਸਿੰਘ ਅਤੇ ਮੁੱਖ ਪ੍ਰਬੰਧਕ ਪੂਜਾ ਬੱਤਰਾ ਲੈਕਚਰਾਰ ਪੰਜਾਬੀ ਦੀ ਯੋਗ ਰਹਿਨੁਮਾਈ ਹੇਠ ਕਰਵਾਏ ਗਏ। ਇਹਨਾਂ ਮੁਕਾਬਲਿਆਂ ਵਿੱਚ ਪ੍ਰਵੀਨ ਸ਼ਰਮਾ ਲੈਕਚਰਾਰ ਅਰਥ ਸ਼ਾਸ਼ਤਰ, ਨਵਦੀਪ ਕੌਰ ਇੰਗਲਿਸ਼ ਮਿਸਟਰੈਸ, ਨਸੀਬ ਕੌਰ ਲੈਕਚਰਾਰ ਪੰਜਾਬੀ ਅਤੇ ਤੇਜਿੰਦਰ ਸਿੰਘ ਰਿਟਾਇਰਡ ਲੈਕਚਰਾਰ ਨੇ ਜਜਮੈਂਟ ਦੀ ਭੂਮਿਕਾ ਨਿਭਾਈ। ਇਸੇ ਤਰ੍ਹਾਂ ਰਜਿਸਟਰੇਸ਼ਨ ਦੇ ਲਈ ਪ੍ਰਭਜੀਤ ਸਿੰਘ ਇੰਗਲਿਸ਼ ਮਾਸਟਰ, ਜਸਮਤ ਸਿੰਘ ਕੰਪਿਊਟਰ ਫੈਕਲਟੀ ਨੇ ਅਹਿਮ ਭੂਮਿਕਾ ਨਿਭਾਈ। ਇਹਨਾਂ ਮੁਕਾਬਲਿਆਂ ਵਿੱਚ ਪਹੁੰਚੀਆਂ ਹੋਈਆਂ ਟੀਮਾਂ ਵਿੱਚੋਂ ਰੋਲ ਪਲੇਅ ਮੁਕਾਬਲੇ ਦੇ ਵਿੱਚ ਸਰਕਾਰੀ ਹਾਈ ਸਕੂਲ (ਲੜਕੇ) ਭੰਗੇਵਾਲਾ ਦੇ ਵਿਦਿਆਰਥੀਆਂ ਨੇ ਪਹਿਲਾਂ ਸਥਾਨ ਹਾਸਿਲ ਕੀਤਾ ਅਤੇ ਇਸੇ ਤਰ੍ਹਾਂ ਹੀ ਲੋਕ ਨਾਚ



ਮੁਕਾਬਲੇ ਦੇ ਵਿੱਚ ਸ਼ਹੀਦ ਪ੍ਰਭਜੋਤ ਸਿੰਘ ਸਰਕਾਰੀ ਹਾਈ ਸਕੂਲ ਬੂੜਾ ਗੁੱਜਰ ਦੇ ਵਿਦਿਆਰਥੀਆਂ ਨੇ ਪਹਿਲਾ ਸਥਾਨ ਹਾਸਿਲ ਕੀਤਾ।

# ਸ੍ਰੀ ਗੁਰੂ ਤੇਗ ਬਹਾਦਰ ਕਾਲਜ ਵੂਮੈਨ ਦੀ ਵਿਦਿਆਰਥਣ ਨੇ ਇਮਤਿਹਾਨ 'ਚ ਸ਼ਾਨਦਾਰ ਨਤੀਜਾ ਹਾਸਲ ਕੀਤਾ

ਅੰਮ੍ਰਿਤਸਰ, (ਨਿਸ਼ਾਨ ਸਿੰਘ)—ਸ੍ਰੀ ਗੁਰੂ ਤੇਗ ਬਹਾਦਰ ਕਾਲਜ ਫਾਰ ਵੂਮੈਨ ਦੀ ਵਿਦਿਆਰਥਣ ਨੇ ਯੂਨੀਵਰਸਿਟੀ ਵੱਲੋਂ ਲਈ ਗਈ ਬੀ. ਕਾਮ ਸਮੈਸਟਰ ਚੌਥਾ ਦੀ ਪ੍ਰੀਖਿਆ 'ਚ ਸ਼ਾਨਦਾਰ ਨਤੀਜੇ ਨਾਲ ਜ਼ਿਲ੍ਹੇ 'ਚ ਪਹਿਲਾ ਅਤੇ ਯੂਨੀਵਰਸਿਟੀ 'ਚ ਦੂਜਾ ਸਥਾਨ ਹਾਸਲ ਕਰਕੇ ਕਾਲਜ ਅਤੇ ਮਾਪਿਆ ਦਾ ਨਾਮ ਰੌਸ਼ਨ ਕੀਤਾ ਹੈ। ਇਸ ਮੌਕੇ ਕਾਲਜ ਪ੍ਰਿੰਸੀਪਲ ਡਾ. ਲਕਸ਼ਮੀ ਮਲਹੋਤਰਾ ਨੇ ਉਕਤ ਸਬੰਧਿਤ ਸਟਾਫ਼ ਅਤੇ ਵਿਦਿਆਰਥਣ ਨੂੰ ਇਸ ਸ਼ਾਨਦਾਰ ਪ੍ਰਾਪਤੀ 'ਤੇ ਵਧਾਈ ਦਿੰਦਿਆਂ ਦੱਸਿਆ ਕਿ ਬੀ. ਕਾਮ. ਚੌਥੇ ਸਮੈਸਟਰ ਦੀ ਗੁਰਲੀਨ ਕੌਰ ਨੇ 8.62 ਐੱਸ. ਜੀ. ਪੀ. ਏ. ਪ੍ਰਾਪਤ ਕਰਕੇ ਕਾਲਜ ਦਾ ਮਾਣ ਵਧਾਇਆ ਹੈ। ਉਨ੍ਹਾਂ ਨੇ ਫ਼ੈਕਲਟੀ ਮੈਂਬਰਾਂ ਨਾਲ ਮਿਲ ਕੇ ਵਿਦਿਆਰਥਣ ਦਾ ਮੂੰਹ ਮਿੱਠਾ ਕਰਵਾਉਂਦਿਆਂ ਉਸ ਨੂੰ ਭਵਿੱਖ 'ਚ ਵੀ ਇਸੇ ਤਰ੍ਹਾਂ ਹੋਰ ਉਚ ਮੁਕਾਮ ਹਾਸਲ ਕਰਨ ਲਈ ਸ਼ੁਭਇੱਛਾਵਾਂ ਭੇਂਟ ਕੀਤੀਆਂ।



# ਸੇਫ ਸਕੂਲ ਵਾਹਨ ਪਾਲਿਸੀ ਨੂੰ ਸਖਤੀ ਨਾਲ ਲਾਗੂ ਕਰਨ ਸਬੰਧੀ ਗਤੀਵਿਧੀਆਂ ਜਾਰੀ, ਸਕੂਲ ਬੱਸਾਂ ਦੇ ਕੱਟੇ 17 ਚਲਾਨ

## ਅਰਨੀਵਾਲਾ ਖੇਤਰ ਵਿਚ ਸੇਫ ਸਕੂਲ ਵਾਹਨ ਦੀ ਟੀਮ ਵੱਲੋਂ ਕੀਤੀ ਗਈ ਚੈਕਿੰਗ

ਫਾਜ਼ਿਲਕਾ (ਰਾਜ ਅਰੋੜਾ/ਪ੍ਰਵੀਨ ਕੁਮਾਰ)-ਜ਼ਿਲ੍ਹੇ ਵਿੱਚੇ ਸੇਫ ਸਕੂਲ ਵਾਹਨ ਪਾਲਿਸੀ ਨੂੰ ਸਖਤੀ ਨਾਲ ਲਾਗੂ ਕਰਨ ਸਬੰਧੀ ਸੇਫ ਸਕੂਲ ਵਾਹਨ ਦੀ ਟੀਮ ਵੱਲੋਂ ਲਗਾਤਾਰ ਗਤੀਵਿਧੀਆਂ ਕੀਤੀਆਂ ਜਾ ਰਹੀਆਂ ਹਨ। ਜ਼ਿਲ੍ਹੇ ਵਿੱਚ ਸੇਫ ਸਕੂਲ ਵਾਹਨ ਪਾਲਿਸੀ ਤਹਿਤ ਨਿਯਮ ਦੀ ਉਲੰਘਣਾ ਕਰਨ ਵਾਲੀਆਂ ਸਕੂਲ ਬੱਸਾਂ ਦੇ ਲਗਾਤਾਰ ਚਲਾਨ ਕਟੇ ਜਾ ਰਹੇ ਹਨ ਅਤੇ ਖਰਾਬ ਬੱਸਾਂ ਨੂੰ ਜਬਤ ਕੀਤਾ ਜਾ ਰਿਹਾ ਹੈ। ਸਕੂਲ ਸੇਫ ਸਕੂਲ ਵਾਹਨ ਪਾਲਿਸੀ ਦੀਆ ਸ਼ਰਤਾਂ ਨੂੰ ਲਾਗੂ ਨਾ ਕਰਨ ਵਾਲਿਆਂ ਵਿਰੁੱਧ ਸਖ਼ਤ ਕਾਰਵਾਈ ਕੀਤੀ ਜਾਵੇਗੀ। ਜ਼ਿਲ੍ਹਾ ਬਾਲ ਸੁਰੱਖਿਆ ਦਫਤਰ, ਟਰਾਂਸਪੋਰਟ ਵਿਭਾਗ, ਟਰੈਫਿਕ ਪੁਲਿਸ ਅਤੇ ਸਿਖਿਆ ਵਿਭਾਗ




ਦੀ ਸਾਂਝੀ ਟੀਮ ਵੱਲੋਂ ਅਰਨੀਵਾਲਾ ਖੇਤਰ ਵਿਚ ਚੈਕਿੰਗ ਕੀਤੀ ਗਈ, ਸਕੂਲ ਬੱਸਾਂ ਦੇ 17 ਚਲਾਨ ਕੱਟੇ ਗਏ। ਬਾਲ ਸੁਰੱਖਿਆ ਅਫ਼ਸਰ ਰੀਤੂ ਬਾਲਾ ਨੇ ਦੱਸਿਆ ਕਿ ਪਾਲਸੀ ਅਨੁਸਾਰ ਸਕੂਲ ਬੱਸਾਂ ਵਿਚ ਲੋੜੀਂਦੀਆਂ ਸਹੂਲਤਾਂ ਹੋਣੀਆਂ ਚਾਹੀਦੀਆਂ ਹਨ ਜਿਵੇਂ ਕਿ ਸਕੂਲ ਜਾਣ ਵਾਲੇ ਬੱਚਿਆਂ ਨਾਲ ਸਬੰਧਤ ਖਾਸ ਲੋੜਾਂ ਦਾ ਧਿਆਨ ਰੱਖਣਾ *ਸਾਰੀਆਂ ਸਕੂਲ ਬੱਸਾਂ ਦਾ ਰੰਗ ਪੀਲਾ ਹੋਵੇਗਾ।

# ਖਾਲਸਾ ਵੈਟਰਨਰੀ ਹਸਪਤਾਲ ਵਿਖੇ ਨਵੀਂ ਅਲਟਰਾਸਾਊਂਡ ਮਸ਼ੀਨ ਲਗਾਈ ਗਈ

ਅੰਮ੍ਰਿਤਸਰ, (ਨਿਸ਼ਾਨ ਸਿੰਘ)—ਖਾਲਸਾ ਕਾਲਜ ਵੈਟਰਨਰੀ ਹਸਪਤਾਲ ਵਿਖੇ ਡਾਇਗਨੋਸਟਿਕਸ ਸਹੂਲਤਾਂ ਨੂੰ ਵਧਾਉਣ ਦੇ ਮਕਸਦ ਤਹਿਤ ਇਕ ਨਵੀਂ ਅਲਟਰਾਸਾਊਂਡ ਮਸ਼ੀਨ ਸਥਾਪਿਤ ਕੀਤੀ ਗਈ। ਉਕਤ ਮਸ਼ੀਨ 'ਸੀਡੀ ਏਲੀਟ ਵੈਟਰਨਰੀ ਅਲਟਰਾਸਾਊਂਡ' ਕ੍ਰਿਸਟਲ ਕਲੀਅਰ ਇਮੇਜਿੰਗ, ਤੇਜ਼ ਅਤੇ ਸਹੀ ਨਿਦਾਨ ਲਈ ਤਿੰਨ ਪ੍ਰੋਬਾਂ ਨਾਲ ਲੈਸ ਹੈ। ਇਸ ਸਬੰਧੀ ਕਾਲਜ ਪ੍ਰਿੰਸੀਪਲ ਡਾ. ਹਰੀਸ਼ ਕੁਮਾਰ ਵਰਮਾ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਉਕਤ ਮਸ਼ੀਨ ਪਸ਼ੂਆਂ, ਮੱਝਾਂ, ਘੋੜਿਆਂ, ਕੁੱਤਿਆਂ ਅਤੇ ਬਿੱਲੀਆਂ 'ਚ ਪ੍ਰਜਨਨ ਸਿਹਤ, ਗਰਭ ਅਵਸਥਾ ਨਿਦਾਨ, ਜਿਗਰ ਅਤੇ ਗੁਰਦੇ ਦੀ ਇਮੇਜਿੰਗ, ਡਾਇਆਫ ?ਰੈਗਮੈਟਿਕ ਹਰਨੀਆ, ਟ ?ਰੌਮੈਟਿਕ ਰੈਟੀਕੁਲੋ-ਪੈਰੀਟੋਨਾਈਟਿਸ, ਆਂਦਰਾਂ ਦੀ ਰੁਕਾਵਟ,



ਇੰਟਸਸੈਪਸ਼ਨ ਅਤੇ ਹੋਰਾਂ ਸਮੇਤ ਵੱਖ-ਵੱਖ ਆਮ ਸਰੀਰਿਕ ਮਾਪਦੰਡਾਂ ਅਤੇ ਬਿਮਾਰੀ ਵਾਲੀਆਂ ਸਥਿਤੀਆਂ ਦੀ ਜਾਂਚ ਕਰਨ ਸਬੰਧੀ ਲੈਸ ਹੈ। ਇਸ ਮੌਕੇ ਡਾ. ਵਰਮਾ ਨੇ ਕਲੀਨਿਕਲ ਵਿਭਾਗਾਂ ਦੇ ਮੁਖੀਆਂ ਅਤੇ ਫੈਕਲਟੀ ਦੀ ਮੌਜੂਦਗੀ 'ਚ ਨਵੀਂ ਸਹੂਲਤ ਦਾ ਉਦਘਾਟਨ ਕਰਨ ਉਪਰੰਤ ਕਿਹਾ ਕਿ ਇਹ ਡਾਇਗਨੋਸਟਿਕਸ ਸਹੂਲਤ ਪਸ਼ੂ ਮਾਲਕਾਂ ਅਤੇ ਪਾਲਤੂ ਜਾਨਵਰਾਂ ਦੇ ਪ੍ਰੇਮੀਆਂ ਲਈ ਵੱਖ-ਵੱਖ ਸਿਹਤ ਮੁੱਦਿਆਂ ਦੇ ਜਾਨਵਰਾਂ 'ਚ ਤੁਰੰਤ ਅਤੇ ਸਟੀਕ ਨਿਦਾਨ ਲਈ ਇਕ ਵਰਦਾਨ ਸਾਬਿਤ ਹੋਵੇਗੀ। ਉਨ੍ਹਾਂ ਕਿਹਾ ਕਿ ਉਕਤ ਸਹੂਲਤ ਖਾਸ ਤੌਰ 'ਤੇ ਡੇਅਰੀ ਜਾਨਵਰਾਂ ਅਤੇ ਘੋੜਿਆਂ ਦੀਆਂ ਜ਼ਰੂਰਤਾਂ ਨੂੰ ਪੂਰਾ ਕਰੇਗੀ, ਕਿਉਂਕਿ ਹਸਪਤਾਲ ਪਹਿਲਾਂ ਹੀ ਪਾਲਤੂ ਜਾਨਵਰਾਂ ਲਈ ਇਕ ਹੋਰ ਅਲਟਰਾਸਾਊਂਡ ਮਸ਼ੀਨ ਨਾਲ ਲੈਸ ਹੈ।

# ਐਸਐਸਪੀ ਬਰਨਾਲਾ ਨੇ ਤਰੱਕੀਯਾਬ ਹੋਏ ਹੌਲਦਾਰਾਂ ਨੂੰ ਪਿੰਪਿੰਗ ਕੀਤੀ

ਬਰਨਾਲਾ ( ਗੋਇਲ)-ਪੰਜਾਬ ਸਰਕਾਰ ਵੱਲੋਂ ਪੁਲਿਸ ਮਹਿਕਮੇ ਵਿੱਚ ਸਮੇਂ ਸਮੇਂ ਤੇ ਪੁਲਿਸ ਕਰਮਚਾਰੀਆਂ ਦੀਆਂ ਤਰਕੀਆਂ ਕੀਤੀਆਂ ਜਾ ਰਹੀਆਂ ਹਨ ।ਬਰਨਾਲਾ ਜਿਲਾ ਅੰਦਰ ਹੌਲਦਾਰ ਵੱਜੋ ਤਰੱਕੀਯਾਬ ਹੋਏ ਕਰਮਚਾਰੀਆਂ ਦੀ ਪਿਪਿੰਗ ਦੀ ਰਸਮ ਐਸਐਸਪੀ ਬਰਨਾਲਾ ਸਰਫਰਾਜ ਆਲਮ ਨੇ ਅਦਾ ਕੀਤੀ।। ਉਹਨਾਂ ਨੂੰ ਵਧਾਈ ਦੇ ਕੇ ਭਵਿੱਖ ਵਿੱਚ ਹੋਰ ਵੀ ਲਗਨ ਅਤੇ ਮਿਹਨਤ ਨਾਲ ਡਿਊਟੀ ਕਰਨ ਲਈ ਪ੍ਰੇਰਿਤ ਕੀਤਾ । ਤਰੱਕੀਯਾਬ ਹੋਏ ਪੁਲਿਸ ਕਰਮਚਾਰੀਆਂ ਨੇ ਐਸਐਸਪੀ ਬਰਨਾਲਾ ਨੂੰ ਵਿਸ਼ਵਾਸ ਦਿਵਾਇਆ ਕਿ ਉਹ ਪੂਰੀ ਮਿਹਨਤ ਅਤੇ ਇਮਾਨਦਾਰੀ ਨਾਲ ਆਪਣੀ ਡਿਊਟੀ ਨਿਭਾਉਂਦੇ ਰਹਿਣਗੇ।



# ਝੋਨੇ ਦੀ ਪਰਾਲੀ ਦੀ ਸਾਂਭ, ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਕਲੱਸਟਰ ਅਫਸਰ, ਨੋਡਲ ਅਫਸਰ ਤੈਨਾਤ ਕੀਤੇ ਗਏ

## ਡਿਪਟੀ ਕਮਿਸ਼ਨਰ ਵੱਲੋਂ ਕਿਸਾਨਾਂ ਨੂੰ ਪਰਾਲੀ ਨੂੰ ਅੱਗ ਨਾ ਲਗਾਉਣ ਦੀ ਅਪੀਲ

ਬਰਨਾਲਾ, ( ਗੋਇਲ)-ਕਿਸਾਨਾਂ ਨੂੰ ਝੋਨੇ ਦੀ ਪਰਾਲੀ ਨੂੰ ਅੱਗ ਨਾ ਲਗਾਉਣ ਅਤੇ ਉਸ ਨੂੰ ਖੇਤਾਂ ਵਿਚ ਹੀ ਰਲਾਉਣ ਲਈ ਪੰਜਾਬ ਸਰਕਾਰ ਵੱਲੋਂ ਵੱਖ ਵੱਖ ਖੇਤੀ ਸੰਦ ਪਿੰਡਾਂ 'ਚ ਸਹਿਕਾਰਤਾ ਸਭਾਵਾਂ ਰਾਹੀਂ ਮੁਹਈਆ ਕਰਵਾਏ ਜਾ ਰਹੇ ਹਨ। ਇਸ ਸਬੰਧੀ ਸਾਰੇ ਪਿੰਡਾਂ 'ਚ ਮੌਜੂਦ ਸੰਦਾਂ ਦੀਆਂ ਲਿਸਟਾਂ ਖੇਤੀਬਾੜੀ ਵਿਭਾਗ, ਸਹਿਕਾਰਤਾ ਵਿਭਾਗ, ਪਰਾਲੀ ਸਬੰਧੀ ਤੈਨਾਤ ਕਲਸਟਰ ਅਫਸਰ ਅਤੇ ਨੋਡਲ ਅਫਸਰਾਂ ਨੂੰ ਦਿੱਤੀਆਂ ਗਈਆਂ ਹਨ ਤਾਂ ਜੋ ਉਹ ਕਿਸਾਨਾਂ ਨਾਲ ਰਾਬਤਾ ਕਰਕੇ ਸੰਦਾਂ ਦੀ ਵਰਤੋਂ ਸਬੰਧੀ ਜਾਣਕਾਰੀ ਦੇਣ । ਡਿਪਟੀ ਕਮਿਸ਼ਨਰ ਬਰਨਾਲਾ ਸ਼ ?ਰੀ ਟੀ ਬੈਨਿਥ ਨੇ ਇਹ ਜਾਣਕਾਰੀ ਅੱਜ ਪਰਾਲੀ ਦੀ ਸਾਂਭ ਨਾਲ ਸਬੰਧਿਤ ਵੱਖ ਵੱਖ ਵਿਭਾਗਾਂ ਦੇ ਅਧਿਕਾਰੀਆਂ ਨਾਲ ਬੈਠਕ ਦੌਰਾਨ ਦਿੱਤੀ। ਉਨ੍ਹਾਂ ਦੱਸਿਆ ਕਿ ਜਿਹੜੇ ਪਿੰਡਾਂ 'ਚ ਪਿਛਲੇ ਸਾਲ ਨੌ ਤੋਂ ਵੱਧ ਪਰਾਲੀ ਨੂੰ ਅੱਗ ਲਗਾਉਣ ਦੀਆਂ ਘਟਨਾਵਾਂ ਰਿਪੋਰਟ ਹੋਈਆਂ ਸਨ ਉਨ੍ਹਾਂ ਪਿੰਡਾਂ ਨੂੰ ਇਸ ਸਾਲ ਹਾਟਸਪਾਟ ਵਜੋਂ ਦਰਜਾ ਦੇ ਕੇ




ਵਿਸ਼ੇਸ਼ ਨਿਗਰਾਨੀ ਕੀਤੀ ਜਾ ਰਹੀ ਹੈ। ਉਨ੍ਹਾਂ ਨਿਰਦੇਸ਼ ਦਿੱਤੇ ਕਿ ਕਿਸੇ ਵੀ ਪਿੰਡ 'ਚ ਇਕ ਵੀ ਪਰਾਲੀ ਨੂੰ ਅੱਗ ਲਗਾਉਣ ਦੀ ਘਟਨਾ ਨਾ ਹੋਵੇ। ਸਾਰੇ ਅਫਸਰਾਂ ਅਤੇ ਕਰਮਚਾਰੀਆਂ ਨੂੰ ਨਿਰਦੇਸ਼ ਦਿੱਤੇ ਗਏ ਕਿ ਉਹ ਇਨ੍ਹਾਂ ਪਿੰਡਾਂ ਵਿੱਚ ਕਿਸਾਨਾਂ ਨਾਲ ਵਿਸ਼ੇਸ਼ ਤਾਲਮੇਲ ਰੱਖਣ ਅਤੇ ਜਿਨ੍ਹਾਂ ਪਿੰਡਾਂ 'ਚ ਇਕ ਵੀ ਪਰਾਲੀ ਸਾੜਨ ਦੀ ਘਟਨਾ ਰਿਪੋਰਟ ਨਹੀਂ ਹੁੰਦੀ ਉਨ੍ਹਾਂ ਪਿੰਡਾਂ ਨੂੰ ਸਰਕਾਰ ਦੀ ਨਿਯਮਾਂ ਅਨੁਸਾਰ ਸਨਮਾਨਤ ਕੀਤਾ ਜਾਵੇਗਾ ਅਤੇ ਪਿੰਡ ਦੀ ਲੋੜ ਮੁਤਾਬਕ ਮਦਦ ਕੀਤੀ ਜਾਵੇਗੀ।

# ਪੰਜਾਬ ਸਰਕਾਰ ਵੱਲੋਂ ਬੀ.ਐੱਸ.ਐੱਫ., ਜੇਲ ਵਾਰਡਨ/ਮੈਟਰਨ ਅਤੇ ਪੰਜਾਬ ਪੁਲਿਸ ਭਰਤੀ ਲਈ ਮੁਫਤ ਫਿਜੀਕਲ ਟਰੇਨਿੰਗ ਕੈਂਪ ਸ਼ੁਰੂ

ਫਾਜਿਲਕਾ (ਰਾਜ ਅਰੋੜਾ/ਪ੍ਰਵੀਨ ਕੁਮਾਰ)-ਕੈਂਪਟਨ ਲਖਵਿੰਦਰ ਸਿੰਘ, ਸਿਖਲਾਈ ਅਧਿਕਾਰੀ, ਸੀ-ਪਾਈਟ ਕੈਂਪ ਕਾਲਝਰਾਣੀ ਨੇ ਇਹ ਜਾਣਕਾਰੀ ਦਿੰਦਿਆਂ ਦੱਸਿਆ ਕਿ ਪੀਐਸਐਸਐਸਬੀ ਵੱਲੋਂ 500 ਪੋਸਟਾ (29 ਸਹਾਇਕ ਸੁਪਰਡੰਟ, 451 ਜੇਲ ਵਾਰਡਨ ਮੇਲ, 20 ਮੈਟਰਨ ਫੀਮੇਲ) ਕੱਢੀਆ ਗਈਆਂ ਹਨ । ਇਹਨ੍ਹਾਂ ਪੋਸਟਾ ਲਈ ਵੈੱਬਸਾਈਟ https://sssb.punjab.gov.in ਤੇ ਮਿਤੀ 30-07-2025 ਤੋਂ 24-08-2025 ਤੱਕ ਆਨ ਲਾਈਨ ਅਪਲਾਈ ਕੀਤਾ ਜਾ ਸਕਦਾ ਹੈ ਅਤੇ ਇਸ ਤੋਂ ਇਲਾਵਾ ਬਾਰਡਰ ਸਕਿਉਰਟੀ ਫੋਰਸ (ਬੀਐਸਐਫ) ਵੱਲੋਂ 3588 ਪੋਸਟਾ (ਮੇਲ ਅਤੇ ਫੀਮੇਲ) ਕੱਢੀਆਂ ਗਈਆਂ ਹਨ । ਇਹਨਾਂ ਪੋਸਟਾ ਲਈ ਵੈੱਬਸਾਈਟ https://rectt.bsf.gov.in ਤੇ ਮਿਤੀ 25-07-2025 ਤੋਂ 23-08-2025 ਤੱਕ ਆਨ-ਲਾਈਨ ਅਪਲਾਈ ਕੀਤਾ ਜਾ ਸਕਦਾ ਹੈ । ਪੰਜਾਬ ਸਰਕਾਰ ਦੇ ਰੋਜਗਾਰ ਉਤਪੱਤੀ ਤੇ ਟ ?ਰੇਨਿੰਗ ਵਿਭਾਗ ਦੇ ਅਦਾਰੇ ਸੀ-ਪਾਈਟ ਕੈਂਪ ਪਿੰਡ ਕਾਲਝਰਾਣੀ ਜਿਲ੍ਹਾ ਬਠਿੰਡਾ (ਬਾਦਲ - ਲੰਬੀ ਰੋਡ) ਵੱਲੋਂ ਜਿਲ੍ਹਾ ਬਠਿੰਡਾ, ਸ੍ਰੀ ਮੁਕਤਸਰ ਸਾਹਿਬ ਅਤੇ ਫਾਜਿਲਕਾ ਦੇ ਯੁਵਕਾਂ ਲਈ ਜੇਲ ਵਾਰਡਨ/ਮੈਟਰਨ ਅਤੇ ਬੀਐਸਐਫ ਦੇ ਫਿਜੀਕਲ ਟੈਸਟ ਅਤੇ ਲਿਖਤੀ ਪੇਪਰ ਦੀ ਤਿਆਰੀ ਲਈ ਮੁਫਤ ਸਿਖਲਾਈ ਕੈਂਪ ਸੁਰੂ ਕੀਤਾ ਜਾ ਰਿਹਾ ਹੈ ।

ਉਕਤ ਜਿਲਿਆਂ ਦੇ ਸਿਖਲਾਈ ਲੈਣ ਦੇ ਚਾਹਵਾਨ ਯੁਵਕ ਆਨ-ਲਾਈਨ ਅਪਲਾਈ ਕਰਕੇ ਦਸਤਾਵੇਜ ਜਿਵੇ ਕਿ ਦਸਵੀਂ ਅਤੇ ਬਾਰਵੀਂ ਜਮਾਤ ਦੇ ਸਰਟੀਫਿਕੇਟ ਦੀ ਫੋਟੋ ਕਾਪੀ, ਆਨ-ਲਾਈਨ ਅਪਲਾਈ ਫਾਰਮ ਦੀ ਫੋਟੋ ਕਾਪੀ, ਅਧਾਰ ਕਾਰਡ ਅਤੇ ਜਾਤੀ ਸਰਟੀਫਿਕੇਟ ਦੀ ਫੋਟੋ ਕਾਪੀ, 02 ਪਾਸਪੋਰਟ ਸਾਈਜ਼ ਫੋਟੋ ਸਮੇਤ ਬਾਦਲ - ਲੰਬੀ ਮੇਨ ਰੋਡ ਤੇ ਪੈਂਦੇ ਪਿੰਡ ਕਾਲਝਰਾਣੀ ਵਿਖੇ ਸੀ-ਪਾਈਟ ਕੈਂਪ ਵਿੱਚ ਨਿੱਜੀ ਤੌਰ ਤੇ ਮਿਤੀ 25-ਅਗਸਤ-2025 ਨੂੰ ਸਵੇਰੇ 09:00 ਵਜੇ ਪਹੁੰਚ ਕੇ ਸਿਖਲਾਈ ਲਈ ਰਜਿਸਟ ?ਰੇਸ਼ਨ ਕਰਵਾ ਸਕਦੇ ਹਨ

ਇਸ ਤੋਂ ਇਲਾਵਾ ਕੈਂਪ ਵਿਖੇ ਪੰਜਾਬ ਪੁਲਿਸ ਦੇ ਫਿਜੀਕਲ ਟਰਾਇਲ ਦੀ ਤਿਆਰੀ ਵੀ ਕਰਵਾਈ ਜਾ ਰਹੀ ਹੈ । ਜਿਹੜੇ ਯੁਵਕ ਫਿਜੀਕਲ ਟਰਾਇਲ ਮੈਰਿਟ ਲਿਸਟ ਵਿਚ ਆ ਚੁੱਕੇ ਹਨ, ਉਹ ਕੈਂਪ ਆ ਕੇ ਪੰਜਾਬ ਪੁਲਿਸ ਦੇ ਫਿਜੀਕਲ ਟਰਾਇਲ ਦੀ ਤਿਆਰੀ ਕਰ ਸਕਦੇ ਹਨ । ਸਿਖਲਾਈ ਦੌਰਾਂਨ ਯੁਵਕਾਂ ਨੂੰ ਪੰਜਾਬ ਸਰਕਾਰ ਦੀਆਂ ਹਦਾਇਤਾਂ ਅਨੁਸਾਰ ਖਾਣਾ ਅਤੇ ਰਿਹਾਇਸ਼ ਮੁਫਤ ਦਿੱਤੀ ਜਾਵੇਗੀ । ਵਧੇਰੇ ਜਾਣਕਾਰੀ ਲਈ 94641-52013, 94638-31615 ਤੇ ਸੰਪਰਕ ਕੀਤਾ ਜਾ ਸਕਦਾ ਹੈ ।

# ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਵੱਲੋਂ ਮਨਾਇਆ ਵਿਸ਼ਵ ਸੀਨੀਅਰ ਸਿਟੀਜ਼ਨ ਦਿਵਸ

ਬਰਨਾਲਾ, (ਗੋਇਲ)-ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਬਰਨਾਲਾ ਵੱਲੋਂ ਮਾਨਯੋਗ ਮੈਂਬਰ ਸਕੱਤਰ ਪੰਜਾਬ ਰਾਜ ਕਾਨੂੰਨੀ ਸੇਵਾਵਾਂ ਅਥਾਰਟੀ ਐੱਸ.ਏ.ਐੱਸ ਨਗਰ ਦੇ ਹੁਕਮਾਂ ਅਨੁਸਾਰ ਬਾਬਾ ਫੂਲ ਸਰਕਾਰੀ ਬਿਰਧ ਆਸ਼ਰਮ ਵਿਖੇ ਵਿਸ਼ਵ ਸੀਨੀਅਰ ਸਿਟੀਜ਼ਨ ਦਿਵਸ ਮਨਾਇਆ ਗਿਆ।

ਇਸ ਮੌਕੇ ਗੱਲਬਾਤ ਦੌਰਾਨ ਸੀਨੀਅਰ ਸਿਟੀਜਨਜ਼ ਤੋਂ ਰੋਜ਼ਾਨਾ ਜ਼ਿੰਦਗੀ ਵਿੱਚ ਲੋੜਾਂ ਬਾਰੇ ਗੱਲਬਾਤ ਕੀਤੀ ਗਈ। ਇਸ ਮੌਕੇ ਤੇ ਮਾਨਯੋਗ ਜੱਜ ਸਾਹਿਬ ਵੱਲੋਂ ਕੌਮੀ ਕਾਨੂੰਨੀ ਸੇਵਾਵਾਂ ਅਥਾਰਟੀ ਵੱਲੋਂ ਸੀਨੀਅਰ ਸੀਟੀਜਨਜ਼ ਦੀ ਭਲਾਈ ਲਈ ਚਲਾਈਆਂ ਜਾ ਰਹੀਆਂ ਸਕੀਮਾਂ ਬਾਰੇ ਜਾਣਕਾਰੀ ਦਿੱਤੀ ਅਤੇ ਸੀਨੀਅਰ ਸਿਟੀਜਨਜ਼ ਨੂੰ ਫ਼ਲ ਵੰਡੇ ਅਤੇ ਉਹਨਾਂ ਦੀਆਂ ਮੁਸ਼ਕਿਲਾਂ ਦਾ ਕਾਨੂੰਨ ਮੁਤਾਬਿਕ ਬਣਦਾ ਹੱਲ ਕਰਨ ਦੀ ਤਸੱਲੀ ਦਿੱਤੀ।




# ਥਾਣਾ ਸਲੇਮ ਟਾਬਰੀ ਦੀ ਪੁਲਿਸ ਟੀਮ ਵੱਲੋਂ ਇੱਕ ਝਪਟਮਾਰ (ਸਨੈਚਰ) ਗ੍ਰਿਫ਼ਤਾਰ

## ਮੋਬਾਇਲ ਫੋਨ, ਦਾਤਰ ਤੇ ਮੋਟਰਸਾਈਕਲ ਬ੍ਰਾਮਦ ਕੀਤਾ ਗਿਆ

ਲੁਧਿਆਣਾ (ਸੁਖਚੈਨ ਮਹਿਰਾ /ਵਰਿੰਦਰ ਪ੍ਰਕਾਸ਼ ਭਾਂਬਰੀ) ਮਾਣਯੋਗ ਪੁਲਿਸ ਕਮਿਸ਼ਨਰ ਸ੍ਰੀ ਸਵਪਨ ਸ਼ਰਮਾ ਆਈ.ਪੀ.ਐਸ ਅਤੇ ਡਿਪਟੀ ਕਮਿਸ਼ਨਰ ਪੁਲਿਸ ਸਿਟੀ ਸ੍ਰੀ ਰੁਪਿੰਦਰ ਸਿੰਘ ਆਈ.ਪੀ.ਐਸ ਜੀ ਦੇ ਦਿਸ਼ਾ-ਨਿਰਦੇਸ਼ਾਂ ਹੇਠ ਭੈੜੇ ਪੁਰਸ਼ਾਂ ਖਿਲਾਫ ਚਲਾਈ ਗਈ ਮੁਹਿੰਮ ਦੌਰਾਨ ਕਮਿਸ਼ਨਰੇਟ ਪੁਲਿਸ ਲੁਧਿਆਣਾ ਦੇ ਅਧੀਨ ਥਾਣਾ ਸਲੇਮ ਟਾਬਰੀ ਦੀ ਪੁਲਿਸ ਟੀਮ ਵੱਲੋਂ ਇੱਕ ਝਪਟਮਾਰ(ਸਨੈਚਰ) ਗ੍ਰਿਫ਼ਤਾਰ, ਮੋਬਾਇਲ ਫੋਨ, ਦਾਤਰ ਤੇ ਮੋਟਰਸਾਈਕਲ ਬ੍ਰਾਮਦ ਕੀਤਾ ਗਿਆ। ਜਿਸ ਸਬੰਧੀ ਜਾਣਕਾਰੀ ਦਿੰਦਿਆਂ ਹੋਇਆਂ ਵਧੀਕ ਡਿਪਟੀ ਕਮਿਸ਼ਨਰ ਪੁਲਿਸ ਜੋਨ-1 ਸ੍ਰੀ ਸਮੀਰ ਵਰਮਾ ਪੀ.ਪੀ.ਐਸ ਅਤੇ ਵਧੀਕ ਡਿਪਟੀ ਕਮਿਸ਼ਨਰ ਪੁਲਿਸ ਸਬ ਡਵੀਜ਼ਨ ਉੱਤਰੀ, ਸ੍ਰੀ ਦਵਿੰਦਰ ਕੁਮਾਰ ਪੀ.ਪੀ.ਐਸ ਜੀ ਨੇ ਦੱਸਿਆ ਕਿ, ਇੰਸਪੈਕਟਰ/ ਐਸ.ਐੱਚ.ਓ. ਅਮ੍ਰਿਤਪਾਲ ਸਿੰਘ ਮੁੱਖ ਅਫਸਰ ਥਾਣਾ ਸਲੇਮ ਟਾਬਰੀ ਦੀ ਪੁਲਿਸ ਟੀਮ ਨੇ ਮਿਤੀ 20.08.2025 ਨੂੰ ਝਪਟਮਾਰ(ਸਨੈਚਰ) ਮੁਹੰਮਦ ਇਮਤਿਆਜ ਪੁੱਤਰ ਮੁਹੰਮਦ ਜੁਵੈਲ ਨੂੰ ਗ੍ਰਿਫ਼ਤਾਰ ਕੀਤਾ। ਦੋਸ਼ੀ ਦੇ ਖਿਲਾਫ ਥਾਣਾ ਸਲੇਮ ਟਾਬਰੀ ਵਿਚ ਮੁਕੱਦਮਾ ਨੰਬਰ 155 ਮਿਤੀ 20.08.2025 ਅ/ਧ 304 ਬੀ.ਐਨ.ਐਸ. ਤਹਿਤ ਦਰਜ ਕੀਤਾ ਗਿਆ ।ਗ੍ਰਿਫ਼ਤਾਰੀ ਦੌਰਾਨ ਦੋਸ਼ੀ ਤੋਂ 07 ਮੋਬਾਇਲ ਫੋਨ, ਇੱਕ ਦਾਤਰ ਲੋਹਾ ਅਤੇ ਇੱਕ ਮੋਟਰਸਾਈਕਲ ਸਪਲੈਂਡਰ ਨੰਬਰ PB 32 6 1681 ਬ੍ਰਾਮਦ ਹੋਇਆ। ਜਿਸ ਦੇ ਖਿਲਾਫ ਪਹਿਲਾਂ ਵੀ ਥਾਣਾ ਹੈਬੋਵਾਲ ਵਿੱਚ ਚੋਰੀ ਦਾ ਮੁਕੱਦਮਾ ਦਰਜ ਹੈ। ਪੁਲਿਸ ਵੱਲੋਂ ਅੱਗੇ ਤਫਤੀਸ਼ ਜਾਰੀ ਹੈ।



# ਨਸ਼ਿਆਂ ਦੀ ਵਰਤੋਂ ਤੋਂ ਖ਼ਬਰਦਾਰ ਕਰਨ ਅਤੇ ਟਰੈਫਿਕ ਨਿਯਮਾਂ ਦੀ ਪਾਲਣਾ ਸਬੰਧੀ ਸੈਮੀਨਾਰ

ਸਾਹਿਬਜ਼ਾਦਾ ਅਜੀਤ ਸਿੰਘ ਨਗਰ, : ਧਾਮੀ ਸ਼ਰਮਾਐੱਸ ਐੱਸ ਪੀ ਹਰਮਨਦੀਪ ਸਿੰਘ ਹਾਂਸ ਅਤੇ ਐੱਸ ਪੀ (ਟਰੈਫ਼ਿਕ) ਨਵਨੀਤ ਸਿੰਘ ਮਾਹਲ ਵੱਲੋਂ ਨਸ਼ਿਆਂ ਖਿਲਾਫ ਅਤੇ ਟ ?ਰੈਫਿਕ ਨਿਯਮਾਂ ਦੀ ਜਾਗਰੂਕਤਾ ਸਬੰਧੀ ਚਲਾਈ ਗਈ ਮੁਹਿੰਮ ਤਹਿਤ ਦਿੱਤੇ ਗਏ ਦਿਸ਼ਾ ਨਿਰਦੇਸ਼ਾਂ ਹੇਠ ਉਪ ਕਪਤਾਨ ਪੁਲਿਸ, ਟ ?ਰੈਫਿਕ, ਕਰਨੈਲ ਸਿੰਘ ਵੱਲੋਂ ਅੱਜ ਸ਼ਿਸ਼ੂ ਨਿਕੇਤਨ ਪਬਲਿਕ ਸਕੂਲ, ਸੈਕਟਰ 66, ਮੋਹਾਲੀ, ਐਸ.ਏ.ਐਸ.ਨਗਰ ਵਿਖੇ ਵਿਦਿਆਰਥੀਆਂ ਨੂੰ ਨਸ਼ਿਆਂ ਤੋਂ ਖਬਰਦਾਰ ਕਰਨ ਅਤੇ ਟ ?ਰੈਫਿਕ ਨਿਯਮਾਂ ਦੀ ਪਾਲਣਾ ਕਰਨ ਸਬੰਧੀ ਇੱਕ ਵਿਸ਼ੇਸ਼ ਸੈਮੀਨਾਰ ਲਗਾ ਕੇ ਜਾਗਰੂਕ ਕੀਤਾ ਗਿਆ। ਇਸ ਸੈਮੀਨਾਰ ਦਾ ਮੁੱਖ ਉਦੇਸ਼ ਸਕੂਲ ਦੇ ਵਿਦਿਆਰਥੀਆਂ ਨੂੰ ਨਸ਼ਿਆਂ ਦੇ ਮਾੜੇ ਪ੍ਰਭਾਵਾਂ, ਟ ?ਰੈਫਿਕ ਨਿਯਮਾਂ ਦੀ ਪਾਲਣਾ ਕਰਨ ਅਤੇ ਖੇਡਾਂ ਵੱਲ ਜਾਣ ਦੀ ਮਹੱਤਤਾ ਬਾਰੇ ਜਾਣੂ ਕਰਵਾਉਣਾ ਸੀ। ਸੈਮੀਨਾਰ ਦੌਰਾਨ ਸਕੂਲ ਦੇ ਵਿਦਿਆਰਥੀਆਂ ਨੂੰ ਸਮਝਾਇਆ ਗਿਆ ਕਿ ਕੁਝ ਗਲਤ ਅਨਸਰਾਂ ਵੱਲੋਂ ਵਿਦਿਆਰਥੀਆਂ ਨੂੰ ਵਰਗਲਾ ਕੇ ਨਸ਼ੇ ਤੇ ਲਗਾ ਦਿੱਤਾ ਜਾਂਦਾ ਹੈ, ਇਸ ਲਈ ਅਜਿਹੇ ਮਾੜੇ ਅਨਸਰਾਂ ਤੋਂ ਆਪਣਾ ਬਚਾਅ ਰੱਖੋ। ਇਸਦੇ ਨਾਲ ਹੀ ਵਿਦਿਆਰਥੀਆਂ ਨੂੰ ਇਹ ਵੀ ਦੱਸਿਆ ਗਿਆ ਕਿ ਮੋਟਰ ਵਹੀਕਲ ਐਕਟ ਦੀ ਧਾਰਾ 199 ਏ ਤਹਿਤ, ਜੇਕਰ 18 ਸਾਲ ਤੋਂ ਘੱਟ ਉਮਰ ਦਾ ਕੋਈ ਬੱਚਾ ਵਹੀਕਲ ਚਲਾਉਂਦਾ ਹੈ ਤਾਂ ਉਸਦੇ ਮਾਪਿਆਂ ਨੂੰ 3 ਸਾਲ ਦੀ ਕੈਦ, 25 ਹਜਾਰ ਰੁਪਏ ਤੱਕ ਦਾ ਜੁਰਮਾਨਾ ਹੋ ਸਕਦਾ ਹੈ ਅਤੇ 18 ਸਾਲ ਤੋਂ ਘੱਟ ਉਮਰ ਦੇ ਬੱਚੇ ਨੂੰ ਵਹੀਕਲ ਦੇਣ ਵਾਲੇ ਵਿਅਕਤੀ ਨੂੰ ਵੀ 3 ਸਾਲ ਦੀ ਸਜ਼ਾ ਜਾਂ ਜੁਰਮਾਨਾ ਹੋ ਸਕਦਾ ਹੈ। ਇਸਦੇ ਨਾਲ ਹੀ ਵਿਦਿਆਰਥੀਆਂ ਨੂੰ ਸਰਕਾਰ ਦੁਆਰਾ ਚਲਾਈ ਗਈ ਸਕੀਮ ਫਾਰ ਗਰਾਂਟ ਆਫ਼ ਐਵਾਰਡ ਟੂ ਦ ਗੁੱਡ ਸਮਾਰੀਟਨ ਬਾਰੇ ਜਾਣੂ ਕਰਵਾਇਆ ਗਿਆ ਅਤੇ ਦੱਸਿਆ ਗਿਆ ਕਿ ਜੇਕਰ ਕੋਈ ਵਿਅਕਤੀ ਕਿਸੇ ਐਕਸੀਡੈਂਟ ਹੋਏ ਵਿਅਕਤੀ ਦੀ ਮੱਦਦ ਕਰਦਾ ਹੈ ਤਾਂ ਉਸਨੂੰ 2000 ਰੁਪਏ ਸਰਕਾਰ ਵੱਲੋਂ (ਫਰਿਸ਼ਤੇ ਸਕੀਮ ਤਹਿਤ) ਦਿੱਤੇ ਜਾਂਦੇ ਹਨ। ਇਸ ਮੌਕੇ ਤੇ ਸ਼ਿਸ਼ੂ ਨਿਕੇਤਨ ਪਬਲਿਕ ਸਕੂਲ, ਸੈਕਟਰ 66, ਮੋਹਾਲੀ,ਐਸ.ਏ.ਐਸ.ਨਗਰ ਦੇ ਪ੍ਰਿੰਸੀਪਲ ਹਰਜੀਤ ਕੌਰ, ਕੋਆਰਡੀਨੇਟਰ ਹਰਜਿੰਦਰ ਕੌਰ ਅਤੇ ਹੋਰ ਸਟਾਫ ਨੇ ਡੀ ਐਸ ਪੀ ਟ ?ਰੈਫਿਕ ਦਾ ਜਾਗਰੂਕਤਾ ਸਬੰਧੀ ਇਹ ਸੈਮੀਨਾਰ ਲਗਾਉਣ ਲਈ ਬਹੁਤ-ਬਹੁਤ ਧੰਨਵਾਦ ਕੀਤਾ। ਸ. ਕਰਨੈਲ ਸਿੰਘ, ਉਪ ਕਪਤਾਨ ਪੁਲਿਸ (ਟ ?ਰੈਫਿਕ) ਨੇ ਅੰਤ ਵਿੱਚ ਸਾਰੇ ਵਿਦਿਆਰਥੀਆਂ ਨੂੰ ਖੇਡਾਂ ਵੱਲ ਜਾਣ ਲਈ ਪ੍ਰੇਰਿਤ ਕੀਤਾ। ਇਸ ਤੋਂ ਇਲਾਵਾ ਸਾਰੇ ਵਿਦਿਆਰਥੀਆਂ ਨੂੰ ਦੱਸਿਆ ਗਿਆ ਕਿ ਅੱਜ ÷ਵਿਸ਼ਵ ਬਜ਼ੁਰਗ ਦਿਵਸ÷ ਹੈ, ਜਿਸ ਦਾ ਮਨੋਰਥ ਆਪਣੇ ਬਜ਼ੁਰਗਾਂ ਦੀ ਇੱਜ਼ਤ ਅਤੇ ਪੂਰੀ ਸਾਂਭ ਸੰਭਾਲ ਕਰਨਾ ਦਾ ਸੁਨੇਹਾ ਦੇਣਾ ਹੈ। ਉਨ੍ਹਾਂ ਕਿਹਾ ਕਿ ਸਾਨੂੰ ਰੋਜ਼ਾਨਾ ਆਪਣੇ ਬਜ਼ੁਰਗਾਂ ਕੋਲ ਸਮਾਂ ਬਤੀਤ ਕਰਨਾ ਚਾਹੀਦਾ ਹੈ, ਕਿਉਂਕਿ ਸਾਨੂੰ ਸਾਡੇ ਬਜ਼ੁਰਗਾਂ ਕੋਲੋਂ ਬਹੁਤ ਕੁੱਝ ਸਿੱਖਣ ਨੂੰ ਮਿਲਦਾ ਹੈ।



ਅਦਾਰਾ ਰੋਜ਼ਾਨਾ ਲੋਕ ਬਾਣੀ ਅਖਬਾਰ ਵਿੱਚ ਛਾਪੀਆਂ ਜਾਂਦੀਆ ਖਬਰਾਂ , ਰਿਪੋਰਟਾਂ , ਲੇਕ, ਕਹਾਣੀਆਂ, ਕਵਿਤਾਵਾਂ ਅਤੇ ਹਰ ਕਿਸਮ ਦੇ ਇਸ਼ਤਿਹਾਰ ਵਿੱਚ ਦਿੱਤੀ ਗਈ ਸੂਚਨਾ, ਵਿਚਾਰ ਆਦਿ ਨਾਲ ਅਖ਼ਬਾਰ ਦੇ ਪ੍ਰਬੰਧਕਾਂ ਦਾ ਸਹਿਮਤ ਹੋਣਾ ਜ਼ਰੂਰੀ ਨਹੀਂ ਹੈ । ਇਸ ਅਖਬਾਰ ਵਿੱਚ ਛਪੇ ਇਸ਼ਤਿਹਾਰ ( ਡਿਸਪਲੇ, ਕਲਾਸੀਫਾਈਡ) ਦੇ ਤੱਥਾਂ ਲਈ ਪ੍ਰਬੰਧਕ ਕੋਈ ਜ਼ਿੰਮੇਵਾਰੀ ਨਹੀਂ ਲੈਂਦੇ ਕਿਉਂਕਿ ਅਖਬਾਰ ਇੰਨਾ ਨੂੰ ਤਸਦੀਕ ਨਹੀਂ ਕਰਦਾ। ਪਾਠਕਾਂ/ਸ਼ੁਭ ਚਿੰਤਕਾ ਨੂੰ ਬੇਨਤੀ ਹੈ ਕਿ ਉਹ ਇੰਨ੍ਹਾਂ ਇਸ਼ਤਿਹਾਰਾਂ 'ਤੇ ਕੋਈ ਕਾਰਵਾਈ ਕਰਨ ਤੋਂ ਪਹਿਲਾਂ ਇੰਨ੍ਹਾਂ ਤੱਥਾਂ ਦੀ ਪੜਤਾਲ , ਪੁਸ਼ਟੀ ਕਰ ਲੈਣ।ਰੋਜ਼ਾਨਾ ਲੋਕ ਬਾਣੀ 'ਚ ਪ੍ਰਕਾਸ਼ਿਤ ਸੱਮਗਰੀ ਅਤੇ ਹੋਰ ਵਾਦ-ਵਿਵਾਦ ਸਬੰਧੀ ਕੇਸਾਂ ਦਾ ਨਿਪਟਾਰਾ ਸਿਰਫ ਜਲੰਧਰ ਕੋਰਟ ਵਿਚ ਹੀ ਹੋਵੇਗਾ, ਲੇਖਕਾਂ ਦੀ ਰਾਏ ਨਾਲ ਸੰਪਾਦਕ ਦਾ ਸਹਿਮਤ ਹੋਣਾ ਜ਼ਰੂਰੀ ਨਹੀਂ । ਖਬਰਾਂ ਪ੍ਰਤੀ ਜ਼ਿੰਮੇਵਾਰੀ ਪੱਤਰਕਾਰ ਦੀ ਹੋਵੇਗੀ।

*Daily Lok Bani(Punjabi) R.N.I. Punpun/29016/2008 Editor, owner, Printer , Publisher, Amandeep Mehra , Printed at Rachna Printers , Railway Road Jalandhar Place of, Publication :308 Sangam Complex milap Chowk , Jalandhar (India), Contact No.: 0181-2211009, Fax : 2211009, Email id : lokbani08@gmail.com, Editormehra@gmail.com*

# ਨਸ਼ਿਆ ਦੇ ਮੁਕੰਮਲ ਖਾਤਮੇ ਲਈ ਲੋਕਾਂ ਦੇ ਸਹਿਯੋਗ ਦੀ ਲੋੜ : ਜਿਲ੍ਹਾ ਪ੍ਰਧਾਨ ਐਸਸੀ ਭਾਈਚਾਰੇ ਜਸਵਿੰਦਰ ਪਾਲ

**ਪੰਜਾਬ ਨੂੰ ਨਸਾਂ ਮੁਕਤ ਕਰਨ ਲੜਾਈ ਹਰ ਪਿੰਡ-ਪਿੰਡ ਤੋਂ ਸ਼ੁਰੂ ਹੋ ਚੁੱਕੀ ਹੈ ਜਿਸ ਤਹਿਤ ਹਰੇਕ ਪਿੰਡ ਵਾਸੀ ਆਪਣੇ ਪਿੰਡ ਦਾ ਪਹਿਰੇਦਾਰ ਬਣ ਕੇ ਸਰਕਾਰ ਦਾ ਸੰਯੋਗ ਕਰਨ - ਜਸਵਿੰਦਰ ਪਾਲ**

ਗੁਰਦਾਸਪੁਰ ( ਜਸਵਿੰਦਰ ਸਿੰਘ )- ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਚਲਾਏ ਜਾ ਰਹੇ ਯੁੱਧ ਨਸ਼ਿਆਂ ਵਿਰੁੱਧ÷ ਮੁਹਿੰਮ ਤਹਿਤ ਵਿਖੇ ਜਾਗਰੂਕਤਾ ਸਭਾਵਾਂ ਦੌਰਾਨ ਵਿਲੇਜ ਡਿਫੈਂਸ ਕਮੇਟੀਆਂ ਦੇ ਨੁਮਾਇੰਦਿਆਂ ਅਤੇ ਪਿੰਡ ਵਾਸੀਆਂ ਨੂੰ ਸੰਬੋਧਨ ਕਰਦਿਆਂ ਜਿਲ੍ਹਾ ਪ੍ਰਧਾਨ ਐਸਸੀ ਭਾਈਚਾਰੇ ਜਸਵਿੰਦਰ ਪਾਲ ਨੇ ਮੀਡੀਆ ਨਾਲ ਗੱਲਬਾਤ ਕਰਦੇ ਹੋਏ ਕਿਹਾ ਕਿ ਨਸ਼ਾ ਮੁਕਤੀ ਯਾਤਰਾ ਦਾ ਉਦੇਸ਼ ਸੂਬੇ ਦੇ ਨੌਜਵਾਨਾਂ ਨੂੰ ਨਸ਼ਿਆਂ ਦੀ ਲਪੇਟ ਤੋਂ ਬਾਹਰ ਕੱਢਣਾ ਅਤੇ ਉਨ੍ਹਾਂ ਨੂੰ ਰੌਸ਼ਨ ਭਵਿੱਖ ਵੱਲ ਲਿਜਾਣਾ ਹੈ ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਨਸ਼ਿਆਂ ਦੇ ਖ਼ ?ਲਾਫ਼ ਜੰਗ ਨੂੰ ਪੂਰੀ ਗੰਭੀਰਤਾ ਨਾਲ ਲੜ ਰਹੀ ਹੈ ਅਤੇ ਇਸਦੇ ਲਈ ਜ਼ਮੀਨੀ ਪੱਧਰ ਤੇ ਜਾਗਰੂਕਤਾ ਫੈਲਾਉਣਾ ਬਹੁਤ ਜ਼ਰੂਰੀ ਹੈ ਇਸ ਮੌਕੇ ਤੇ



ਉਨ੍ਹਾਂ ਪਿੰਡ ਵਾਸੀਆਂ, ਖ਼ਾਸਕਰ ਨੌਜਵਾਨਾਂ ਨੂੰ ਅਪੀਲ ਕੀਤੀ ਕਿ ਉਹ ਨਸ਼ਿਆਂ ਤੋਂ ਦੂਰ ਰਹਿਣ ਅਤੇ ਸਮਾਜ ਨੂੰ ਵੀ ਇਸ ਬੁਰਾਈ ਤੋਂ ਮੁਕਤ ਕਰਵਾਉਣ ਵਿੱਚ ਸਰਗਰਮ ਭੂਮਿਕਾ ਨਿਭਾਉਣ ਇਸ ਦੌਰਾਨ ਲੋਕਾਂ ਨੂੰ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਬਾਰੇ ਜਾਗਰੂਕ ਕੀਤਾ ਗਿਆ ਇਸ ਮੌਕੇ ਇਲਾਕੇ ਦੇ ਵਸਨੀਕਾਂ ਨੇ ਆਪਣੇ ਪਿੰਡਾਂ ਚੇ ਕਿਹਾ ਕਿ ਕਿਸੇ ਵੀ ਨਸ਼ਾ ਤਸਕਰ ਦੀ ਜ਼ਮਾਨਤ ਨਹੀਂ ਦੇਣਗੇ ਅਤੇ ਅਜਿਹੇ ਅਨਸਰਾਂ ਦਾ ਮੁਕੰਮਲ ਬਾਈਕਾਟ ਕਰਨਗੇ

# ਪੰਜਾਬ ਸਰਕਾਰ ਸ੍ਰੀ ਗੁਰੂ ਤੇਗ਼ ਬਹਾਦਰ ਜੀ ਦੀ ਲਾਸਾਨੀ ਸ਼ਹਾਦਤ ਨੂੰ ਸਮਰਪਿਤ ਸਮਾਗਮ ਵੱਡੇ ਪੱਧਰ 'ਤੇ ਮਨਾਏਗੀ : ਮੁਖਦੇਵ ਸਿੰਘ ਆਲੋਵਾਲ

**ਪੰਜਾਬ ਦੇ ਚਾਰ ਵੱਡੇ ਸ਼ਹਿਰਾਂ ਸ੍ਰੀ ਅਨੰਦਪੁਰ ਸਾਹਿਬ, ਸ੍ਰੀ ਅੰਮ੍ਰਿਤਸਰ ਸਾਹਿਬ, ਬਾਬਾ ਬਕਾਲਾ ਸਾਹਿਬ ਅਤੇ ਪਟਿਆਲਾ ਨੂੰ ਲਾਈਟਾਂ ਨਾਲ ਸਜਾਇਆ ਜਾਵੇਗਾ - ਆਲੋਵਾਲ**

ਗੁਰਦਾਸਪੁਰ ( ਜਸਵਿੰਦਰ ਸਿੰਘ ) - ਪੰਜਾਬ ਸਰਕਾਰ ਵੱਲੋਂ ਸ੍ਰੀ ਗੁਰੂ ਤੇਗ਼ ਬਹਾਦਰ ਜੀ ਦੀ ਲਾਸਾਨੀ ਸ਼ਹਾਦਤ ਨੂੰ ਸਮਰਪਿਤ ਸਮਾਗਮ ਸੂਬੇ ਭਰ ਵਿੱਚ ਵੱਡੇ ਪੱਧਰ 'ਤੇ ਮਨਾਏ ਜਾਣਗੇ। ਇਨ੍ਹਾਂ ਸਮਾਗਮਾਂ ਦੀ ਯੋਜਨਾਬੰਦੀ ਅਤੇ ਪ੍ਰਬੰਧਾਂ ਲਈ ਪੰਜਾਬ ਸਰਕਾਰ ਨੇ ਸੈਰ-ਸਪਾਟਾ ਅਤੇ ਸੱਭਿਆਚਾਰਕ ਮਾਮਲੇ ਵਿਭਾਗ ਨੂੰ ਨੋਡਲ ਵਿਭਾਗ ਵਜੋਂ ਨਾਮਜ਼ਦ ਕੀਤਾ ਹੈ ਇਸ ਸਬੰਧੀ ਜਾਣਕਾਰੀ ਦਿੰਦਿਆਂ ਹਲਕਾ ਕਾਦੀਆਂ ਤੋਂ ਮਖਦੇਵ ਸਿੰਘ ਆਲੋਵਾਲ ਜ਼ਿਲ੍ਹਾ ਮੀਡੀਆ ਇੰਚਾਰਜ ਗੁਰਦਾਸਪੁਰ ਨੇ ਦੱਸਿਆ ਕਿ ਰਾਜ ਸਰਕਾਰ ਵੱਲੋਂ ਸ੍ਰੀ ਗੁਰੂ ਤੇਗ਼ ਬਹਾਦਰ ਸਾਹਿਬ ਦਾ 350ਵਾਂ ਸ਼ਹੀਦੀ ਦਿਹਾੜਾ 19 ਨਵੰਬਰ ਤੋਂ 25 ਨਵੰਬਰ 2025 ਤੱਕ ਰਾਜ ਪੱਧਰੀ ਸਮਾਗਮ ਕਰਵਾ ਕੇ ਮਨਾਇਆ ਜਾਵੇਗਾ। ਉਨ੍ਹਾਂ ਦੱਸਿਆ ਕਿ ਪੰਜਾਬ ਚੇ 135 ਅਸਥਾਨ ਸ੍ਰੀ ਗੁਰੂ ਤੇਗ਼ ਬਹਾਦਰ ਸਾਹਿਬ ਦੀ ਚਰਨ ਛੋਹ ਪ੍ਰਾਪਤ ਹਨ, ਜਿਨ੍ਹਾਂ ▾ਚੋਂ ਸਭ ਤੋਂ ਵਧੇਰੇ 35 ਅਸਥਾਨ



ਪਟਿਆਲਾ ਜ਼ਿਲ੍ਹੇ ਅੰਦਰ ਸਥਿਤ ਹਨ। ਉਨ੍ਹਾਂ ਕਿਹਾ ਕਿ ਗੁਰੂ ਤੇਗ਼ ਬਹਾਦਰ ਸਾਹਿਬ ਦੀ ਕੁਰਬਾਨੀ ਵਰਗੀ ਮਿਸਾਲ ਦੁਨੀਆਂ ਵਿੱਚ ਹੋਰ ਕਿਧਰੇ ਨਹੀਂ ਮਿਲਦੀ ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਸਮੂਹ ਸੰਗਤ ਦੇ ਸਹਿਯੋਗ ਨਾਲ ਗੁਰੂ ਸਾਹਿਬਾਨ ਦੇ ਫ਼ਲਸਫ਼ੇ ਨੂੰ ਦੁਨੀਆਂ ਦੇ ਕੋਨੇ-ਕੋਨੇ ਤੱਕ ਪਹੁੰਚਾਉਣ ਲਈ ਵੱਡੇ ਪ੍ਰੋਗਰਾਮ ਉਲੀਕ ਰਹੀ ਹੈ ਆਲੋਵਾਲ ਨੇ ਅੱਗੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਸੂਬੇ ਵਿਚਲੇ ਗੁਰੂ ਸਾਹਿਬ ਨਾਲ ਸਬੰਧਿਤ ਸਾਰੇ ਪਵਿੱਤਰ ਅਸਥਾਨਾਂ ਵਿਖੇ ਰਾਜ ਪੱਧਰੀ ਸਮਾਗਮ ਕਰਵਾਉਣ ਤੋਂ ਇਲਾਵਾ ਇਨ੍ਹਾਂ ਪਿੰਡਾਂ ਤੇ ਸ਼ਹਿਰਾਂ ਦਾ ਵਿਕਾਸ ਵੀ ਵੱਡੇ ਪੱਧਰ ਤੇ ਕੀਤਾ ਜਾਵੇਗਾ ਉਨ੍ਹਾਂ ਦੱਸਿਆ ਕਿ ਇਸ ਦੌਰਾਨ ਚਾਰ ਸਥਾਨਾਂ ਤੋਂ ਯਾਤਰਾਵਾਂ ਸ੍ਰੀ ਅਨੰਦਪੁਰ ਸਾਹਿਬ ਪੁੱਜਣਗੀਆਂ, ਜੋ ਸੂਬੇ ਦੇ ਲਗਭਗ ਸਾਰੇ ਜ਼ਿਲ੍ਹਿਆਂ ਅਤੇ ਪ੍ਰਮੁੱਖ ਸ਼ਹਿਰਾਂ ਤੋਂ ਹੋ ਕੇ ਸ੍ਰੀ ਅਨੰਦਪੁਰ ਸਾਹਿਬ ਪਹੁੰਚਣਗੀਆਂ ਆਲੋਵਾਲ ਨੇ ਦੱਸਿਆ ਕਿ ਵਿਰਾਸਤ-ਏ-ਖ਼ਾਲਸਾ ਵਿਖੇ 23 ਨਵੰਬਰ ਨੂੰ ਸ੍ਰੀ ਅਖੰਡ ਪਾਠ ਸਾਹਿਬ ਦੀ ਅਰੰਭਤਾ ਹੋਵੇਗੀ, ਜਿਸ ਵਿਚ ਦੇਸ਼ ਵਿਦੇਸ਼ ਤੋਂ ਪ੍ਰਮੁੱਖ ਹਸਤੀਆਂ, ਧਾਰਮਿਕ ਸ਼ਖ਼ਸੀਅਤਾਂ ਹਾਜ਼ਰੀ ਲਗਵਾਉਣਗੀਆਂ। ਉਨ੍ਹਾਂ ਇਹ ਵੀ ਦੱਸਿਆ ਕਿ ਸ੍ਰੀ ਅਨੰਦਪੁਰ ਸਾਹਿਬ ਵਿਖੇ ਆਉਣ ਵਾਲੀ ਸੰਗਤ ਦੇ ਰਹਿਣ ਲਈ ਟੈਂਟ ਸਿਟੀ ਅਤੇ ਵੱਖ-ਵੱਖ ਧਾਰਮਿਕ ਅਸਥਾਨਾਂ ਦੇ ਦਰਸ਼ਨਾਂ ਲਈ ਆਉਣ ਜਾਣ ਵਾਸਤੇ ਈ-ਰਿਕਸ਼ਾ ਦੇ ਪ੍ਰਬੰਧ ਹੋਣਗੇ।

# ਅਨਮੋਲ ਮੁਸਕਾਨ ਚੈਰੀਟੇਬਲ ਟਰੱਸਟ ਰਜਿਸਟਰ ਦੇ ਸੰਸਥਾਪਕ ਐਡਵੋਕੇਟ ਅਮਰਜੀਤ ਕੌਰ ਨੇ ਗਰੀਬਾਂ ਨੂੰ ਪਾਣੀ ਦੀਆਂ ਬੋਤਲਾਂ ਵੰਡੀਆਂ

ਜੇ ਕੇ ਬੱਤਾ ਖਰੜ - ਨਿਊ ਚੰਡੀਗੜ੍ਹ ਅਨਮੋਲ ਮੁਸਕਾਨ ਚੈਰੀਟੇਬਲ ਟਰੱਸਟ ਰਜਿਸਟਰ ਇੱਕ ਸਮਾਜਿਕ ਸੰਸਥਾ ਹੈ ਜਿਸਦਾ ਨਾਮ ਇਲਾਕੇ ਵਿੱਚ ਸਮਾਜਿਕ ਕਾਰਜਾਂ ਲਈ ਕਾਫ਼ੀ ਹੈ। ਅਨਮੋਲ ਮੁਸਕਾਨ ਚੈਰੀਟੇਬਲ ਟਰੱਸਟ ਰਜਿਸਟਰ ਦੇ ਸੰਸਥਾਪਕ ਅਤੇ ਪ੍ਰਧਾਨ ਐਡਵੋਕੇਟ ਅਮਰਜੀਤ ਕੌਰ, ਬੇਸਹਾਰਾ ਅਤੇ ਗਰੀਬ ਔਰਤਾਂ ਦੀ ਆਵਾਜ਼ ਬਣ ਕੇ ਸਮਾਜ ਵਿੱਚ ਮਜ਼ਬੂਤੀ ਨਾਲ ਖੜ੍ਹੇ ਹਨ। ਉਨ੍ਹਾਂ ਦਾ ਉਦੇਸ਼ ਦੁਖੀ ਔਰਤਾਂ, ਬਜ਼ੁਰਗਾਂ ਦੀ ਮਦਦ ਕਰਨ ਅਤੇ ਗਰੀਬ ਕੁੜੀਆਂ ਦੇ ਵਿਆਹ ਕਰਵਾਉਣ ਲਈ ਹਮੇਸ਼ਾ ਆਪਣੀ ਟੀਮ ਦੇ ਨਾਲ ਖੜ੍ਹੇ ਰਹਿਣਾ ਹੈ। ਅਨਮੋਲ ਮੁਸਕਾਨ ਚੈਰੀਟੇਬਲ ਟਰੱਸਟ ਦੇ ਸੰਸਥਾਪਕ ਅਤੇ ਪ੍ਰਧਾਨ ਐਡਵੋਕੇਟ ਅਮਰਜੀਤ ਕੌਰ,



ਔਰਤਾਂ ਦੀ ਆਵਾਜ਼ ਅਤੇ ਔਰਤਾਂ ਦੇ ਨਵੇਂ ਉਤਸ਼ਾਹ ਹਨ। ਉਨ੍ਹਾਂ ਦੀ ਟੀਮ ਦੇ ਮੈਂਬਰ ਅਰਵਿੰਦਰ ਸਿੰਘ, ਬਲਵਿੰਦਰ ਕੌਰ, ਸੋਨੂੰ ਪਾਲ, ਰੋਜ਼ੀ ਅਰੋੜਾ, ਅਮਰਜੀਤ ਮੰਦਰ, ਹਰਬੰਸ ਕੌਰ ਉਰਫ ਮਾਵੀ, ਲੱਕੀ ਅਰੋੜਾ, ਹਰਬੰਸ ਕੌਰ, ਗੁਰਪ੍ਰੀਤ ਸਿੰਘ, ਵਿਕਾਸ ਕਪੂਰ, ਨੰਦਿਨੀ, ਪਿੰਕੀ ਸ਼ਰਮਾ, ਮੋਨਾ ਘਾਰੂ, ਅਨਮੋਲ ਮੁਸਕਾਨ ਚੈਰੀਟੇਬਲ ਟਰੱਸਟ ਰਜਿਸਟਰਡ ਅਤੇ ਪ੍ਰਧਾਨ ਐਡਵੋਕੇਟ ਅਮਰਜੀਤ ਕੌਰ ਨੇ ਖਰੜ - ਨਿਊ ਚੰਡੀਗੜ੍ਹ ਗਰਮੀ ਅਤੇ ਨਮੀ ਦੇ ਮੱਦੇਨਜ਼ਰ ਗਰੀਬ ਮਜ਼ਦੂਰਾਂ ਅਤੇ ਰਿਕਸ਼ਾ ਚਾਲਕਾਂ ਨੂੰ ਚੰਗੀ ਗੁਣਵੱਤਾ ਵਾਲੇ ਪੀਣ ਵਾਲੇ ਪਾਣੀ ਦੀਆਂ ਬੋਤਲਾਂ ਵੰਡੀਆਂ। ਜਿਸ 'ਤੇ ਉਨ੍ਹਾਂ ਕਿਹਾ ਕਿ ਇਨ੍ਹਾਂ ਪਾਣੀ ਦੀਆਂ ਬੋਤਲਾਂ ਵਿੱਚ ਪਾਣੀ ਠੰਡਾ ਅਤੇ ਗਰਮ ਰਹਿੰਦਾ ਹੈ। ਇਸ ਨਾਲ ਗਰੀਬ ਲੋਕ ਸਮੇਂ-ਸਮੇਂ 'ਤੇ ਆਪਣੀ ਪਿਆਸ ਬੁਝਾ ਸਕਦੇ ਹਨ।

# ਗੁਰਪ੍ਰੀਤ ਸਿੰਘ ਸੋਡੀ ਨੇ ਕਿਸਾਨਾਂ ਨੂੰ ਅਪੀਲ ਕੀਤੀ ਕਿ ਇਸ ਵਾਰ ਸੁੱਕਾ ਝੋਨਾ ਹੀ ਮੰਡੀਆਂ ਵਿੱਚ ਵੇਚਣ ਲਈ ਲਿਆਂਦਾ ਜਾਵੇ

**ਸਰਕਾਰ ਨੇ ਝੋਨੇ ਦੀ ਫ਼ਸਲ ਲਈ ਮਾਤਰਾ 17 ਫ਼ੀਸਦੀ ਨਿਰਧਾਰਿਤ ਕੀਤੀ - ਗੁਰਪ੍ਰੀਤ ਸਿੰਘ**

ਗੁਰਦਾਸਪੁਰ ( ਜਸਵਿੰਦਰ ਸਿੰਘ ) ਗੁਰਪ੍ਰੀਤ ਸਿੰਘ ਸੋਡੀ ਜਿਲ੍ਹਾ ਯੋਜਨਾ ਬੋਰਡ ਮੈਂਬਰ ਗੁਰਦਾਸਪੁਰ ਨੇ ਜ਼ਿਲ੍ਹੇ ਦੇ ਸਮੂਹ ਕਿਸਾਨਾਂ ਨੂੰ ਅਪੀਲ ਕੀਤੀ ਹੈ ਕਿ ਇਸ ਵਾਰ ਝੋਨੇ ਦੀ ਕਟਾਈ ਝੋਨਾ ਪੂਰੀ ਤਰ੍ਹਾਂ ਪੱਕਣ 'ਤੇ ਹੀ ਕੀਤੀ ਜਾਵੇ ਅਤੇ ਖ਼ਰੀਫ਼ ਸੀਜ਼ਨ ਦੌਰਾਨ ਸੁੱਕਾ ਝੋਨਾ ਹੀ ਮੰਡੀਆਂ ਵਿੱਚ ਵੇਚਣ ਲਈ ਲਿਆਂਦਾ ਜਾਵੇ। ਉਨ੍ਹਾਂ ਕਿਹਾ ਕਿ ਭਾਰਤ ਸਰਕਾਰ ਵੱਲੋਂ ਖ਼ਰੀਦ ਵੇਲੇ ਝੋਨੇ ਵਿੱਚ ਨਮੀਂ ਦੀ ਹੱਦ 17 ਫ਼ੀਸਦੀ ਨਿਰਧਾਰਿਤ ਕੀਤੀ ਗਈ ਹੈ। ਉਨ੍ਹਾਂ ਕਿਹਾ ਕਿ ਜੇਕਰ ਕਿਸੇ ਕਿਸਾਨ ਦੇ ਝੋਨੇ ਦੀ ਫ਼ਸਲ ਵਿੱਚ 17 ਫ਼ੀਸਦੀ ਤੋਂ ਵੱਧ ਦੀ ਨਮੀਂ ਪਾਈ ਜਾਂਦੀ ਹੈ ਤਾਂ ਉਸ ਦੀ ਜਿਨਸ ਦੀ ਖ਼ਰੀਦ ਨਹੀਂ ਹੋ ਪਾਉਂਦੀ, ਜਿਸ ਕਾਰਨ ਕਿਸਾਨ ਨੂੰ ਮੰਡੀ ਵਿੱਚ ਪਰੇਸ਼ਾਨੀ ਦਾ ਸਾਹਮਣਾ ਕਰਨਾ ਪੈਂਦਾ ਹੈ ਉਨ੍ਹਾਂ ਕਿਹਾ ਕਿ ਜੇਕਰ ਝੋਨੇ ਦੀ ਫ਼ਸਲ ਪੂਰੀ ਤਰ੍ਹਾਂ ਪੱਕਣ 'ਤੇ ਹੀ ਵਢਾਈ ਜਾਵੇ ਤਾਂ ਉਸ ਵਿੱਚ ਨਮੀਂ ਦੀ ਮਾਤਰਾ ਸਹੀ ਹੁੰਦੀ ਹੈ। ਉਨ੍ਹਾਂ ਦੱਸਿਆ ਕਿ ਸਰਕਾਰ ਵੱਲੋਂ ਇਸ ਸਾਲ ਝੋਨੇ ਦੀ ਫ਼ਸਲ ਦਾ ਮੁੱਲ 2389/- ਰੁਪਏ ਪ੍ਰਤੀ ਕੁਵਿੰਟਲ ਨਿਰਧਾਰਿਤ ਕੀਤਾ ਗਿਆ ਹੈ ਅਤੇ ਜੇਕਰ ਕਿਸਾਨ ਮੰਡੀਆਂ ਵਿੱਚ ਸੁੱਕਾ ਝੋਨਾ ਲੈ ਕੇ ਆਉਣਗੇ ਤਾਂ ਉਨ੍ਹਾਂ ਨੂੰ ਆਪਣੀ ਜਿਨਸ ਦਾ ਪੂਰਾ ਮੁੱਲ ਮਿਲੇਗਾ ਗੁਰਪ੍ਰੀਤ ਸਿੰਘ ਨੇ ਜ਼ਿਲ੍ਹੇ ਦੇ ਮੁੱਖ ਖੇਤੀਬਾੜੀ ਅਫ਼ਸਰ ਨੂੰ ਵੀ ਹਦਾਇਤ ਕੀਤੀ ਹੈ ਕਿ ਉਹ ਪਿੰਡਾਂ ਵਿੱਚ ਵਿਸ਼ੇਸ਼ ਕੈਂਪ ਲਗਾ ਕੇ ਕਿਸਾਨਾਂ ਨੂੰ ਮੰਡੀਆਂ ਵਿੱਚ ਝੋਨੇ ਦੀ ਸੁੱਕੀ ਫ਼ਸਲ ਲਿਆਉਣ ਲਈ ਜਾਗਰੂਕ ਕਰਨ ਇਸ ਦੇ ਨਾਲ ਹੀ ਉਨ੍ਹਾਂ ਨੇ ਕੰਬਾਈਨ ਓਪਰੇਟਰਾਂ ਨੂੰ ਵੀ ਹਦਾਇਤ ਕੀਤੀ ਹੈ ਕਿ ਝੋਨੇ ਦੇ ਸੀਜ਼ਨ ਦੌਰਾਨ ਸਵੇਰੇ 10:00 ਵਜੇ ਤੋਂ ਸ਼ਾਮ 6:00 ਵਜੇ ਤੱਕ ਹੀ ਝੋਨੇ ਦੀ ਕਟਾਈ ਕੀਤੀ ਜਾਵੇ। ਉਨ੍ਹਾਂ ਕਿਸਾਨਾਂ ਨੂੰ ਵੀ ਅਪੀਲ ਕੀਤੀ ਕਿ ਉਹ ਕੇਵਲ ਦਿਨ ਵੇਲੇ ਹੀ ਆਪਣੀ ਝੋਨੇ ਦੀ ਪੱਕੀ ਹੋਈ ਫ਼ਸਲ ਦੀ ਕਟਾਈ ਕਰਵਾਉਣ



# ਕਾਦੀਆਂ ਦੇ ਵਿੱਚ ਨਗਰ ਕੌਂਸਲ ਕਾਂਗਰਸ ਦੀ ਹੈ ਜਿਸ ਕਾਰਨ ਉਹਨਾਂ ਨੂੰ ਕੰਮ ਕਰਵਾਉਣ ਵਿੱਚ ਕੁਝ ਦਿੱਕਤਾਂ ਆ ਰਹੀਆਂ ਹਨ - ਜਗਰੂਪ ਸਿੰਘ ਸੇਖਵਾਂ

**ਕਾਦੀਆ ਵਿੱਚ ਬਾਰਿਸ਼ ਤੋਂ ਬਾਅਦ ਬੁਰੇ ਹਾਲ ਹੋਣ ਤੇ ਬੋਲੇ - ਐਡਵੋਕੇਟ ਜਗਰੂਪ ਸਿੰਘ ਸੇਖਵਾਂ**

ਗੁਰਦਾਸਪੁਰ ( ਜਸਵਿੰਦਰ ਸਿੰਘ ) ਆਮ ਆਦਮੀ ਪਾਰਟੀ ਦੇ ਸੂਬਾ ਜਨਰਲ ਸਕੱਤਰ ਤੇ ਹਲਕਾ ਕਾਦੀਆਂ ਦੇ ਇੰਚਾਰਜ ਜਗਰੂਪ ਸੇਖਵਾਂ ਨੇ ਬੀਡੀਪੀਓ ਦਫਤਰ ਧਾਰੀਵਾਲ ਵਿਖੇ ਇਲਾਕੇ ਦੇ ਪੰਚਾਂ ਸਰਪੰਚਾਂ ਤੇ ਆਮ ਲੋਕਾਂ ਦੇ ਨਾਲ ਵਿਕਾਸ ਕਾਰਜਾਂ ਨੂੰ ਲੈ ਕੇ ਮੀਟਿੰਗ ਕੀਤੀ ਪ੍ਰੈਸ ਨਾਲ ਗੱਲਬਾਤ ਦੌਰਾਨ ਜਗਰੂਪ ਸੇਖਵਾਂ ਨੇ ਕਿਹਾ ਕਿ ਸੂਬੇ ਦੇ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਹੇਠ ਲਗਾਤਾਰ ਹਲਕੇ ਦੇ ਪਿੰਡਾਂ ਵਿੱਚ ਵਿਕਾਸ ਕਾਰਜ ਕਰਵਾਏ ਜਾ ਰਹੇ ਹਨ ਅਧਿਕਾਰੀਆਂ ਨੂੰ ਵੀ ਨਿਰਦੇਸ਼ ਦਿੱਤੇ ਜਾ ਰਹੇ ਹਨ ਕਿ ਵਿਕਾਸ ਕਾਰਜਾਂ ਨੂੰ ਸਮੇਂ ਸਿਰ ਪੂਰਾ ਕੀਤਾ ਜਾਵੇ ਉਹਨਾਂ ਕਿਹਾ ਕਿ ਧਾਰੀਵਾਲ ਦੇ ਡਡਵਾਂ ਰੋਡ ਦੀ ਸੜਕ ਦਾ ਕੰਮ ਵੀ ਜਲਦ ਪੂਰਾ ਕੀਤਾ ਜਾਵੇਗਾ ਧਾਰੀਵਾਲ ਦਾ ਸੀਵਰੇਜ ਵੀ ਮਨਜ਼ੂਰ ਹੋ ਚੁੱਕਿਆ ਹੈ ਸੀਵਰੇਜ ਪੈਣ ਨਾਲ ਲੋਕਾਂ ਨੂੰ ਕਾਫੀ ਰਾਹਤ ਮਿਲੇਗੀ ਉੱਥੇ ਹੀ ਕਾਦੀਆਂ ਸ਼ਹਿਰ ਬਾਰੇ ਗੱਲਬਾਤ ਕਰਦਿਆਂ ਉਹਨਾਂ ਨੇ ਕਿਹਾ ਕਿ ਬੀਤੇ ਦਿਨ ਉਹਨਾਂ ਦੇ ਧਿਆਨ ਵਿੱਚ ਆਇਆ ਸੀ ਕਿ ਦੋ ਘੰਟੇ ਬਾਰਿਸ਼ ਦੇ ਬਾਅਦ ਕਾਦੀਆਂ ਸ਼ਹਿਰ ਪਾਣੀ ਦੇ ਵਿੱਚ ਡੁੱਬ ਗਿਆ ਸੀ ਉਹਨਾਂ ਨੇ ਕਿਹਾ ਕਿ ਕਾਦੀਆਂ ਦੇ ਵਿੱਚ ਨਗਰ ਕੌਂਸਲ ਕਾਂਗਰਸ ਦੀ ਹੈ ਜਿਸ ਕਾਰਨ ਉਹਨਾਂ ਨੂੰ ਕੰਮ ਕਰਵਾਉਣ ਵਿੱਚ ਕੁਝ ਦਿੱਕਤਾਂ ਆ ਰਹੀਆਂ ਹਨ ਪਰ ਫਿਰ ਵੀ ਉਹ ਲਗਾਤਾਰ ਅਧਿਕਾਰੀਆਂ ਦੇ ਸੰਪਰਕ ਵਿੱਚ ਹਨ ਅਤੇ ਕਾਦੀਆਂ ਸ਼ਹਿਰ ਦੇ ਵਿੱਚ ਵੀ ਲੋਕਾਂ ਦੀ ਸਮੱਸਿਆਵਾਂ ਦਾ ਜਲਦੀ ਹੱਲ ਕੀਤਾ ਜਾਵੇਗਾ ਉਹਨਾਂ ਨੇ ਕਿਹਾ ਕਿ ਪੰਜਾਬ ਦੇ ਵਿੱਚ ਹੜਾਂ ਨੂੰ ਲੈ ਕੇ ਸੂਬਾ ਸਰਕਾਰ ਬਿਲਕੁਲ ਸੰਜੀਦਾ ਹੈ ਅਤੇ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਹੇਠ ਹੜਾਂ ਨੂੰ ਲੈ ਕੇ ਠੋਸ ਪ੍ਰਬੰਧ ਕੀਤੇ ਜਾ ਰਹੇ ਹਨ



# ਡਿਪਟੀ ਕਮਿਸ਼ਨਰ ਨੇ ਲੰਬਿਤ ਇੰਤਕਾਲਾਂ, ਈਜ਼ੀ ਜਮ੍ਹਾਂਬੰਦੀ ਅਤੇ ਸਵਾਮਿਤਵਾ ਸਕੀਮ ਦੀ ਪ੍ਰਗਤੀ ਦੀ ਸਮੀਖਿਆ ਕੀਤੀ

ਸਾਹਿਬਜ਼ਾਦਾ ਅਜੀਤ ਸਿੰਘ ਨਗਰ, : ਧਾਮੀ ਸ਼ਰਮਾ -ਡਿਪਟੀ ਕਮਿਸ਼ਨਰ ਕੋਮਲ ਮਿੱਤਲ ਨੇ ਅੱਜ ਮੰਡਲ ਮੈਜਿਸਟ ?ਰੇਟਾਂ ਅਤੇ ਮਾਲ ਅਧਿਕਾਰੀਆਂ ਨਾਲ ਇੱਕ ਸਮੀਖਿਆ ਮੀਟਿੰਗ ਦੀ ਪ੍ਰਧਾਨਗੀ ਕੀਤੀ ਤਾਂ ਜੋ ਮਾਲ ਵਿਭਾਗ ਨਾਲ ਸਬੰਧਤ ਸੇਵਾਵਾਂ ਦੀ ਪ੍ਰਗਤੀ ਦਾ ਮੁਲਾਂਕਣ ਕੀਤਾ ਜਾ ਸਕੇ, ਜਿਸ ਵਿੱਚ ਲੰਬਿਤ ਇੰਤਕਾਲਾਂ ਦਾ ਨਿਪਟਾਰਾ, ਈਜ਼ੀ ਜਮ ?ਹਾਂਬੰਦੀ ਦੀ ਸੁਚਾਰੂ ਸਹੂਲਤ ਅਤੇ ਜ਼ਿਲ੍ਹੇ ਵਿੱਚ ਸਵਾਮਿਤਵਾ ਸਕੀਮ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਲਾਗੂ ਕਰਨਾ ਸ਼ਾਮਲ ਹੈ। ਮੀਟਿੰਗ ਦੌਰਾਨ, ਡਿਪਟੀ ਕਮਿਸ਼ਨਰ ਨੇ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਉਹ ਸਾਰੇ ਲੰਬਿਤ ਇੰਤਕਾਲ ਮਾਮਲਿਆਂ ਦਾ ਸਮਾਂਬੱਧ ਢੰਗ ਨਾਲ ਨਿਪਟਾਰਾ ਕਰਨ ਵਿੱਚ ਤੇਜ਼ੀ ਲਿਆਉਣ ਤਾਂ ਜੋ ਇਹ ਯਕੀਨੀ ਬਣਾਇਆ ਜਾ ਸਕੇ ਕਿ ਲੋਕਾਂ ਨੂੰ ਜ਼ਮੀਨੀ ਰਿਕਾਰਡ ਦੇ ਅੱਪਡੇਟ ਵਿੱਚ ਬੇਲੋੜੀ ਦੇਰੀ ਦਾ ਸਾਹਮਣਾ ਨਾ



ਕਰਨਾ ਪਵੇ। ਉਨ੍ਹਾਂ ਮਾਲ ਦਫ਼ਤਰਾਂ ਦੇ ਕੰਮਕਾਜ ਵਿੱਚ ਪਾਰਦਰਸ਼ਤਾ ਅਤੇ ਜਵਾਬਦੇਹੀ ਦੀ ਮਹੱਤਤਾ 'ਤੇ ਜ਼ੋਰ ਦਿੱਤਾ। ਈਜ਼ੀ ਜਮ ?ਹਾਂਬੰਦੀ ਪਹਿਲਕਦਮੀ ਦੀ ਸਮੀਖਿਆ ਕਰਦੇ ਹੋਏ, ਉਨ੍ਹਾਂ ਅਧਿਕਾਰੀਆਂ ਨੂੰ ਬਿਨਾਂ ਕਿਸੇ ਦੇਰੀ ਦੇ ਲੰਬਿਤ ਮਾਮਲਿਆਂ ਦਾ ਨਿਪਟਾਰਾ ਕਰਨ ਲਈ ਕਿਹਾ ਤਾਂ ਜੋ ਜ਼ਮੀਨ ਮਾਲਕ ਬਿਨਾਂ ਕਿਸੇ ਮੁਸ਼ਕਲ ਦੇ ਅੱਪਡੇਟ ਕੀਤੇ ਜ਼ਮੀਨੀ ਰਿਕਾਰਡ ਤੱਕ ਆਸਾਨੀ ਨਾਲ ਪਹੁੰਚ ਕਰ ਸਕਣ। ਉਨ੍ਹਾਂ ਨੇ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਜ਼ਮੀਨੀ ਰਿਕਾਰਡ ਦੇ ਡਿਜੀਟਾਈਜ਼ੇਸ਼ਨ ਨੇ ਸੁਵਿਧਾ ਲਿਆਂਦੀ ਹੈ, ਪਰ ਸਮੇਂ ਸਿਰ ਜ਼ਮੀਨੀ ਰਿਕਾਰਡ ਦੇ ਅੱਪਡੇਟ ਮਹੱਤਵਪੂਰਨ ਹਨ। ਸਵਾਮਿਤਵਾ ਸਕੀਮ ਬਾਰੇ ਚਰਚਾ ਕਰਦਿਆਂ, ਡਿਪਟੀ ਕਮਿਸ਼ਨਰ ਨੇ ਡਰੋਨ-ਅਧਾਰਤ ਸਰਵੇਖਣਾਂ ਰਾਹੀਂ ਪੇਂਡੂ ਖੇਤਰਾਂ ਵਿੱਚ ਲਾਲ ਡੋਰੇ ਅੰਦਰ ਸਹੀ ਜਾਇਦਾਦ ਮਾਲਕੀ ਰਿਕਾਰਡ ਪ੍ਰਦਾਨ ਕਰਨ ਵਿੱਚ ਇਸਦੀ ਭੂਮਿਕਾ 'ਤੇ ਜ਼ੋਰ ਦਿੱਤਾ। ਉਨ੍ਹਾਂ ਫੀਲਡ ਸਟਾਫ ਨੂੰ ਹਦਾਇਤ ਕੀਤੀ ਕਿ ਨਕਸ਼ਿਆਂ ਦੀ ਤਸਦੀਕ ਸਮੇਂ ਸਿਰ ਯਕੀਨੀ ਬਣਾਈ ਜਾਵੇ ਤਾਂ ਜੋ ਵੱਧ ਤੋਂ ਵੱਧ ਪਰਿਵਾਰ ਪ੍ਰਾਪਰਟੀ ਕਾਰਡਾਂ ਦਾ ਲਾਭ ਲੈ ਸਕਣ। ਉਨ੍ਹਾਂ ਨੇ ਸਾਰੇ ਮਾਲ ਅਧਿਕਾਰੀਆਂ ਅਤੇ ਸਬੰਧਤ ਸਟਾਫ ਨੂੰ ਨਿਯਮਤ ਪ੍ਰਗਤੀ ਰਿਪੋਰਟਾਂ ਜਮ ?ਹਾਂ ਕਰਾਉਣ ਦੇ ਨਿਰਦੇਸ਼ ਦਿੱਤੇ ਅਤੇ ਚਿਤਾਵਨੀ ਦਿੱਤੀ ਕਿ ਸੇਵਾ ਪ੍ਰਦਾਨ ਕਰਨ ਵਿੱਚ ਢਿੱਲ-ਮੱਠ ਬਰਦਾਸ਼ਤ ਨਹੀਂ ਕੀਤੀ ਜਾਵੇਗੀ।

# ਐਡੀਸ਼ਨਲ ਕਮਿਸ਼ਨਰ ਵਲੋਂ ਅੰਮ੍ਰਿਤਸਰ ਬਲਕ ਵਾਟਰ ਸਪਲਾਈ ਸਕੀਮ ਪ੍ਰੋਜੈਕਟ ਦੀ ਸਮੀਖਿਆ

ਅੰਮ੍ਰਿਤਸਰ, (ਨਿਸ਼ਾਨ ਸਿੰਘ)- ਨਗਰ ਨਿਗਮ ਕਮਿਸ਼ਨਰ ਗੁਲਪ੍ਰੀਤ ਸਿੰਘ ਔਲਖ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਐਡੀਸ਼ਨਲ ਕਮਿਸ਼ਨਰ ਸੁਰਿੰਦਰ ਸਿੰਘ ਵਲੋਂ ਅੰਮ੍ਰਿਤਸਰ ਬਲਕ ਵਾਟਰ ਸਪਲਾਈ ਸਕੀਮ ਪ੍ਰੋਜੈਕਟ ਦੀ ਸਮੀਖਿਆ ਮੀਟਿੰਗ ਕੀਤੀ ਗਈ। ਇਹ ਪ੍ਰੋਜੈਕਟ ਵਿਸ਼ਵ ਬੈਂਕ ਅਤੇ ਏਸ਼ੀਆਨ ਇੰਫਰਾਸਟਰੱਕਚਰ ਇਨਵੈਸਟਮੈਂਟ ਬੈਂਕ ਦੇ ਸਹਿਯੋਗ ਨਾਲ ਚੱਲ ਰਹੇ ਪੀ ਆਈ ਐਮ ਐਸ ਆਈ ਪ੍ਰੋਜੈਕਟ ਦਾ ਹਿੱਸਾ ਹੈ। ਇਸ ਸਕੀਮ ਹੇਠ ਉਪਰ ਬਾਰੀ ਦੋਆਬ ਨਹਿਰ ਤੋਂ ਪਾਣੀ ਲੈ ਕੇ ਉਸਨੂੰ ਸਾਫ ਕਰਕੇ ਘਰ-ਘਰ ਸਪਲਾਈ ਕੀਤਾ ਜਾਵੇਗਾ। ਮੀਟਿੰਗ ਦੌਰਾਨ ਪ੍ਰੋਜੈਕਟ ਮੈਨੇਜਰ ਕੁਲਦੀਪ ਸਿੰਘ ਸੈਣੀ (ਸਾਬਕਾ ਚੀਫ ਇੰਜੀਨੀਅਰ) ਨੇ ਦੱਸਿਆ ਕਿ ਹਾਲੀਆ ਬਰਸਾਤ ਕਾਰਨ ਕੰਮ ਦੀ ਗਤੀ ਹੌਲੀ ਹੋ ਗਈ ਸੀ। ਪਰ ਹੁਣ ਮਾਨਸੂਨ ਦੇ ਬਾਅਦ ਕੰਪਨੀ ਵਲੋਂ ਕੰਮ ਤੇਜ਼ੀ ਨਾਲ ਕੀਤਾ ਜਾਵੇਗਾ। ਐਡੀਸ਼ਨਲ ਕਮਿਸ਼ਨਰ ਨੇ ਲਾਰਸਨ ਐਂਡ ਟੂਬ੍ਰੋ ਕੰਪਨੀ ਦੇ ਅਧਿਕਾਰੀਆਂ ਨੂੰ ਆਦੇਸ਼ ਦਿੱਤੇ ਕਿ ਅਗਲੀ ਮੀਟਿੰਗ ਵਿੱਚ ਉਹ ਆਪਣੇ ਸੀਨੀਅਰ ਅਧਿਕਾਰੀਆਂ ਨੂੰ ਨਾਲ ਲਿਆਉਣ ਤਾਂ ਜੋ ਸਮੇਂ ਸਿਰ ਪ੍ਰੋਜੈਕਟ ਪੂਰਾ ਕਰਨ ਲਈ ਯੋਜਨਾ ਬਣਾਈ ਜਾ ਸਕੇ। ਇਸ ਮੌਕੇ ਤੇ ਜੀਤਿਨ ਵਾਸੁਦੇਵਾ ਐਸ ਈ ਪ੍ਰੋਜੈਕਟ, ਜਿਤੇਂਦਰ ਵਾਂਸਿਲ ਸੀ ਐਫ ਓ, ਲਾਰਸਨ ਐਂਡ ਟੂਬ੍ਰੋ ਦੇ ਪ੍ਰੋਜੈਕਟ



ਮੈਨੇਜਰ ਰਾਹੁਲ ਪਟੇਲ, ਸੀਨੀਅਰ ਕੰਸਟਰਕਸ਼ਨ ਮੈਨੇਜਰ ਅਸ਼ਵਨੀ ਸ਼ਰਮਾ, ਐਸ.ਡੀ.ਓ. ਰਣਜੀਤ ਸਿੰਘ ਆਦਿ ਵੀ ਮੌਜੂਦ ਸਨ।

# ਸਿਹਤ ਵਿਭਾਗ ਵੱਲੋਂ ਮਟਰਨਲ-ਚਾਇਲਡ ਡੈਥ ਰਿਵਿਊ ਅਤੇ ਏ.ਈ.ਐਫ.ਈ. ਕਮੇਟੀ ਦੀ ਮੀਟਿੰਗ ਕੀਤੀ ਗਈ

ਅੰਮ੍ਰਿਤਸਰ, (ਨਿਸ਼ਾਨ ਸਿੰਘ)- ਸਿਹਤ ਵਿਭਾਗ ਅੰਮ੍ਰਿਤਸਰ ਵਲੋਂ ਸਿਵਲ ਸਰਜਨ ਡਾ.ਕਿਰਨਦੀਪ ਕੌਰ ਦੀ ਪ੍ਰਧਾਨਗੀ ਹੇਠ ਜ਼ਿਲਾ ਟੀਕਾਕਰਣ ਅਫਸਰ ਡਾ.ਭਾਰਤੀ ਧਵਨ ਦੀ ਅਗਵਾਈ ਵਿੱਚ ਮ ਟ ਰ ਨ ਲ - ਚਾਇਲਡ ਡੈਥ ਰਿਵਿਊ ਅਤੇ ਰੁਟੀਨ ਇਮੂਨਾਈਜੇਸ਼ਨ ਦੇ ਸਾਈਡ ਇਫੈਕਟ (ਏ.ਈ.ਐਫ.ਆਈ) ਸਬੰਧੀ ਮੀਟਿੰਗ, ਦਫਤਰ ਸਿਵਲ ਸਰਜਨ ਅੰਮ੍ਰਿਤਸਰ ਵਿਖੇ ਕੀਤੀ ਗਈ। ਇਸ ਮੋਕੇ ਤੇ ਸਿਵਲ ਸਰਜਨ ਡਾ .ਕਿਨਦੀਪ ਕੌਰ ਨੇ ਦੱਸਿਆ ਕਿ ਭਾਰਤ ਵਿਚ ਹਰ ਸਾਲ ਲਗਭਗ 2.7 ਕਰੋੜ ਬੱਚਿਆਂ ਨੂੰ ਅਤੇ 3 ਕਰੋੜ ਗਰਭਵਤੀ ਮਾਵਾਂ ਨੂੰ ਵੈਕਸੀਨੇਸ਼ਨ ਰਾਹੀ ਬਹੁਤ ਸਾਰੀਆਂ ਮਾਰੂ ਬੀਮਾਰੀਆਂ ਤੋਂ ਸੁਰੱਖਿਅਤ ਕੀਤਾ ਜਾਂਦਾ ਹੈ। ਇਹਨਾਂ




ਟੀਕਾਕਰਣ ਦੇ ਕੁਝ ਮਾਮੂਲੀ ਸਾਈਡ ਇਫੈਕਟ ਵੀ ਹੋ ਸਕਦੇ ਹਨ ਜਿਵੇਂ ਬੁਖਾਰ, ਖਾਰਿਸ਼, ਸੋਜ, ਗਿਲਟੀ ਦਾ ਬਨਣਾਂ ਅਤੇ ਬਾਡੀ ਰੈਸ਼ ਆਦਿ, ਪਰ ਇਹਨਾਂ ਮਾਮੂਲੀ ਸਾਈਡ ਇਫੈਕਟਸ ਤੋਂ ਬਿਲਕੁਲ ਘਬਰਾਓਣ ਦੀ ਲੋੜ ਨਹੀ ਹੈ। ਇਹ ਸਾਈਡ ਇਫੈਕਟ ਕੁਝ ਦਿਨ ਬਾਦ ਆਪਣੇ ਆਪ ਜਾਂ ਸਾਧਾਰਣ ਦਵਾਈ ਨਾਲ ਠੀਕ ਹੋ ਜਾਂਦੇ ਹਨ। ਇਸ ਅਵਸਰ ਤੇ ਜ਼ਿਲਾ ਟੀਕਾਕਰਣ ਅਫਸਰ ਡਾ.ਭਾਰਤੀ ਧਵਨ ਨੇ ਚਾਇਲਡ ਡੈਥ ਰਿਵਿਊ ਅਤੇ ਜ਼ਿਲ੍ਹਾ ਪਰਿਵਾਰ ਭਲਾਈ ਅਫਸਰ ਡਾਕਟਰ ਨੀਲਮ ਭਗਤ ਵੱਲੋਂ ਮਟਰਨਲ ਡੈਥ ਰਿਵਿਊ ਕੀਤਾ ਗਿਆ। ਇਸ ਮੌਕੇ ਡਾ. ਅਸ਼ਵਨੀ ਸਰੀਨ, ਜਿਲਾ ਬੀ.ਸੀ.ਜੀ.ਅਫਸਰ ਡਾ.ਮਨਮੀਤ ਕੌਰ, ਜਿਲਾ ? ਐਮ ਈ ਆਈ ਓ ਅਮਰਦੀਪ ਸਿੰਘ, ਡਾ.ਅਰਵਿੰਦਰ ਸਿੰਘ, ਡਾ.ਜਸਕਰਨਜੋਤ ਕੌਰ ਸਮੇਤ ਸਮੂਹ ਸਟਾਫ ਹਾਜਰ ਸੀ।

# ਪੰਜਾਬ ਰਾਜ ਫਾਰਮੇਸੀ ਅਫਸਰ ਐਸੋਸੀਏਸ਼ਨ ਵੱਲੋਂ 23 ਅਗਸਤ ਨੂੰ ਹੋਵੇਗਾ ਸਨਮਾਨ ਸਮਾਰੋਹ

ਅੰਮ੍ਰਿਤਸਰ, (ਨਿਸ਼ਾਨ ਸਿੰਘ)- ਪੰਜਾਬ ਰਾਜ ਫਾਰਮੇਸੀ ਅਫਸਰ ਐਸੋਸੀਏਸ਼ਨ ਜ਼ਿਲ੍ਹਾ ਅੰਮ੍ਰਿਤਸਰ ਵੱਲੋਂ ਪਿਛਲੇ ਸਮੇਂ ਦੌਰਾਨ ਸੇਵਾ -ਮੁਕਤ ਹੋਏ ਚੀਫ ਫਾਰਮੇਸੀ ਅਫਸਰ ਸੀਨੀਅਰ ਫਾਰਮੇਸੀ ਅਫਸਰ ਅਤੇ ਫਾਰਮੇਸੀ ਅਫਸਰ ਗੁਰਸ਼ਰਨ ਸਿੰਘ ਬੱਬਰ, ਰਜਵੰਤ ਕੌਰ ਰੰਧਾਵਾ, ਸਤਿੰਦਰਜੀਤ ਕੌਰ ਮਾਹਲ, ਰਣਜੀਤ ਸਿੰਘ ਵੇਰਕਾ ਅਤੇ ਲਲਿਤ ਕੁਮਾਰ ਨੂੰ ਵਿਭਾਗ ਅਤੇ ਜਥੇਬੰਦੀ ਵਿੱਚ ਕੀਤੀਆਂ ਉਹਨਾਂ ਦੀਆਂ ਸੇਵਾਵਾਂ ਲਈ ਸਨਮਾਨਿਤ ਹਿਤ ਇੱਕ ਵਿਸ਼ੇਸ਼ ਸਨਮਾਨ ਸਮਾਰੋਹ 23 ਅਗਸਤ ਦਿਨ ਸ਼ਨੀਵਾਰ ਨੂੰ ਹੋਟਲ ਕੁਮਾਰ ਇੰਟਰਨੈਸ਼ਨਲ ਵਿੱਚ ਦੁਪਹਿਰ 12 ਵਜੇ ਕਰਵਾਇਆ ਜਾ ਰਿਹਾ ਹੈ। ਜਿਸ ਵਿੱਚ ਡਾ.ਰਾਜੀਵ ਦੇਵਗਨ ਡਾਇਰੈਕਟਰ ਪ੍ਰਿੰਸੀਪਲ ਸਰਕਾਰੀ ਮੈਡੀਕਲ ਕਾਲਜ ਅੰਮ੍ਰਿਤਸਰ ਵਿਸ਼ੇਸ਼ ਮਹਿਮਾਨ ਦੇ ਤੌਰ ਤੇ ਵੀ ਸ਼ਾਮਲ ਹੋਣਗੇ। ਇਸ ਸਮਾਰੋਹ ਨੂੰ ਕਾਮਯਾਬ ਕਰਨ ਸਬੰਧੀ ਵਿਚਾਰ ਕਰਨ ਲਈ ਇੱਕ ਅਹਿਮ ਮੀਟਿੰਗ ਸਿਵਲ ਸਰਜਨ ਦਫ਼ਤਰ ਅੰਮ੍ਰਿਤਸਰ ਵਿਖੇ ਪ੍ਰਧਾਨ ਅਸ਼ੋਕ ਕੁਮਾਰ ਸ਼ਰਮਾ ਦੀ



ਅਗਵਾਈ ਹੇਠ ਕੀਤੀ ਗਈ। ਜਿਸ ਵਿੱਚ ਬਾਬਾ ਸ਼ਮਸ਼ੇਰ ਸਿੰਘ ਕੋਹਰੀ ਤੋਂ ਇਲਾਵਾ ਜਨਰਲ ਸਕੱਤਰ ਪਲਵਿੰਦਰ ਸਿੰਘ ਧੰਮੂ, ਸੇਵਾ ਮੁਕਤ ਫਾਰਮੇਸੀ ਅਫਸਰ ਐਸੋਸੀਏਸ਼ਨ ਦੇ ਪ੍ਰਧਾਨ ਨਿਰਮਲ ਸਿੰਘ ਚੰਡੇ, ਮਲਟੀਪਰਪਜ ਹੈਲਥ ਸੁਪਰਵਾਈਜਰ ਯੂਨੀਅਨ ਦੇ ਪ੍ਰਧਾਨ ਗੁਰਦੇਵ ਸਿੰਘ ਬੱਲ, ਰਾਜਬੀਰ ਸਿੰਘ ਰੰਧਾਵਾ, ਜ਼ਿਲ੍ਹਾ ਫਾਰਮੇਸੀ ਅਫਸਰ ਗੁਰਮੇਜ ਸਿੰਘ ਛੀਨਾ,ਵਧੀਕ ਜ਼ਿਲ੍ਹਾ ਫਾਰਮੇਸੀ ਅਫਸਰ ਵਰਿੰਦਰ ਸਿੰਘ,ਸਹਾਇਕ ਮਲੇਰੀਆ ਅਫਸਰ ਯੂਨੀਅਨ ਦੇ ਪ੍ਰਧਾਨ ਗੁਰਦੇਵ ਸਿੰਘ ਢਿੱਲੋਂ ਆਦਿ ਨੇ ਸ਼ਾਮਿਲ ਹੋ ਕੇ ਆਪਣੇ ਆਪਣੇ ਸੁਝਾਅ ਦਿੱਤੇ ਅਤੇ ਇਸ ਸਮਾਰੋਹ ਨੂੰ ਕਾਮਯਾਬ ਬਣਾਉਣ ਵਿੱਚ ਆਪਣਾ ਯੋਗਦਾਨ ਪਾਉਣ ਦਾ ਭਰੋਸਾ ਦਿੱਤਾ, ਸਮੂਹ ਹਾਜ਼ਰੀਨ ਨੇ ਜ਼ਿਲ੍ਹਾ ਅੰਮ੍ਰਿਤਸਰ ਦੇ ਸਾਰੇ ਫਾਰਮੇਸੀ ਅਫਸਰਾਂ ਅਤੇ ਸੇਵਾ ਮੁਕਤ ਹੋਏ ਫਾਰਮੇਸੀ ਅਧਿਕਾਰੀਆਂ ਨੂੰ ਅਪੀਲ ਕੀਤੀ ਕਿ ਉਹ ਆਪਣੀ ਹਾਜ਼ਰੀ ਯਕੀਨੀ ਬਣਾਉਣ ਤਾਂ ਕਿ ਸੇਵਾ ਮੁਕਤ ਹੋਏ ਫਾਰਮੇਸੀ ਅਧਿਕਾਰੀਆਂ ਨੂੰ ਸ਼ਾਨਦਾਰ ਵਿਦਾਇਗੀ ਦਿੱਤੀ ਜਾ ਸਕੇ।

# 24 ਅਗਸਤ 2025 ਨੂੰ ਵਿਸ਼ਵ ਮਾਨਵ ਰੂਹਾਨੀ ਕੇਂਦਰ, ਸ਼ਾਖਾ-ਸਕੱਤਰੀ ਵਿਖੇ ਖੂਨਦਾਨ ਅਤੇ ਮੁਫ਼ਤ ਮੈਡੀਕਲ ਜਾਂਚ ਕੈਂਪ ਦਾ ਆਯੋਜਨ

ਜੇ ਕੇ ਬੱਤਾ ਖਰੜ - ਨਿਊ ਚੰਡੀਗੜ੍ਹ, ਵਿਸ਼ਵ ਮਾਨਵ ਰੂਹਾਨੀ ਕੇਂਦਰ 2005 ਤੋਂ ਮਨੁੱਖਤਾ ਦੀ ਸੇਵਾ ਕਰ ਰਿਹਾ ਇੱਕ ਚੈਰੀਟੇਬਲ ਸੰਸਥਾ ਹੈ। ਵਿਸ਼ਵ ਮਾਨਵ ਰੂਹਾਨੀ ਕੇਂਦਰ ਸੋਸਾਇਟੀਜ਼ ਰਜਿਸਟ ?ਰੇਸ਼ਨ ਐਕਟ 1860 ਅਤੇ ਹਰਿਆਣਾ ਸੋਸਾਇਟੀਜ਼ ਰਜਿਸਟ ?ਰੇਸ਼ਨ ਐਂਡ ਰੈਗੂਲੇਸ਼ਨ ਐਕਟ 2012 ਦੇ ਤਹਿਤ ਰਜਿਸਟਰਡ ਹੈ। ਸੰਤ ਬਲਜੀਤ ਸਿੰਘ ਜੀ ਦੀ ਅਗਵਾਈ ਹੇਠ ਵਿਸ਼ਵ ਮਾਨਵ ਰੂਹਾਨੀ ਕੇਂਦਰ ਸਮੇਂ-ਸਮੇਂ 'ਤੇ ਖੂਨਦਾਨ ਕੈਂਪਾਂ ਦਾ ਆਯੋਜਨ ਕਰਦਾ ਹੈ। ਇਹ ਕੈਂਪ ਅਕਸਰ ਲੋੜਵੰਦ ਲੋਕਾਂ ਦੀ ਮਦਦ ਕਰਨ ਅਤੇ ਹਸਪਤਾਲਾਂ ਵਿੱਚ ਖੂਨ ਦੀ ਸਪਲਾਈ ਨੂੰ ਯਕੀਨੀ ਬਣਾਉਣ ਲਈ ਲਗਾਏ ਜਾਂਦੇ ਹਨ। ਹੁਣ ਵਾਂਗ ਬੰਗੜ ਵਿੱਚ ਵੀ ਖੂਨਦਾਨ ਕੈਂਪ ਲਗਾਇਆ ਜਾਂਦਾ ਹੈ। ਸਾਡਾ ਮੁੱਖ ਦਫਤਰ ਪਿੰਡ ਨਵਨਗਰ, ਡਾਕਘਰ ਨਾਨਕਪੁਰ, ਤਹਿਸੀਲ ਕਾਲਕਾ, ਜ਼ਿਲ੍ਹਾ ਪੰਚਕੂਲਾ, ਹਰਿਆਣਾ ਵਿੱਚ ਸਥਿਤ ਹੈ ਅਤੇ ਪੂਰੇ ਭਾਰਤ ਵਿੱਚ ਇਸਦੀਆਂ ਲਗਭਗ 255 ਸ਼ਾਖਾਵਾਂ ਹਨ। ਸਾਡੀ ਸੰਸਥਾ ਹਮੇਸ਼ਾ ਮੈਡੀਕਲ, ਸਿੱਖਿਆ ਖੇਤਰ ਅਤੇ ਸਮਾਜ ਲਈ ਸੇਵਾਵਾਂ ਲਈ ਚੈਰੀਟੇਬਲ ਸਮਾਜ ਸੇਵਾ ਪ੍ਰੋਗਰਾਮਾਂ ਵਿੱਚ ਸਰਗਰਮ ਰਹਿ ਕੇ ਵਿਦਿਆਰਥੀਆਂ, ਅਨਾਥਾਂ, ਬਿਮਾਰਾਂ ਅਤੇ ਬਜ਼ੁਰਗਾਂ ਦੀ ਮਦਦ ਕਰਦੀ ਹੈ। ਇਹ ਸਾਰੀਆਂ ਗਤੀਵਿਧੀਆਂ ਸਾਡੇ ਅਧਿਆਤਮਿਕ ਮੁਖੀ ਸੰਤ ਬਲਜੀਤ ਸਿੰਘ ਜੀ ਦੀ ਨਿਰੰਤਰ ਪ੍ਰੇਰਨਾ ਤੋਂ ਪ੍ਰੇਰਿਤ ਹਨ। ਖੂਨਦਾਨ ਕੈਂਪਾਂ ਦਾ ਮੁੱਖ ਉਦੇਸ਼ ਜਾਨਾਂ ਬਚਾਉਣਾ ਹੈ। ਖੂਨ ਦੀ ਹਰੇਕ ਯੂਨਿਟ ਤਿੰਨ ਲੋਕਾਂ ਦੀ ਮਦਦ ਕਰ ਸਕਦੀ ਹੈ, ਇਹ ਕੈਂਪ ਅਕਸਰ ਹਸਪਤਾਲਾਂ ਦੇ ਸਹਿਯੋਗ ਨਾਲ ਆਯੋਜਿਤ ਕੀਤੇ ਜਾਂਦੇ ਹਨ, ਖੂਨਦਾਨ ਕੈਂਪਾਂ ਵਿੱਚ, ਖੂਨਦਾਨੀਆਂ ਲਈ ਮੁਫ਼ਤ ਜਾਂਚ, ਰਿਫਰੈਸ਼ਮੈਂਟ ਅਤੇ ਆਰਾਮ ਦਾ ਪ੍ਰਬੰਧ ਕੀਤਾ ਜਾਂਦਾ ਹੈ। ਇਸ ਸੰਦਰਭ ਵਿੱਚ, 24 ਅਗਸਤ 2025 (ਐਤਵਾਰ) ਨੂੰ ਦੁਪਹਿਰ 02:00 ਵਜੇ ਤੋਂ 07:00 ਵਜੇ ਤੱਕ, ਵਿਸ਼ਵ ਮਾਨਵ ਰੂਹਾਨੀ ਕੇਂਦਰ, # ਪਲਾਟ ਨੰ. ਸਿਵਲ ਹਸਪਤਾਲ, ਰੂਪਨਗਰ ਦੀ ਬਲੱਡ ਬੈਂਕ ਟੀਮ ਦੇ ਸਹਿਯੋਗ ਨਾਲ ਐਮ.ਡੀ.ਸੀ., ਸੈਕਟਰ-4, ਪੰਚਕੂਲਾ (ਹਰ.) ਵਿਖੇ ਇੱਕ ਖੂਨਦਾਨ ਕੈਂਪ ਲਗਾਇਆ ਜਾਵੇਗਾ। ਇਸ ਦੇ ਨਾਲ ਹੀ, ਸ਼ਾਮ 4:00 ਵਜੇ ਤੋਂ ਰਾਤ 9:00 ਵਜੇ ਤੱਕ ਇੱਕ ਮੁਫਤ ਮੈਡੀਕਲ ਕੈਂਪ ਵੀ ਲਗਾਇਆ ਜਾਵੇਗਾ, ਜਿਸ ਵਿੱਚ ਤਜਰਬੇਕਾਰ ਡਾਕਟਰਾਂ ਦੁਆਰਾ ਮੁਫਤ ਜਾਂਚ ਤੋਂ ਬਾਅਦ ਮੁਫਤ ਦਵਾਈਆਂ ਦਿੱਤੀਆਂ ਜਾਣਗੀਆਂ।

# ਸੀ.ਆਈ.ਐੱਸ.ਸੀ.ਈ. ਜ਼ੋਨਲ ਲੈਵਲ ਟੇਬਲ ਟੈਨਿਸ ਮੁਕਾਬਲੇ ਵਿੱਚ ਐਚ ਆਰ ਏ ਇੰਟਰਨੈਸ਼ਨਲ ਸਕੂਲ ਦੇ ਵਿਦਿਆਰਥੀਆਂ ਨੇ ਹਾਸਲ ਕੀਤੀਆਂ ਕਾਮਯਾਬੀਆਂ

ਗੁਰਦਾਸਪੁਰ ( ਜਸਵਿੰਦਰ ਸਿੰਘ ) ਸੀ.ਆਈ.ਐੱਸ.ਸੀ.ਈ. ਜ਼ੋਨਲ ਲੈਵਲ ਟੇਬਲ ਟੈਨਿਸ ਮੁਕਾਬਲੇ, ਜੋ ਕਿ 16 ਮਈ 2025 ਨੂੰ HRA ਇੰਟਰਨੈਸ਼ਨਲ ਸਕੂਲ ਗੁਰਦਾਸਪੁਰ ਵੱਲੋਂ ਆਯੋਜਿਤ ਕੀਤੇ ਗਏ, ਵਿੱਚ ਸਕੂਲ ਦੇ ਵਿਦਿਆਰਥੀਆਂ ਨੇ ਸ਼ਾਨਦਾਰ ਪ੍ਰਦਰਸ਼ਨ ਕੀਤਾ ਸੱਤਵੀਂ ਕਲਾਸ ਦੇ ਵਿਦਿਆਰਥੀ ਇਸ਼ਾਨ ਭਾਰਤਵਾਜ ਨੇ ਦੂਜਾ ਸਥਾਨ ਪ੍ਰਾਪਤ ਕਰਕੇ ਸਰਟੀਫਿਕੇਟ ਹਾਸਲ ਕੀਤਾ ਇਸੇ ਤਰ੍ਹਾਂ, ਅੱਠਵੀਂ ਕਲਾਸ ਦੇ ਵਿਦਿਆਰਥੀ ਪ੍ਰਭਖੇਲ ਸਿੰਘ ਨੇ ਵੀ ਦੂਜਾ ਸਥਾਨ ਹਾਸਲ ਕਰਕੇ ਆਪਣੇ ਸਕੂਲ ਅਤੇ ਮਾਤਾ-ਪਿਤਾ ਦਾ ਨਾਮ ਰੌਸ਼ਨ ਕੀਤਾ ਇਸ ਮੌਕੇ 'ਤੇ ਸਕੂਲ ਦੇ ਚੇਅਰਮੈਨ ਸ਼੍ਰੀਮਾਨ ਹੀਰਾ ਮਣੀ ਅਗਰਵਾਲ ਜੀ, ਡਾਇਰੈਕਟਰ ਸ਼੍ਰੀਮਾਨ ਸੱਤਿਆਸੇਨ ਅਗਰਵਾਲ ਜੀ, ਮੈਡਮ ਆਂਚਲ ਅਗਰਵਾਲ ਜੀ, ਮੈਡਮ ਨੀਲੋਫਰ ਜੀ, ਪ੍ਰਿੰਸੀਪਲ ਡਿੰਪਲ ਸ਼ਰਮਾ ਜੀ ਅਤੇ ਮੈਡਮ ਨਵਦੀਪ ਕੌਰ ਜੀ ਨੇ ਜੇਤੂ ਵਿਦਿਆਰਥੀਆਂ ਅਤੇ ਉਨ੍ਹਾਂ ਦੇ ਰਮਨਸਰ ਨੂੰ ਵਧਾਈ ਦਿੱਤੀ ਅਤੇ ਉਨ੍ਹਾਂ ਦੇ ਚਮਕਦਾਰ ਭਵਿੱਖ ਲਈ ਸ਼ੁਭ ਕਾਮਨਾਵਾਂ ਪ੍ਰਗਟਾਈਆਂ



# ਪੰਜਾਬ ਸਰਕਾਰ ਨੇ 504 ਪਟਵਾਰੀ ਭਰਤੀ ਕਰਕੇ ਪਾਰਦਰਸ਼ੀ ਅਤੇ ਜਵਾਬਦੇਹ ਸੇਵਾਵਾਂ ਪ੍ਰਦਾਨ ਕਰਨ ਲਈ ਕਦਮ ਚੁੱਕਿਆ - ਸਤਨਾਮ ਸਿੰਘ ਪੰਜਾਬ ਪਰਜਾਪੱਤ ਸਮਾਜ ਵੈਲਫੇਅਰ ਬੋਰਡ ਮੈਂਬਰ

## ਮਾਨ ਸਰਕਾਰ ਨੇ ਪਿਛਲੇ ਸਾਢੇ ਤਿੰਨ ਸਾਲਾਂ ਵਿੱਚ 55000 ਤੋਂ ਵੱਧ ਨੌਜਵਾਨਾਂ ਨੂੰ ਸਰਕਾਰੀ ਨੌਕਰੀਆਂ ਦਿੱਤੀਆਂ - ਸਤਨਾਮ ਸਿੰਘ

ਗੁਰਦਾਸਪੁਰ ( ਜਸਵਿੰਦਰ ਸਿੰਘ ) - ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਵੱਲੋਂ ਪੰਜਾਬ ਵਾਸੀਆਂ ਨੂੰ ਸਾਫ਼-ਸੁਥਰੀਆਂ, ਪਾਰਦਰਸ਼ੀ ਅਤੇ ਜਵਾਬਦੇਹ ਸੇਵਾਵਾਂ ਪ੍ਰਦਾਨ ਕਰਨ ਦੇ ਉਦੇਸ਼ ਨਾਲ 504 ਨਵੇਂ ਭਰਤੀ ਪਟਵਾਰੀਆਂ ਨੂੰ 18 ਮਹੀਨਿਆਂ ਦੀ ਲਾਜ਼ਮੀ ਸਿਖਲਾਈ ਪੂਰੀ ਕਰਨ ਉਪਰੰਤ ਫ਼ੀਲਡ ਵਿੱਚ ਬਤੌਰ ਰੈਗੂਲਰ ਪਟਵਾਰੀ ਤੈਨਾਤ ਕੀਤਾ ਗਿਆ ਹੈ ਪੰਜਾਬ ਸਰਕਾਰ ਵੱਲੋਂ ਨੌਜਵਾਨਾਂ ਨੂੰ ਰੁਜ਼ਗਾਰ ਦੇਣ ਦੇ ਇਸ ਉਪਰਾਲੇ ਦੀ ਸ਼ਲਾਘਾ ਕਰਦਿਆਂ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਅਤੇ ਸਤਨਾਮ ਸਿੰਘ ਪੰਜਾਬ ਪਰਜਾਪੱਤ ਸਮਾਜ ਵੈਲਫੇਅਰ ਬੋਰਡ ਮੈਂਬਰ ਨੇ ਕਿਹਾ ਕਿ ਲੋਕਾਂ ਨੂੰ ਸਾਫ਼-ਸੁਥਰੀਆਂ, ਪਾਰਦਰਸ਼ੀ ਅਤੇ ਜਵਾਬਦੇਹ ਨਾਗਰਿਕ ਕੇਂਦਰਿਤ ਸੇਵਾਵਾਂ ਪ੍ਰਦਾਨ ਕਰਨ ਦੇ ਉਦੇਸ਼ ਨਾਲ ਇਨ੍ਹਾਂ ਪਟਵਾਰੀਆਂ ਦੀ ਨਿਯੁਕਤੀ ਕੀਤੀ ਗਈ ਹੈ। ਉਨ੍ਹਾਂ ਉਮੀਦ ਜਤਾਈ ਕਿ ਨੌਜਵਾਨ ਉਮੀਦਵਾਰਾਂ ਦੀ ਭਰਤੀ ਆਉਣ ਵਾਲੇ ਦਿਨਾਂ ਵਿੱਚ ਭ੍ਰਿਸ਼ਟਾਚਾਰ-ਮੁਕਤ



ਸਮਾਜ ਦੀ ਸਿਰਜਣਾ ਲਈ ਅਹਿਮ ਸਾਬਤ ਹੋਵੇਗੀ ਅਤੇ ਉੱਚ ਵਿੱਦਿਅਕ ਯੋਗਤਾ ਪਾਸ ਇਨ੍ਹਾਂ ਪਟਵਾਰੀਆਂ ਦੀ ਤਾਇਨਾਤੀ ਨਾਲ ਈਜ਼ੀ ਜਮ ?ਾਬੰਦੀ, ਈਜ਼ੀ ਰਜਿਸਟਰੀ ਜਿਹੇ ਸੁਧਾਰਾਂ ਨੂੰ ਹੇਠਲੇ ਪੱਧਰ ਉੱਤੇ ਹੋਰ ਪ੍ਰਭਾਵਸ਼ਾਲੀ ਤਰੀਕੇ ਨਾਲ ਲਾਗੂ ਹੋ ਸਕੇਗੀ ਸਤਨਾਮ ਸਿੰਘ ਨੇ ਦੱਸਿਆ ਕਿ ਰਾਜ ਸਰਕਾਰ ਵੱਲੋਂ ਇਨ੍ਹਾਂ ਨਵੇਂ ਭਰਤੀ ਪਟਵਾਰੀਆਂ ਨੂੰ ਟਰੇਨਿੰਗ ਦੌਰਾਨ ਹਿਸਾਬ ਮੁਸਾਹਤ, ਲੈਂਡ ਰਿਕਾਰਡ, ਪੈਮਾਇਸ਼, ਰਿਕਾਰਡ ਦੀ ਤਿਆਰੀ, ਇਲੈੱਕਸ਼ਨ, ਮੁਰੱਬੇਬੰਦੀ, ਖੇਤੀਬਾੜੀ ਅਤੇ ਕੰਪਿਊਟਰ ਵਿਸ਼ਿਆਂ ਸਬੰਧੀ ਜਾਣਕਾਰੀ ਦਿੱਤੀ ਗਈ ਹੈ। ਇਨ੍ਹਾਂ ਵਿਸ਼ਿਆਂ ਵਿਚੋਂ ਇਲੈੱਕਸ਼ਨ ਅਤੇ ਖੇਤੀਬਾੜੀ ਸਬੰਧੀ ਵਿਸ਼ੇਸ਼ ਟਰੇਨਿੰਗ ਦਿੱਤੀ ਗਈ। ਇਲੈੱਕਸ਼ਨ ਵਿਸ਼ੇ ਵਿਚ ਮੁੱਖ ਤੌਰ 'ਤੇ ਵੋਟਰ ਸੂਚੀਆਂ ਤਿਆਰ ਕਰਨ ਸਬੰਧੀ ਜਾਣਕਾਰੀ ਦਿੱਤੀ ਗਈ ਹੈ। ਖੇਤੀਬਾੜੀ ਵਿਸ਼ੇ ਵਿੱਚ ਹਾੜੀ ਅਤੇ ਸਾਉਣੀ ਦੀਆਂ ਫ਼ਸਲਾਂ, ਕੀੜੇ ਮਾਰ ਦਵਾਈਆਂ, ਖਾਦ ਅਤੇ ਫ਼ਸਲਾਂ ਦੇ ਬੀਜ ਸਬੰਧੀ ਪੂਰਨ ਤੌਰ 'ਤੇ ਜਾਣਕਾਰੀ ਦਿੱਤੀ ਗਈ। ਆਈ.ਐੱਲ.ਐੱਮ.ਐੱਸ. (ਇਨਟੈੱਗਰੇਟਿਡ ਲੈਂਡ ਮੈਨੇਜਮੈਂਟ ਸਿਸਟਮ) ਸਾਫ਼ਟਵੇਅਰ 'ਤੇ ਇਨ੍ਹਾਂ ਉਮੀਦਵਾਰਾਂ ਨੂੰ ਪ੍ਰੈਕਟੀਕਲ ਤੌਰ 'ਤੇ ਜਮ ?ਾਬੰਦੀ ਦੀ ਡਾਟਾ ਐਂਟਰੀ, ਇੰਤਕਾਲ ਦਰਜ ਕਰਨਾ, ਰੋਜ਼ਨਾਮਚਾ, ਫ਼ਰਦ ਬਦਰ ਆਦਿ ਦੀ ਸਿਖਲਾਈ ਦਿੱਤੀ ਗਈ ਹੈ ਸਤਨਾਮ ਸਿੰਘ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਪਿਛਲੇ ਸਾਢੇ ਤਿੰਨ ਸਾਲਾਂ ਦੌਰਾਨ 55000 ਤੋਂ ਵੱਧ ਨੌਜਵਾਨਾਂ ਨੂੰ ਸਰਕਾਰੀ ਨੌਕਰੀਆਂ ਦੇ ਕੇ ਆਪਣਾ ਚੋਣ ਵਾਅਦਾ ਨਿਭਾਇਆ ਹੈ।

# ਇਨਲਿਸਟਮੈਂਟ/ਆਊਟਸੋਰਸ ਵਰਕਰਾਂ ਦਾ ਪੱਕਾ ਰੁਜਗਾਰ ਕਰਵਾਉਣ ਲਈ 11 ਸਤੰਬਰ ਨੂੰ ਮੁੱਖ ਮੰਤਰੀ ਪੰਜਾਬ ਦੀ ਕੋਠੀ ਦਾ ਘਿਰਾਓ ਕਰਨ ਦਾ ਐਲਾਨ

## ਪੰਜਾਬ ਸਰਕਾਰ ਦਾ ਕੀਤਾ ਗਿਆ ਅਰਥੀ ਫੂਕ ਮੁਜਾਹਰਾ :- ਸੰਜੀਵ ਕੁਮਾਰ ਬੰਟੀ

ਜੇ ਕੇ ਬੱਤਾ ਖਰੜ - ਨਿਊ ਚੰਡੀਗੜ੍ਹ-ਜਲ ਸਪਲਾਈ ਅਤੇ ਸੈਨੀਟੇਸ਼ਨ ਕੰਟਰੈਕਟ ਵਰਕਰਜ਼ ਯੂਨੀਅਨ ਪੰਜਾਬ ਰਜਿ ਨੰ 31 ਜਿਲਾ ਐਸ ਏ ਐਸ ਨਗਰ ਮੁਹਾਲੀ ਦੀ ਬ੍ਰਾਂਚ ਨਵਾਂਗਾਓਂ ਨੰ ( 7 ) ਬ੍ਰਾਂਚ ਪ੍ਰਧਾਨ ਸੰਜੀਵ ਕੁਮਾਰ ਬੰਟੀ ਨੇ ਦੱਸਿਆ ਕੀ ਜਿੱਥੇ ਇਕ ਪਾਸੇ ਪੇਂਡੂ ਜਲ ਸਪਲਾਈ ਸਕੀਮਾਂ ਤੇ ਫੀਲਡ ਅਤੇ ਦਫਤਰਾਂ 'ਚ ਪਿਛਲੇ 15-20 ਸਾਲਾਂ ਤੋਂ ਸਮੂਹ ਵਰਕਰਜ਼ ਦੇ ਰੂਪ ਵਿੱਚ ਰੈਗੂਲਰ ਮੁਲਾਜਮਾਂ ਵਾਂਗ ਸੇਵਾਵਾਂ ਦੇ ਰਹੇ ਇਨਲਿਸਟਮੈਂਟ ਅਤੇ ਆਊਟਸੋਰਸ ਵਰਕਰਾਂ ਨੂੰ ਸਿੱਧਾ ਵਿਭਾਗ 'ਚ ਸ਼ਾਮਲ ਕਰਨ ਵਾਲੀ ਪ੍ਰਪੋਜਲ ਨੂੰ ਲਾਗੂ ਕਰਕੇ ਪੱਕਾ ਰੁਜਗਾਰ ਕਰਨ ਵਾਲੀ ਪ੍ਰਮੁੱਖ ਮੰਗ ਦਾ ਹੱਲ ਕਰਨ ਵਿੱਚ ਪੰਜਾਬ ਸਰਕਾਰ ਅਤੇ ਵਿਭਾਗੀ ਮੈਨੇਜਮੇਟ ਵੱਲੋਂ ਅਣਦੇਖੀ ਕੀਤੀ ਜਾ ਰਹੀ ਹੈ ਉਥੇ ਇਸਦੇ ਨਾਲ ਹੀ ਜਲ ਸਪਲਾਈ ਸਕੀਮਾਂ 'ਤੇ ਸਕਾਡਾ ਸਿਸਟਮ ਲਗਾ ਕੇ, ਨਿੱਜੀਕਰਨ/ਪੰਚਾਇਤੀਕਰਨ ਕਰਨ ਦੀਆਂ ਨੀਤੀਆਂ ਲਾਗੂ ਕਰਕੇ ਵਰਕਰਾਂ ਦੇ ਕੱਚੇ ਪਿੱਲੇ ਰੁਜਗਾਰ ਨੂੰ ਖੋਹ ਕੇ ਬੇਰੁਜਗਾਰ ਕਰਨ ਦੀਆਂ ਕੋਸ਼ਿਸ਼ਾਂ ਕੀਤੀਆਂ ਜਾ ਰਹੀਆਂ ਹਨ ਠੇਕਾ ਮੁਲਾਜਮ ਸੰਘਰਸ਼ ਮੋਰਚੇ ਵਲੋ ਧਰਨੇ ਦੀ ਚਿਤਾਵਨੀ ਤੇ ਪੰਜ਼ਾਬ ਸਰਕਾਰ ਵੱਲੋਂ ਬਣਾਈ ਗਈ ਸਬ ਕਮੇਟੀ ਵੱਲੋਂ 20 ਅਗਸਤ 2025 ਨੂੰ ਕੈਬਨਿਟ ਸਬ ਕਮੇਟੀ ਦੇ ਨਾਲ ਠੇਕਾ ਮੁਲਾਜ਼ਮ ਸੰਘਰਸ਼ ਮੋਰਚੇ ਪੰਜਾਬ ਨਾਲ ਮੀਟਿੰਗ ਤੈਅ ਗਈ ਸੀ ਜੋ ਐਨ ਮੌਕੇ ਤੇ ਆਣਕੇ ਰੱਦ ਕਰ ਦਿੱਤੀ ਗਈ, ਜਿਸ ਦੇ ਰੋਸ ਵਿੱਚ ਅੱਜ ਪੂਰੇ ਪੰਜਾਬ ਸੂਬੇ ਵਿੱਚ ਕੱਚੇ ਕਮਿਆਂ ਵਲੋਂ ਅਤੇ ਬ੍ਰਾਂਚ ਨਵਾਂ ਗਾਓ ਵੱਲੋ ਵੀ ਸਰਕਾਰ ਦਾ ਅਰਥੀ ਫੂਕ ਪ੍ਰਦਰਸ਼ਨ ਕੀਤਾ ਗਿਆ



# ਪੰਜਾਬ ਸਰਕਾਰ ਨੇ 504 ਪਟਵਾਰੀ ਭਰਤੀ ਕਰਕੇ ਪਾਰਦਰਸ਼ੀ ਅਤੇ ਜਵਾਬਦੇਹ ਸੇਵਾਵਾਂ ਪ੍ਰਦਾਨ ਕਰਨ ਲਈ ਅਹਿਮ ਕਦਮ ਚੁੱਕਿਆ : ਅੰਮ੍ਰਿਤਪਾਲ ਸਿੰਘ

**ਕਿਹਾ, ਮਾਨ ਸਰਕਾਰ ਨੇ ਪਿਛਲੇ ਸਾਢੇ ਤਿੰਨ ਸਾਲਾਂ ਵਿੱਚ 55000 ਤੋਂ ਵੱਧ ਨੌਜਵਾਨਾਂ ਨੂੰ ਸਰਕਾਰੀ ਨੌਕਰੀਆਂ ਦਿੱਤੀਆਂ**

ਜਲੰਧਰ, (ਲੋਕ ਬਾਣੀ)- ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਪੰਜਾਬ ਵਾਸੀਆਂ ਨੂੰ ਸਾਫ਼-ਸੁਥਰੀਆਂ, ਪਾਰਦਰਸ਼ੀ ਅਤੇ ਜਵਾਬਦੇਹ ਸੇਵਾਵਾਂ ਪ੍ਰਦਾਨ ਕਰਨ ਦੇ ਉਦੇਸ਼ ਨਾਲ 504 ਨਵੇਂ ਭਰਤੀ ਪਟਵਾਰੀਆਂ ਨੂੰ 18 ਮਹੀਨਿਆਂ ਦੀ ਲਾਜ਼ਮੀ ਸਿਖਲਾਈ ਪੂਰੀ ਕਰਨ ਉਪਰੰਤ ਫ਼ੀਲਡ ਵਿੱਚ ਬਤੌਰ ਰੈਗੂਲਰ ਪਟਵਾਰੀ ਤੈਨਾਤ ਕੀਤਾ ਗਿਆ ਹੈ। ਪੰਜਾਬ ਸਰਕਾਰ ਵੱਲੋਂ ਨੌਜਵਾਨਾਂ ਨੂੰ ਰੁਜ਼ਗਾਰ ਦੇਣ ਦੇ ਇਸ ਉਪਰਾਲੇ ਦੀ ਸ਼ਲਾਘਾ ਕਰਦਿਆਂ ਜ਼ਿਲ੍ਹਾ ਯੋਜਨਾ ਕਮੇਟੀ ਦੇ ਚੇਅਰਮੈਨ ਅੰਮ੍ਰਿਤਪਾਲ ਸਿੰਘ ਨੇ ਕਿਹਾ ਕਿ ਲੋਕਾਂ ਨੂੰ ਸਾਫ਼-ਸੁਥਰੀਆਂ, ਪਾਰਦਰਸ਼ੀ ਅਤੇ ਜਵਾਬਦੇਹ ਨਾਗਰਿਕ ਕੇਂਦਰਿਤ ਸੇਵਾਵਾਂ ਪ੍ਰਦਾਨ ਕਰਨ ਦੇ ਉਦੇਸ਼ ਨਾਲ ਇਨ੍ਹਾਂ ਪਟਵਾਰੀਆਂ ਦੀ ਨਿਯੁਕਤੀ ਕੀਤੀ ਗਈ ਹੈ। ਉਨ੍ਹਾਂ ਉਮੀਦ ਜਤਾਈ ਕਿ ਨੌਜਵਾਨ ਉਮੀਦਵਾਰਾਂ ਦੀ ਭਰਤੀ ਆਉਣ ਵਾਲੇ ਦਿਨਾਂ ਵਿੱਚ ਭ੍ਰਿਸ਼ਟਾਚਾਰ-ਮੁਕਤ ਸਮਾਜ ਦੀ ਸਿਰਜਣਾ ਲਈ ਅਹਿਮ ਸਾਬਤ ਹੋਵੇਗੀ ਅਤੇ ਉੱਚ ਵਿੱਦਿਅਕ ਯੋਗਤਾ ਪਾਸ ਇਨ੍ਹਾਂ ਪਟਵਾਰੀਆਂ ਦੀ ਤਾਇਨਾਤੀ ਨਾਲ ਈਜ਼ੀ ਜਮ ?ਾਬੰਦੀ, ਈਜ਼ੀ ਰਜਿਸਟਰੀ ਜਿਹੇ ਸੁਧਾਰਾਂ ਨੂੰ ਹੇਠਲੇ ਪੱਧਰ ਉੱਤੇ ਹੋਰ ਪ੍ਰਭਾਵਸ਼ਾਲੀ ਤਰੀਕੇ ਨਾਲ ਲਾਗੂ ਹੋ ਸਕੇਗੀ।



# ਵਿਧਾਇਕਾ ਮਾਣੂੰਕੇ ਦੇ ਯਤਨਾਂ ਸਦਕਾ ਭੰਮੀਪੁਰਾ ਵਿਖੇ ਬਿਜਲੀ ਦਾ ਨਵਾਂ 66 ਕੇਵੀ ਗਰਿੱਡ ਮੰਨਜੂਰ

**ਪਾਵਰਕਾਮ ਵਿਭਾਗ ਵੱਲੋਂ ਗਰਿੱਡ ਦੇ ਨਿਰਮਾਣ ਲਈ ਲਗਭਗ ਪੌਣੇ ਸੱਤ ਕਰੋੜ ਰੁਪਏ ਜਾਰੀ**

ਲੋਕ ਬਾਣੀ-ਹਲਕਾ ਜਗਰਾਉਂ ਦੇ ਵਿਧਾਇਕਾ ਬੀਬੀ ਸਰਵਜੀਤ ਕੌਰ ਮਾਣੂੰਕੇ ਦੇ ਯਤਨਾਂ ਸਦਕਾ ਇਲਾਕੇ ਦੇ ਲੋਕਾਂ ਨੂੰ ਨਿਰਵਿਘਨ ਅਤੇ ਪੂਰੀ ਬਿਜਲੀ ਸਪਲਾਈ ਦੇਣ ਲਈ ਪੰਜਾਬ ਸਰਕਾਰ ਵੱਲੋਂ ਪਿੰਡ ਭੰਮਪੁਰਾ ਵਿਖੇ ਬਿਜਲੀ ਦਾ ਨਵਾਂ 66 ਕੇਵੀ ਗਰਿੱਡ ਬਨਾਉਣ ਦੀ ਮੰਨਜੂਰੀ ਦੇ ਦਿੱਤੀ ਹੈ ਅਤੇ ਇਸ ਗਰਿੱਡ ਦੇ ਨਿਰਮਾਣ ਲਈ ਪੰਜਾਬ ਸਰਕਾਰ ਦੇ ਪੰਜਾਬ ਸਟੇਟ ਪਾਵਰ ਕਾਰਪੋਰੇਸ਼ਨ ਲਿਮਟਿਡ ਵਿਭਾਗ ਵੱਲੋਂ ਮਿਤੀ 21 ਅਗਸਤ ਨੂੰ ਪੱਤਰ ਨੰਬਰ 3780 ਰਾਹੀਂ ਲਗਭਗ ਪੌਣੇ ਸੱਤ ਕਰੋੜ ਰੁਪਏ ਵੀ ਜਾਰੀ ਕਰ ਦਿੱਤੇ ਗਏ ਹਨ। ਹਲਕੇ ਦੇ ਲੋਕਾਂ ਨੂੰ ਇਸ ਵੱਡੀ ਖੁਸ਼ਖਬਰੀ ਦੀ ਜਾਣਕਾਰੀ ਦਿੰਦੇ ਹੋਏ ਵਿਧਾਇਕਾ ਬੀਬੀ ਸਰਵਜੀਤ ਕੌਰ ਮਾਣੂੰਕੇ ਨੇ ਦੱਸਿਆ ਕਿ ਉਹ ਆਪਣੇ ਲੋਕਾਂ ਨੂੰ ਬਿਜਲੀ ਦੀਆਂ ਵੱਡੀਆਂ ਸਮੱਸਿਆਵਾਂ ਤੋਂ ਨਿਯਾਤ ਦਿਵਾਉਣ ਲਈ ਲਗਾਤਾਰ ਯਤਨਸ਼ੀਲ ਹਨ ਅਤੇ ਪਿੰਡ ਭੰਮੀਪੁਰਾ ਵਿਖੇ ਮੰਨਜੂਰ ਹੋਏ ਬਿਜਲੀ ਦੇ 66 ਕੇਵੀ ਗਰਿੱਡ ਦੀ ਮੰਨਜੂਰੀ ਤੋਂ ਪਹਿਲਾਂ ਪਿੰਡ ਗਿੱਦੜਵਿੰਡੀ ਵਿਖੇ ਸਵਾ ਚਾਰ ਕਰੋੜ ਰੁਪਏ ਦੀ ਲਾਗਤ ਨਾਲ ਨਵਾਂ 66 ਕੇਵੀ ਗਰਿੱਡ ਬਣਨਾਂ ਸ਼ੁਰੂ ਹੋ ਚੁੱਕਾ ਹੈ ਅਤੇ ਪਿੰਡ ਬੁਜਰਗ ਵਿਖੇ ਨਵਾਂ 66 ਕੇਵੀ ਗਰਿੱਡ ਬਨਾਉਣ ਲਈ ਪੌਣੇ ਸੱਤ ਕਰੋੜ ਰੁਪਏ ਦੀ ਰਕਮ ਵੀ ਜਾਰੀ ਹੋ ਚੁੱਕੀ ਹੈ, ਜਿਸ ਦੇ ਨਿਰਮਾਣ ਕਾਰਜਾਂ ਦੀ ਪ੍ਰਕਿਰਿਆ ਚੱਲ ਰਹੀ ਹੈ। ਇਸ ਤੋਂ ਇਲਾਵਾ ਪਿੰਡ ਕਾਉਂਕੇ ਕਲਾਂ ਵਿਖੇ ਵੀ ਨਵਾਂ 66 ਕੇਵੀ ਗਰਿੱਡ ਲਗਾਉਣ ਲਈ ਯਤਨ ਜਾਰੀ ਹਨ ਅਤੇ ਜਗਰਾਉਂ ਸ਼ਹਿਰ ਵਿੱਚ ਵੀ 66 ਕੇਵੀ ਗਰਿੱਡ ਸਥਾਪਿਤ ਕਰਵਾਉਣ ਲਈ ਉਪਰਾਲੇ ਕੀਤੇ ਜਾ ਰਹੇ ਹਨ।



# ਵਿਕਾਸ ਅਤੇ ਕਾਰੋਬਾਰ ਦੀ ਸੌਖ ਨੂੰ ਵਧਾਉਣ ਲਈ ਪੰਜਾਬ ਦੀ ਨਵੀਂ ਉਦਯੋਗਿਕ ਪਾਰਕ ਨੀਤੀ ਨੂੰ ਦਿਤਾ ਜਾ ਰਿਹਾ ਅੰਤਿਮ ਰੂਪ

## ਕਾਰੋਬਾਰੀ ਪ੍ਰਵਾਨਗੀਆਂ ਨੂੰ ਤੇਜ਼ ਕਰਨ ਲਈ ਫਾਸਟਟਰੈਕ ਪੰਜਾਬ ਪੋਰਟਲ ਸ਼ੁਰੂ ਕੀਤਾ ਗਿਆ

ਲੁਧਿਆਣਾ, (ਸੁਖਚੈਨ ਮਹਿਰਾ, ਵਰਿੰਦਰ ਪ੍ਰਕਾਸ਼ ਭਾਂਬਰੀ)-ਪੰਜਾਬ ਦੇ ਉਦਯੋਗ ਅਤੇ ਵਣਜ ਮੰਤਰੀ ਸੰਜੀਵ ਅਰੋੜਾ ਨੇ ਵੀਰਵਾਰ ਨੂੰ ਐਲਾਨ ਕੀਤਾ ਕਿ ਸੂਬਾ ਸਰਕਾਰ ਪੰਜਾਬ ਵਿੱਚ ਉਦਯੋਗਿਕ ਵਿਕਾਸ ਨੂੰ ਉਤਸ਼ਾਹਿਤ ਕਰਨ ਅਤੇ ਕਾਰੋਬਾਰ ਕਰਨ ਦੀ ਸੌਖ ਨੂੰ ਵਧਾਉਣ ਦੇ ਉਦੇਸ਼ ਨਾਲ ਇੱਕ ਨਵੀਂ ਉਦਯੋਗਿਕ ਪਾਰਕ ਨੀਤੀ ਨੂੰ ਅੰਤਿਮ ਰੂਪ ਦੇ ਰਹੀ ਹੈ। ਇੱਕ ਪ੍ਰੈਸ ਕਾਨਫਰੰਸ ਦੌਰਾਨ ਅਰੋੜਾ ਨੇ ਜ਼ੋਰ ਦੇ ਕੇ ਕਿਹਾ ਕਿ ਨੀਤੀ ਜੋ ਇਸ ਸਮੇਂ ਖਰੜਾ ਤਿਆਰ ਕਰਨ ਦੇ ਪੜਾਅ ਵਿੱਚ ਹੈ, ਭਾਰਤ ਵਿੱਚ ਸਭ ਤੋਂ ਵੱਧ ਪ੍ਰਤੀਯੋਗੀ ਹੋਣ ਲਈ ਤਿਆਰ ਕੀਤੀ ਗਈ ਹੈ। ਅਰੋੜਾ ਨੇ ਕਿਹਾ, ÷ਉਦਯੋਗਿਕ ਪਾਰਕ ਨੀਤੀ ਮਨੋਨੀਤ ਉਦਯੋਗਿਕ ਪਾਰਕਾਂ ਦੇ ਅੰਦਰ ਅਤਿ-ਆਧੁਨਿਕ ਬੁਨਿਆਦੀ ਢਾਂਚਾ ਅਤੇ ਵਿਆਪਕ ਸਹੂਲਤਾਂ ਦੀ ਪੇਸ਼ਕਸ਼ ਕਰਕੇ ਉਦਯੋਗਿਕ ਵਿਸਥਾਰ ਨੂੰ ਸਮਰਥਨ ਦੇਣ ਲਈ ਇੱਕ ਮਜ਼ਬੂਤ ਢਾਂਚਾ ਪ੍ਰਦਾਨ ਕਰੇਗੀ।÷ ਉਨ੍ਹਾਂ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਇਹ ਪਾਰਕ ਕਾਰੋਬਾਰੀ ਕਾਰਜਾਂ ਨੂੰ ਸੁਚਾਰੂ ਬਣਾਉਣਗੇ, ਨਿਵੇਸ਼ਾਂ ਨੂੰ ਆਕਰਸ਼ਿਤ ਕਰਨਗੇ ਅਤੇ ਉਦਯੋਗਾਂ ਦੇ ਵਧਣ-ਫੁੱਲਣ ਲਈ ਇੱਕ ਅਨੁਕੂਲ ਮਾਹੌਲ ਪੈਦਾ ਕਰਨਗੇ।




# ਬਰੁੱਕਫੀਲਡ ਸਕੂਲ ਦੇ ਵਿਦਿਆਰਥੀਆਂ ਨੂੰ ਸੜਕੀ ਨਿਯਮਾਂ ਬਾਰੇ ਜਾਗਰੂਕ ਕੀਤਾ ਗਿਆ - ਏ ਐੱਸ ਆਈ ਜਗੀਰ ਸਿੰਘ

ਜੇ ਕੇ ਬੱਤਾ ਖਰੜ - ਨਿਊ ਚੰਡੀਗੜ੍ਹ ਬੀਤੇ ਦਿਨੀਂ ਕੁਰਾਲੀ ਨੇੜਲੇ ਪਿੰਡ ਬੜੌਦੀ/ਸ਼ੇਖਪੁਰਾ ਨਜ਼ਦੀਕ ਪੈਂਦੇ ਬਰੁੱਕ ਫੀਲਡ ਸਕੂਲ ਵਿਖੇ ਟ ?ੈਫਿਕ ਇੰਚਾਰਜ਼ ਏ ਐੱਸ ਆਈ ਜਗੀਰ ਸਿੰਘ ਦੀ ਅਗਵਾਈ ਹੇਠ ਟ ?ੈਫਿਕ ਪੁਲਿਸ ਮੁਣਸੀ ਜਸਪਾਲ ਸਿੰਘ ਨਾਲ ਮਿਲ ਕੇ ਜਾਗਰੂਕਤਾ ਕੈਂਪ ਲਗਾਇਆ ਗਿਆ।ਇਸ ਸਬੰਧੀ ਜਾਣਕਾਰੀ ਸਾਂਝੀ ਕਰਦਿਆਂ ਟ ?ੈਫਿਕ ਪੁਲਿਸ ਇੰਚਾਰਜ ਕੁਰਾਲੀ ਏ ਐੱਸ ਆਈ ਜਗੀਰ ਸਿੰਘ ਨੇ ਦੱਸਿਆ ਕਿ ਸੀਨੀਅਰ ਅਫਸਰਾਂ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਬਰੁੱਕ ਫੀਲਡ ਸਕੂਲ ਦੇ ਵਿਦਿਆਰਥੀਆਂ, ਅਧਿਆਪਕਾਂ ਅਤੇ ਬਸ ਡਰਾਈਵਰਾਂ ਨੂੰ ਸਾਂਝੇ ਤੌਰ ਤੇ ਇੱਕ ਜਾਗਰੂਕਤਾ ਕੈਂਪ ਰਾਹੀਂ ਨਵੇਂ ਜਾਰੀ ਕੀਤੇ ਗਏ ਸੜਕੀ ਕਾਨੂੰਨਾਂ ਅਤੇ ਸੜਕੀ ਨਿਯਮਾਂ ਸਬੰਧੀ ਜਾਗਰੂਕ ਕੀਤਾ ਗਿਆ। ਜਿਸ ਵਿੱਚ ਸਕੂਲ ਦੇ ਸਮੂਹ ਸਟਾਫ ਵੱਲੋਂ ਭਰਪੂਰ ਸਹਿਯੋਗ ਕੀਤਾ ਗਿਆ।ਇਸ ਮੌਕੇ ਬੱਚਿਆਂ ਨੂੰ ਦੱਸਿਆ ਗਿਆ ਕਿ ਸੜਕਾਂ ਤੇ ਚੱਲਣ ਸਮੇਂ ਕਿਨਾਂ ਸੜਕੀ ਨਿਯਮਾਂ ਦੀ ਪਾਲਣਾ ਕਰਨੀ ਚਾਹੀਦੀ ਹੈ ਅਤੇ ਕਿੰਨੀ ਉਮਰ ਦੇ ਵਿਦਿਆਰਥੀ ਕੋਈ ਵ ?ੀਕਲ ਚਲਾ ਸਕਦੇ ਹਨ । ਉਨ੍ਹਾਂ ਨੂੰ ਸਮਝਾਇਆ ਗਿਆ ਹੈ ਕਦੇ ਵੀ ਆਪਣੇ ਮਾਤਾ ਪਿਤਾ ਦੀ ਇਜਾਜ਼ਤ ਤੋਂ ਬਿਨਾਂ 18 ਸਾਲ ਤੋਂ ਘੱਟ ਉਮਰ ਵਿੱਚ ਕੋਈ ਵੀ ਵ ?ੀਕਲ ਚਲਾਉਣਾ ਉਨ੍ਹਾਂ ਲਈ ਅਤੇ ਉਨ੍ਹਾਂ ਦੇ ਮਾਪਿਆਂ ਲਈ ਸਜ਼ਾ ਜਾਂ ਜੁਰਮਾਨੇ ਦਾ ਕਾਰਨ ਬਣ ਸਕਦਾ ਹੈ।ਇਸ ਤੋਂ ਇਲਾਵਾ ਨਸ਼ੇ ਕਰ ਕੇ ਵਾਹਨ ਨਾ ਚਲਾਉਣ ਬਾਰੇ ਅਤੇ ਟਰੈਫਿਕ ਨਿਯਮਾਂ ਬਾਰੇ, ਅੰਡਰਏਜ ਡਰਾਇਵਿੰਗ ਨਾ ਕਰਨ ਬਾਰੇ, ਅਣਪਛਾਤੇ ਵਹੀਕਲ ਨਾਲ ਐਕਸੀਡੈਂਟ ਹੋਣ ਤੇ ਸਲੇਸ਼ੀਅਨ ਫੰਡ ਮੁਆਵਜ਼ਾ ਲੈਣ ਸਬੰਧੀ, ਲੇਨ ਡਰਾਇਵਿੰਗ ਬਾਰੇ, ਪ੍ਰੈਸ਼ਰ ਹਾਰਨ ਦੀ ਵਰਤੋਂ ਨਾ ਕਰਨ ਬਾਰੇ ਵਾਤਾਵਰਣ ਦੀ ਸੁਰੱਖਿਅਤ ਬਾਰੇ ਜਾਣਕਾਰੀ ਦਿੱਤੀ। ਵਾਹਨਾਂ ਤੇ ਹਾਈ ਸਿਕਓਰਿਟੀ ਨੰਬਰ ਪਲੇਟਾਂ ਲਗਵਾਉਣ, ਦੋ ਪਹੀਆ ਵਾਹਨ ਤੇ ਹੈਲਮਟ ਪਾਉਣ ਬਾਰੇ, ਵਾਹਨਾਂ ਨੂੰ ਸੜਕ ਤੇ ਖੜਾ ਕਰਨ ਦੀ ਬਜਾਏ ਸਹੀ ਪਾਰਕਿੰਗ ਕਰਨ ਬਾਰ, ਖੱਬੇ-ਸੱਜੇ ਮੁੜਨ ਵੇਲੇ ਇੰਡੀਕੇਟਰ ਦੀ ਵਰਤੋ ਬਾਰੇ, ਲਾਲ ਬੱਤੀ ਦੀ ਉਲੰਘਣਾ ਨਾ ਕਰਨ ਬਾਰੇ, ਕਿਸੇ ਵੀ ਤਰ੍ਹਾਂ ਦਾ ਨਸ਼ਾ ਕਰਕੇ ਕੋਈ ਵੀ ਵਾਹਨ ਨਾ ਚਲਾਉਣ ਬਾਰੇ,ਬੁਲਟ ਮੋਟਰਸਾਇਕਲ ਤੇ ਪਟਾਕੇ ਨਾ ਮਾਰਨ ਅਤੇ ਨਾ ਮੋਡਿਫਾਈ ਕਰਾਨ ਦੀ ਅਪੀਲ ਕੀਤੀ। ਸਾਰੇ ਟਰੈਫਿਕ ਨਿਯਮਾਂ ਦੀ ਇੰਨ ਬਿੰਨ ਪਾਲਣਾ ਕਰਨ ਬਾਰੇ ਤੋਂ ਜੋ ਸੜਕੀ ਹਾਦਸਿਆਂ ਨੂੰ ਘਟਾਇਆ ਜਾ ਸਕੇ।



# ਗੁਰਦੁਆਰਾ ਗੜ੍ਹੀ ਭੌਰਖਾ ਸਾਹਿਬ ਮਾਜਰੀ ਬਲਾਕ ਵਿਖੇ 24 ਅਗਸਤ ਨੂੰ ਹੋਵੇਗਾ ਗੁਰਪੁਰਬ ਸਮਾਗਮ

**ਮੁਫ਼ਤ ਮੈਡੀਕਲ ਕੈਂਪ ਵੀ ਲੱਗੇਗਾ- ਭਾਈ ਹਰਜੀਤ ਸਿੰਘ ਹਰਮਨ**

ਜੇ ਕੇ ਬੱਤਾ ਖਰੜ - ਨਿਊ ਚੰਡੀਗੜ੍ਹ ਗੁਰਦੁਆਰਾ ਗੜ੍ਹੀ ਭੌਰਖਾ ਸਾਹਿਬ ਮਾਜਰੀ ਬਲਾਕ ਵਿਖੇ 24 ਅਗਸਤ ਨੂੰ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਪ੍ਰਕਾਸ਼ ਪੁਰਬ ਮਨਾਇਆ ਜਾਵੇਗਾ ਅਤੇ ਮੈਡੀਕਲ ਕੈਂਪ ਵੀ ਲਾਇਆ ਜਾਵੇਗਾ। ਇਸ ਸਬੰਧੀ ਇਸ ਸਬੰਧੀ ਗੁਰਦੁਆਰਾ ਕਮੇਟੀ ਵੱਲੋਂ ਜਾਣਕਾਰੀ ਦਿੰਦਿਆਂ ਮੁੱਖ ਪ੍ਰਬੰਧਕ ਭਾਈ ਹਰਜੀਤ ਸਿੰਘ ਹਰਮਨ ਨੇ ਦੱਸਿਆ ਕਿ ਗੁਰਪੁਰਬ ਸਬੰਧੀ ਸ੍ਰੀ ਸੁਖਮਨੀ ਸਾਹਿਬ ਜੀ ਦੇ ਭੋਗ ਪਾਏ ਜਾਣਗੇ ਅਤੇ ਭਾਈ ਰਜਿੰਦਰ ਸਿੰਘ ਸਭਰਾ ਗੁਰਬਾਣੀ ਤੇ ਇਤਿਹਾਸ ਦੀ ਕਥਾ ਕਰਨਗੇ। ਇਸੇ ਦੌਰਾਨ ਸੰਤੋਖ ਹਸਪਤਾਲ ਚੰਡੀਗੜ੍ਹ ਦੇ ਸਹਿਯੋਗ ਨਾਲ 10 ਤੋਂ 12 ਵਜੇ ਤੱਕ ਮੈਡੀਕਲ ਕੈਂਪ ਲਗਾਇਆ ਜਾਵੇਗਾ । ਜਿਸ ਦੌਰਾਨ ਵੱਖ ਵੱਖ ਸਰੀਰਕ ਬਿਮਾਰੀਆਂ ਸਬੰਧੀ ਟੈਸਟ ਕੀਤੇ ਜਾਣਗੇ ਅਤੇ ਦਵਾਈਆਂ ਦਿੱਤੀਆਂ ਜਾਣਗੀਆਂ। ਇਸ ਦੌਰਾਨ ਗੁਰੂ ਦਾ ਲੰਗਰ ਅਤੁੱਟ ਵਰਤੇਗਾ। ਉਨ੍ਹਾਂ ਇਲਾਕੇ ਦੇ ਲੋਕਾਂ ਨੂੰ ਪੁੱਜਕੇ ਕੈਂਪ ਦਾ ਲਾਹਾ ਲੈਣ ਦੀ ਅਪੀਲ ਕੀਤੀ।

# ਐਸ.ਸੀ.ਡੀ. ਸਰਕਾਰੀ ਕਾਲਜ, ਲੁਧਿਆਣਾ ਨੇ ਮਨਾਇਆ ਵਿਦਿਆਰਥੀਆਂ ਦੀਆਂ ਸ਼ਾਨਦਾਰ ਉਪਲਬਧੀਆਂ ਦਾ ਜਸ਼ਨ

ਲੁਧਿਆਣਾ ( ਸੁਖਚੈਨ ਮਹਿਰਾ) ਐਸ.ਸੀ.ਡੀ. ਸਰਕਾਰੀ ਕਾਲਜ, ਲੁਧਿਆਣਾ ਲਈ ਮਾਣ ਦੀ ਗੱਲ ਹੈ ਕਿ ਇੱਥੋਂ ਦੇ ਵਿਦਿਆਰਥੀਆਂ ਨੇ ਪੰਜਾਬ ਯੂਨੀਵਰਸਿਟੀ, ਚੰਡੀਗੜ੍ਹ ਵੱਲੋਂ ਕਰਵਾਈਆਂ ਗਈਆਂ ਐਮ.ਐੱਸਸੀ. (ਰਸਾਇਣ ਵਿਗਿਆਨ) ਅਤੇ ਐਮ.ਐੱਸਸੀ. (ਭੌਤਿਕ ਵਿਗਿਆਨ) ਦੀਆਂ ਪ੍ਰੀਖਿਆਵਾਂ ਵਿੱਚ ਉਲਲੇਖਣੀਯ ਉਪਲਬਧੀਆਂ ਪ੍ਰਾਪਤ ਕੀਤੀਆਂ ਹਨ। ਵਿਦਿਆਰਥੀਆਂ ਨੇ ਯੂਨੀਵਰਸਿਟੀ ਪੱਧਰ 'ਤੇ ਉੱਚੇ ਸਥਾਨ ਹਾਸਲ ਕਰਕੇ ਸੰਸਥਾ ਅਤੇ ਸ਼ਹਿਰ ਦਾ ਨਾਮ ਰੋਸ਼ਨ ਕੀਤਾ ਹੈ। ਐਮ.ਐੱਸਸੀ. (ਰਸਾਇਣ ਵਿਗਿਆਨ) ਚੌਥੇ ਸਮੈਸਟਰ ਦੀ ਪ੍ਰੀਖਿਆ ਵਿੱਚ ਮਨਵੀਰ ਕੌਰ ਨੇ ਪਹਿਲਾ ਅਤੇ ਹਰਸਿਮਰਨ ਕੌਰ ਨੇ




ਤੀਜਾ ਸਥਾਨ ਹਾਸਲ ਕੀਤਾ। ਇਸੇ ਤਰ੍ਹਾਂ ਐਮ.ਐੱਸਸੀ. (ਭੌਤਿਕ ਵਿਗਿਆਨ) ਦੇ ਦੂਜੇ ਅਤੇ ਚੌਥੇ ਸਮੈਸਟਰ ਦੀਆਂ ਪ੍ਰੀਖਿਆਵਾਂ ਵਿੱਚ ਕ੍ਰਮਵਾਰ ਬਿਪਨਜੋਤ ਅਤੇ ਪ੍ਰੀਤਕਮਲ ਨੇ ਪਹਿਲਾ ਸਥਾਨ ਪ੍ਰਾਪਤ ਕੀਤਾ। ਪ੍ਰਿੰਸੀਪਲ ਪ੍ਰੋ. (ਡਾ.) ਗੁਰਸ਼ਰਨ ਜੀਤ ਸਿੰਘ ਸੰਧੂ ਦੀ ਦੂਰਦਰਸ਼ੀ ਨੇਤ੍ਰਤਵ ਹੇਠ ਕਾਲਜ ਲਗਾਤਾਰ ਅਕਾਦਮਿਕ ਸ਼੍ਰੇਸ਼ਠਤਾ ਵੱਲ ਅਗਰਸਰ ਹੈ। ਪ੍ਰੋ. ਡਾ. ਸੰਧੂ ਨੇ ਵਿਦਿਆਰਥੀਆਂ ਦੀ ਇਸ ਸ਼ਾਨਦਾਰ ਕਾਮਯਾਬੀ 'ਤੇ ਦਿਲੋਂ ਵਧਾਈ ਦਿੱਤੀ ਅਤੇ ਕਿਹਾ ਕਿ ਉਨ੍ਹਾਂ ਦੀ ਇਹ ਉਪਲਬਧੀ ਸੰਸਥਾ ਵੱਲੋਂ ਪ੍ਰਤਿਭਾ ਨੂੰ ਪ੍ਰੋਤਸਾਹਨ ਦੇਣ ਦੀ ਵਚਨਬੱਧਤਾ ਦਾ ਸਬੂਤ ਹੈ।

# ਪੁਲਿਸ ਵੱਲੋਂ ਪਿੰਡ ਚੇਚੀਆਂ ਛੋੜੀਆਂ ਚ ਕੈਂਪ ਦੌਰਾਨ ਭਾਜਪਾ ਆਗੂਆਂ ਨੂੰ ਲਿਆ ਹਿਰਾਸਤ ਚ

**ਵੱਡੀ ਗਿਣਤੀ ਚ ਵਰਕਰਾਂ ਨੂੰ ਕਈ ਘੰਟੇ ਹਿਰਾਸਤ ਚ ਰੱਖਣ ਤੋਂ ਬਾਅਦ ਕੀਤਾ ਰਿਹਾਅ**

ਦੀਨਾਨਗਰ, (ਡਾ.ਰਮੇਸ਼ ਸਰੰਗਲ )– – ਭਾਜਪਾ ਆਗੂਆਂ ਵੱਲੋਂ ਕੇਂਦਰ ਸਰਕਾਰ ਦੀਆਂ ਯੋਜਨਾਵਾਂ ਨੂੰ ਘਰ-ਘਰ ਪਹੁੰਚਾਉਣ ਲਈ ਪਿੰਡ ਚੇਚੀਆਂ ਛੋੜੀਆਂ ਵਿੱਚ ਲਗਾਏ ਜਾ ਰਹੇ ਕੈਂਪ ਵਿੱਚ ਮਾਹੌਲ ਉਸ ਸਮੇਂ ਤਣਾਅਪੂਰਨ ਹੋ ਗਿਆ ਜਦੋਂ ਦੀਨਾਨਗਰ ਹਲਕੇ ਅਧੀਨ ਆਉਂਦੇ ਚਾਰ ਥਾਣਿਆਂ ਦੀ ਪੁਲਿਸ ਨੇ ਭਾਜਪਾ ਜ਼ਿਲ੍ਹਾ ਪ੍ਰਧਾਨ ਬਘੇਲ ਸਿੰਘ ਬਾਹੀਆਂ ਸਮੇਤ ਵੱਡੀ ਗਿਣਤੀ ਵਿੱਚ ਭਾਜਪਾ ਆਗੂਆਂ ਨੂੰ ਬਿਨਾਂ ਕਿਸੇ ਕਾਰਨ ਅਤੇ ਜਾਣਕਾਰੀ ਦੇ ਹਿਰਾਸਤ ਵਿੱਚ ਲੈ ਲਿਆ। ਉਧਰ ਭਾਜਪਾ ਆਗੂਆਂ ਨੂੰ ਹਿਰਾਸਤ ਵਿੱਚ ਲੈਣ ਤੋਂ ਬਾਅਦ ਰੋਹ ਵਿੱਚ ਆਏ ਭਾਜਪਾ ਵਰਕਰਾਂ ਵੱਲੋਂ ਥਾਣਾ ਦੀਨਾਨਗਰ ਦੇ ਬਾਹਰ ਧਰਨਾ ਲਗਾ ਕੇ ਰੋਸ਼ ਪ੍ਰਦਰਸ਼ਨ ਕੀਤਾ ਗਿਆ। ਇਸ ਮੌਕੇ ਪੰਜਾਬ ਸਰਕਾਰ ਖਿਲਾਫ




ਨਾਅਰੇਬਾਜੀ ਵੀ ਕੀਤੀ ਗਈ। ਹਾਲਾਂਕ ਬਾਅਦ ਵਿੱਚ ਆਗੂਆਂ ਨੂੰ ਰਿਹਾਅ ਕਰ ਦਿੱਤਾ ਗਿਆ।

# ਪੰਜਾਬ ਸਰਕਾਰ ਨੇ ਕਿਰਤੀ ਲਈ ਸਕੀਮਾਂ ਨੂੰ ਸਰਲ ਬਣਾਇਆ : ਰਣਜੀਤ ਸਿੰਘ ਪਾਹੜਾ ਹਲਕਾ ਵਾਈਸ ਕੋਆਡੀਨੇਟਰ

**ਮਨਰੇਗਾ ਵਰਕਰਾਂ ਨੂੰ ਵੈੱਲਫੇਅਰ ਬੋਰਡ ਨਾਲ ਰਜਿਸਟਰ ਹੋਣ ਲਈ ਕੀਤਾ ਉਤਸ਼ਾਹਿਤ -ਰਣਜੀਤ ਸਿੰਘ ਪਾਹੜਾ**

ਗੁਰਦਾਸਪੁਰ ( ਜਸਵਿੰਦਰ ਸਿੰਘ ) – ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਕਿਰਤੀਆਂ ਦੀ ਭਲਾਈ ਲਈ ਵਚਨਬੱਧ ਹੈ ਅਤੇ ਰਾਜ ਸਰਕਾਰ ਨੇ ਕਿਰਤ ਵਿਭਾਗ ਵੱਲੋਂ ਕਿਰਤੀਆਂ ਲਈ ਚਲਾਈਆਂ ਜਾ ਰਹੀਆਂ ਕਈ ਸਕੀਮਾਂ ਨੂੰ ਸਰਲ ਬਣਾਇਆ ਗਿਆ ਹੈ ਤਾਂ ਜੋ ਇਨ੍ਹਾਂ ਸਕੀਮਾਂ ਤੱਕ ਕਿਰਤੀਆਂ ਦੀ ਸੁਖਾਲੀ ਪਹੁੰਚ ਨੂੰ ਯਕੀਨੀ ਬਣਾਇਆ ਜਾ ਸਕੇ ਇਹ ਪ੍ਰਗਟਾਵਾ ਕਰਦਿਆਂ ਆਮ ਆਦਮੀ ਪਾਰਟੀ ਰਣਜੀਤ ਸਿੰਘ ਪਾਹੜਾ ਹਲਕਾ ਵਾਈਸ ਕੋਆਡੀਨੇਟਰ ਗੁਰਦਾਸਪੁਰ ਨੇ ਕਿਹਾ ਕਿ ਪੰਜਾਬ ਬਿਲਡਿੰਗ ਵਰਕਰਜ਼ ਵੈੱਲਫੇਅਰ ਬੋਰਡ ਦੀ 'ਸ਼ਗਨ ਸਕੀਮ' ਵਿੱਚ ਤਹਿਸੀਲਦਾਰ ਦੁਆਰਾ ਵਿਆਹ ਸਰਟੀਫਿਕੇਟ ਜਾਰੀ ਕਰਨ ਦੀ ਲੋੜ ਨੂੰ ਹਟਾ ਦਿੱਤਾ ਗਿਆ ਹੈ ਅਤੇ ਹੁਣ ਇਸ ਸਬੰਧੀ ਧਾਰਮਿਕ ਸੰਸਥਾ, ਜਿੱਥੇ ਵਿਆਹ ਹੋਇਆ ਹੋਵੇ ਦੀ ਤਸਵੀਰ ਅਤੇ ਦੋਵਾਂ ਪਰਿਵਾਰਾਂ ਵੱਲੋਂ ਦਿੱਤਾ ਸਵੈ-ਘੋਸ਼ਣਾ ਪੱਤਰ ਕਾਫ਼ੀ ਹੋਵੇਗਾ ਰਣਜੀਤ ਸਿੰਘ ਨੇ ਦੱਸਿਆ ਕਿ ਇਸ ਯੋਜਨਾ ਤਹਿਤ ਸਰਕਾਰ ਵੱਲੋਂ 51,000 ਰੁਪਏ ਦੀ ਰਾਸ਼ੀ ਪ੍ਰਦਾਨ ਕੀਤੀ ਜਾਂਦੀ ਹੈ। ਇਸੇ ਤਰ੍ਹਾਂ ਹੁਣ ਸਿਰਫ਼ ਬੱਚੇ ਦਾ ਜਨਮ ਸਰਟੀਫਿਕੇਟ ਜਮਾਂ ਕਰਵਾਉਣ 'ਤੇ ਮਹਿਲਾ ਉਸਾਰੀ ਕਿਰਤੀਆਂ ਲਈ 21,000 ਰੁਪਏ ਅਤੇ ਪੁਰਸ਼ਾਂ ਲਈ 5,000 ਰੁਪਏ ਦੇ ਜਣੇਪਾ ਲਾਭ ਪ੍ਰਦਾਨ ਕੀਤੇ ਜਾਂਦੇ ਹਨ। ਇਸ ਤੋਂ ਪਹਿਲਾਂ ਬੱਚੇ ਦਾ ਆਧਾਰ ਕਾਰਡ ਜਮਾਂ ਕਰਵਾਉਣਾ ਪੈਂਦਾ ਸੀ ਪਰ ਹੁਣ ਇਹ ਪੁਰਾਣੀ ਸ਼ਰਤ ਨੂੰ ਹਟਾ ਦਿੱਤਾ ਗਿਆ ਹੈ ਇਸੇ ਤਰ੍ਹਾਂ ਪੰਜਾਬ ਕਿਰਤ ਭਲਾਈ ਬੋਰਡ ਵਿੱਚ ਸ਼ਗਨ ਸਕੀਮ ਦਾ ਲਾਭ ਲੈਣ ਲਈ ਰਜਿਸਟਰਡ ਮੈਰਿਜ ਸਰਟੀਫਿਕੇਟ ਦੀ ਸ਼ਰਤ ਵੀ ਖ਼ਤਮ ਕਰ ਦਿੱਤੀ ਗਈ ਹੈ



# ਬਾਲ ਭਿੱਖਿਆ ਦੀ ਰੋਕਥਾਮ ਲਈ ਵਰਧਮਾਨ ਚੌਂਕ ਵਿਖੇ ਜਾਗਰੂਕਤਾ ਅਭਿਆਨ ਚਲਾਇਆ

ਲੁਧਿਆਣਾ, (ਸੁਖਚੈਨ ਮਹਿਰਾ, ਵਰਿੰਦਰ ਪ੍ਰਕਾਸ਼ ਭਾਂਬਰੀ) – 'ਜੀਵਨਜੋਤ ਪ੍ਰੋਜੈਕਟ- ਸੇਵ ਦ ਚਾਇਲਡਹੁੱਡ' ਤਹਿਤ ਬਾਲ ਭਿੱਖਿਆ ਦੀ ਰੋਕਥਾਮ ਲਈ ਜ਼ਿਲ੍ਹਾ ਟਾਸਕ ਫੋਰਸ ਟੀਮ ਵੱਲੋਂ ਸਥਾਨਕ ਵਰਧਮਾਨ ਚੌਂਕ ਵਿਖੇ ਜਾਗਰੂਕਤਾ ਅਭਿਆਨ ਚਲਾਇਆ ਗਿਆ। ਜ਼ਿਲ੍ਹਾ ਬਾਲ ਸੁਰੱਖਿਆ ਅਫਸਰ ਲੁਧਿਆਣਾ, ਰਸ਼ਮੀ ਦੀ ਅਗਵਾਈ ਹੇਠ ਜ਼ਿਲ੍ਹਾ ਟਾਸਕ ਫੋਰਸ ਟੀਮ ਵੱਲੋਂ ਵਰਧਮਾਨ ਚੌਂਕ, ਲੁਧਿਆਣਾ ਵਿਖੇ ਆਮ ਲੋਕਾਂ ਨੂੰ ਜਾਗਰੂਕ ਕਰਦਿਆਂ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਛੋਟੇ ਬੱਚਿਆਂ ਨੂੰ ਇਕੱਲਾ ਨਾ ਛੱਡਿਆ ਜਾਵੇ। ਉਨ੍ਹਾਂ ਵੱਖ-ਵੱਖ ਥਾਵਾਂ 'ਤੇ ਗੱਲਬਾਤ ਕਰਦਿਆਂ ਦੱਸਿਆ ਕਿ ਸੜਕਾਂ ਕੰਢੇ ਬੱਚਿਆਂ ਦਾ ਵਿਸ਼ੇਸ਼ ਧਿਆਨ ਰੱਖਿਆ ਜਾਵੇ ਅਤੇ ਬੱਚਿਆਂ ਨੂੰ ਬਾਲ ਮਜਦੂਰੀ ਅਤੇ ਬਾਲ ਭਿੱਖਿਆ ਤੋਂ ਰੋਕਣ ਵਿੱਚ ਪ੍ਰਸ਼ਾਸ਼ਨ ਦਾ ਸਹਿਯੋਗ ਕੀਤਾ ਜਾਵੇ। ਇਸ ਤੋਂ ਇਲਾਵਾ ਜ਼ਿਲ੍ਹਾ ਟਾਸਕ ਫੋਰਸ ਵੱਲੋਂ ਦੁਕਾਨਾਂ 'ਤੇ ਵੀ




ਜਾਂਚ ਕੀਤੀ ਅਤੇ ਬਾਲ ਮਜ਼ਦੂਰੀ ਕਰਵਾਉਣ ਤੋਂ ਗੁਰੇਜ਼ ਕਰਨ ਲਈ ਪ੍ਰੇਰਿਤ ਕੀਤਾ। ਜ਼ਿਲ੍ਹਾ ਬਾਲ ਸੁਰੱਖਿਆ ਅਫਸਰ ਵੱਲੋਂ ਦੱਸਿਆ ਗਿਆ ਕਿ ਭਵਿੱਖ ਵਿੱਚ ਵੀ ਅਚਨਚੇਤ ਚੈਕਿੰਗ ਜਾਰੀ ਰਹੇਗੀ ਤਾਂ ਜੋ ਲੁਧਿਆਣਾ ਨੂੰ ਬਾਲ ਭਿਖਿਆ ਤੋਂ ਮੁਕਤ ਕੀਤਾ ਜਾ ਸਕੇ ਅਤੇ ਬੱਚਿਆਂ ਨੂੰ ਸਕੂਲ ਵਿੱਚ ਦਾਖਲ ਕਰਵਾ ਕੇ ਉਹਨਾਂ ਦਾ ਭਵਿੱਖ ਸੁਰੱਖਿਅਤ ਅਤੇ ਉਜਵਲ ਬਣਾਇਆ ਜਾ ਸਕੇ । ਟੀਮ ਵਿੱਚ ਜਿਲ੍ਹਾ ਬਾਲ ਸੁਰੱਖਿਆ ਅਫਸਰ ਦੇ ਨਾਲ ਸਨਦੀਪ ਸਿੰਘ (ਕੇਸ ਵਰਕਰ ਚਾਈਲਡ ਲਾਈਨ), ਸ਼ਿਲਪਾ ਪ੍ਰਭਾਕਰ (ਸੁਪਰਵਾਈਜਰ, ਚਾਈਲਡ ਲਾਈਨ), ਸਨਦੀਪ ਸਿੰਘ (ਬੀ.ਬੀ.ਏ), ਬਲਰਾਜ ਸਿੰਘ (ਸਿਖਿਆ ਵਿਭਾਗ) ਵੀ ਮੌਜੂਦ ਸਨ।

# ਗੁਰਦਾਸਪੁਰ ਜੀਆ ਲਾਲ ਮਿੱਤਲ ਡੀਏਵੀ ਪਬਲਿਕ ਸਕੂਲ ਦੇ ਵਿਦਿਆਰਥੀਆਂ ਨੇ ਜ਼ਿਲ੍ਹਾ ਪੱਧਰੀ ਮੁਕਾਬਲਾ ਜਿੱਤਿਆ

**ਪ੍ਰਿੰਸੀਪਲ ਸ੍ਰੀ ਰਾਜੀਵ ਭਾਰਤੀ ਨੇ ਵਿਦਿਆਰਥੀਆਂ ਅਤੇ ਉਹਨਾਂ ਮਾਪਿਆਂ ਵਧਾਈ ਦਿੱਤੀ**

ਗੁਰਦਾਸਪੁਰ ( ਜਸਵਿੰਦਰ ਸਿੰਘ) – ਜੀਆ ਲਾਲ ਮਿੱਤਲ ਡੀਏਵੀ ਪਬਲਿਕ ਸਕੂਲ ਦੇ ਵਿਦਿਆਰਥੀਆਂ ਨੇ ਜ਼ਿਲ੍ਹਾ ਪੱਧਰੀ ਮੁਕਾਬਲਾ ਜਿੱਤਿਆ ਸਿੱਖਿਆ ਦੇ ਖੇਤਰ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦੇ ਹੋਏ, ਜੀਆ ਲਾਲ ਮਿੱਤਲ ਡੀਏਵੀ ਪਬਲਿਕ ਸਕੂਲ ਦੇ ਪ੍ਰਤਿਭਾਸ਼ਾਲੀ ਵਿਦਿਆਰਥੀਆਂ ਨੇ ਜ਼ਿਲ੍ਹਾ ਪੱਧਰੀ ਮੁਕਾਬਲੇ ਵਿੱਚ ਆਪਣੀ ਪ੍ਰਤਿਭਾ ਦਾ ਸਬੂਤ ਦਿੱਤਾ ਸਕੂਲ ਦੀ ਵਿਦਿਆਰਥਣ ਗੁਰਮਨਪ੍ਰੀਤ ਕੌਰ ਨੇ ਆਪਣੇ ਮਜ਼ਬੂਤ ਵਿਚਾਰਾਂ ਅਤੇ ਰਚਨਾਤਮਕ ਲੇਖਣੀ ਦੇ ਆਧਾਰ 'ਤੇ ਲੇਖ ਲਿਖਣ ਮੁਕਾਬਲੇ ਵਿੱਚ ਤੀਜਾ ਸਥਾਨ ਪ੍ਰਾਪਤ ਕੀਤਾ। ਅਤੇ ਨਕਦ ਇਨਾਮ ਪ੍ਰਾਪਤ ਕੀਤਾ। ਜਦੋਂ ਕਿ ਹਰਨੂਰ ਨੇ ਆਪਣੀ ਪ੍ਰਭਾਵਸ਼ਾਲੀ ਪੇਸ਼ਕਾਰੀ ਅਤੇ



ਭਾਵਨਾਤਮਕ ਪ੍ਰਗਟਾਵੇ ਨਾਲ ਕਵਿਤਾ ਲੇਖਣ ਮੁਕਾਬਲੇ ਵਿੱਚ ਦੂਜਾ ਸਥਾਨ ਪ੍ਰਾਪਤ ਕੀਤਾ ਅਤੇ ਨਕਦ ਇਨਾਮ ਪ੍ਰਾਪਤ ਕੀਤਾ ਅਤੇ ਸਾਰਿਆਂ ਦਾ ਦਿਲ ਜਿੱਤ ਲਿਆ। ਇਨ੍ਹਾਂ ਪ੍ਰਾਪਤੀਆਂ ਕਾਰਨ ਸਕੂਲ ਪਰਿਵਾਰ ਵਿੱਚ ਖੁਸ਼ੀ ਦਾ ਮਾਹੌਲ ਹੈ। ਇਸ ਮੌਕੇ ਸਕੂਲ ਦੇ ਪ੍ਰਿੰਸੀਪਲ ਸ੍ਰੀ ਰਾਜੀਵ ਭਾਰਤੀ ਨੇ ਵਿਦਿਆਰਥੀਆਂ ਨੂੰ ਵਧਾਈ ਦਿੱਤੀ ਅਤੇ ਉਨ੍ਹਾਂ ਦੇ ਉੱਜਵਲ ਭਵਿੱਖ ਦੀ ਕਾਮਨਾ ਕੀਤੀ

# ਆਮ ਆਦਮੀ ਪਾਰਟੀ ਦੇ ਨਵ ਨਿਯੁਕਤ ਜ਼ਿਲ੍ਹਾ ਪ੍ਰਧਾਨ ਐਸੀ ਵਿੰਗ ਗੁਰਦਾਸਪੁਰ ਜਸਵਿੰਦਰ ਪਾਲ ਨੂੰ ਕੇਜੇ ਹਸਪਤਾਲ ਪਹੁੰਚਣ ਤੇ ਉਹਨ੍ਹਾਂ ਦਾ ਭਰਵਾਂ ਸੁਆਗਤ ਕੀਤਾ ਗਿਆ

**ਆਮ ਆਦਮੀ ਪਾਰਟੀ ਵਿੱਚ ਮਿਹਨਤ ਕਰਨ ਵਾਲੇ ਹਰ ਵਰਕਰ ਅਤੇ ਆਗੂ ਨੂੰ ਬਰਾਬਰ ਦਾ ਮਾਣ ਸਨਮਾਨ ਮਿਲਦਾ ਹੈ -ਡਾ ਕਮਲਜੀਤ ਸਿੰਘ ਕੇਜੇ**

ਗੁਰਦਾਸਪੁਰ ( ਜਸਵਿੰਦਰ ਸਿੰਘ )– ਆਮ ਆਦਮੀ ਪਾਰਟੀ ਦੇ ਨਵ ਨਿਯੁਕਤ ਜ਼ਿਲ੍ਹਾ ਪ੍ਰਧਾਨ ਐਸੀ ਵਿੰਗ ਗੁਰਦਾਸਪੁਰ ਸਰਦਾਰ ਜਸਵਿੰਦਰ ਪਾਲ ਜੀ ਅੱਜ ਮੇਰੇ ਨਿਵਾਸ ਸਥਾਨ ਕੇਜੇ ਹਸਪਤਾਲ ਧਾਰੀਵਾਲ ਪਹੁੰਚਣ ਤੇ ਮੇਰੀ ਹਲਕਾ ਸ੍ਰੀ ਹਰਗੋਬਿੰਦਪੁਰ ਸਾਹਿਬ ਸਾਹਿਬ ਟੀਮ ਵੱਲੋਂ ਭਰਵਾਂ ਸਵਾਗਤ ਕੀਤਾ ਅਤੇ ਸ਼ੁਭਕਾਮਨਾਵਾਂ ਦਿੱਤੀਆਂ ਮੈਨੂੰ ਪੂਰੀ ਉਮੀਦ ਹੈ ਜਸਵਿੰਦਰ ਪਾਲ ਜੀ ਆਉਣ ਵਾਲੇ ਦਿਨਾਂ ਵਿੱਚ ਜ਼ਿਲਾ ਗੁਰਦਾਸਪੁਰ ਦਾ ਐਸੀ ਵਿੰਗ ਦਾ ਸੰਗਠਨ ਪੂਰੀ ਮਜ਼ਬੂਤੀ ਨਾਲ ਬਣਾਉਣਗੇ ਅਤੇ ਮੇਹਨਤੀ ਵਰਕਰਾਂ ਨੂੰ ਸੰਗਠਨ ਵਿਚ ਅਹਿਮ ਜ਼ਿੰਮੇਵਾਰੀਆਂ ਨਾਲ ਨਿਵਾਜਿਆ ਜਾਵੇਗਾ



# ਜਿਲ੍ਹਾ ਸਿਹਤ ਵਿਭਾਗ ਦੇ ਅਧਿਕਾਰੀਆਂ ਵਲੋਂ ਹੜ੍ਹ ਪ੍ਰਭਾਵਿਤ ਖੇਤਰ ਦੇ ਪਿੰਡਾਂ ਦਾ ਕੀਤਾ ਦੌਰਾ

ਫ਼ਾਜ਼ਿਲਕਾ (ਰਾਜ ਅਰੋੜਾ ਪ੍ਰਵੀਨ ਕੁਮਾਰ)-ਡਾਕਟਰ ਰਾਜ ਕੁਮਾਰ ਸਿਵਲ ਸਰਜਨ ਫ਼ਾਜ਼ਿਲਕਾ ਦੇ ਦਿਸ਼ਾ ਨਿਰਦੇਸ਼ਾਂ

ਲੋਕ ਬਾਣੀ

ਅਨੁਸਾਰ ਡਾਕਟਰ ਰੋਹਿਤ ਗੋਇਲ ਸਹਾਇਕ ਸਿਵਲ ਸਰਜਨ, ਡਾਕਟਰ ਅਰਪਿਤ ਗੁਪਤਾ ਜਿਲ੍ਹਾ ਟੀਕਾਕਰਣ ਅਫ਼ਸਰ, ਡਾਕਟਰ ਏਰਿਕ ਸੀਨੀਅਰ ਮੈਡੀਕਲ ਅਫ਼ਸਰ ਵੱਲੋਂ ਹੜ੍ਹ ਪ੍ਰਭਾਵਿਤ ਪਿੰਡਾਂ ਦਾ ਦੌਰਾ ਕੀਤਾ। ਇਸ ਸਮੇਂ ਉਹਨਾਂ ਨਾਲ ਮਾਸ ਮੀਡੀਆ ਤੋਂ ਵਿਨੋਦ ਖੁਰਾਣਾ ਅਤੇ ਦਿਵੇਸ਼ ਕੁਮਾਰ ਵੀ ਹਨ। ਸਿਹਤ ਵਿਭਾਗ ਵਲੋਂ ਚੱਲ ਰਹੇ ਪਿੰਡ ਗੁਲਾਬ ਭੈਣੀ, ਪਤਨ ਪੋਸਟ ਅਤੇ ਰੇਤੇ ਵਾਲੀ ਭੈਣੀ ਵਿਖੇ ਮੈਡੀਕਲ ਕੈਂਪਾਂ ਅਤੇ ਨੈਸ਼ਨਲ ਵੈਕਟਰ ਬੌਰਨ ਡਜ਼ੀਜ਼ ਕੋਟਰੋਲ



ਟੀਮਾਂ ਦਾ ਜ਼ਾਇਜਾ ਲਿਆ। ਇਸ ਸਮੇਂ ਉਹ ਲੋਕਾਂ ਨੂੰ ਮਿਲੇ ਅਤੇ ਸਿਹਤ ਸਬੰਧੀ ਆ ਰਹੀਆਂ ਮੁਸ਼ਕਿਲਾਂ ਸਬੰਧੀ ਜਾਣਕਾਰੀ ਹਾਸਿਲ ਕੀਤੀ। ਅੱਜ ਵਿਖੇ ਮੈਡੀਕਲ ਕੈਂਪ ਦਾ ਦੌਰਾ ਕੀਤਾ। ਇਸ ਸਮੇਂ ਡਾਕਟਰ ਰੋਹਿਤ ਗੋਇਲ ਨੇ ਬਰਸਾਤਾਂ ਦੇ ਮੌਸਮ ਦੌਰਾਨ ਹੋਣ ਵਾਲੀਆਂ ਬਿਮਾਰੀਆਂ ਤੋਂ ਬਚਣ ਲਈ ਸਾਵਧਾਨੀਆਂ ਵਰਤਣ ਦੀ ਅਪੀਲ ਕੀਤੀ। ਪੀਣ ਵਾਲੇ ਪਾਣੀ ਨੂੰ ਉਬਾਲ ਕਰਕੇ ਠੰਡਾ ਕਰਕੇ ਪੀਣ ਲਈ ਵਰਤਿਆ ਜਾਵੇ ਜਾਂ ਕਲੋਰੀਨੇਟ ਕਰਕੇ ਵਰਤਿਆ ਜਾਵੇ। ਇਸ ਲਈ ਲੋਕਾਂ ਨੂੰ ਕਲੋਰੀਨ ਦੀਆਂ ਗੋਲੀਆਂ ਘਰ ਘਰ ਮੁਫਤ ਵੰਡੀਆਂ ਜਾ ਰਹੀਆਂ ਹਨ।

# 23 ਅਗਸਤ ਨੂੰ ਵਿਸ਼ਵ ਭਾਈਚਾਰਾ ਦਿਵਸ 'ਤੇ ਬ੍ਰਹਮਾ ਕੁਮਾਰੀ ਸੇਵਾ ਕੇਂਦਰ, ਨਯਾਗਾਓਂ ਵਿਖੇ ਰਾਸ਼ਟਰੀ ਖ਼ੂਨਦਾਨ ਮਹਾਂ ਅਭਿਆਨ ਦਾ ਆਯੋਜਨ ਕੀਤਾ ਜਾਵੇਗਾ

ਜੇ ਕੇ ਬੱਤਾ ਖਰੜ - ਨਿਊ ਚੰਡੀਗੜ੍ਹ ਬ੍ਰਹਮਾ ਕੁਮਾਰੀਆਂ 23 ਅਗਸਤ, 2025 ਨੂੰ ਵਿਸ਼ਵ ਭਾਈਚਾਰਾ ਦਿਵਸ 'ਤੇ ਰਾਸ਼ਟਰੀ ਖ਼ੂਨਦਾਨ ਮਹਾਂ ਅਭਿਆਨ ਦਾ ਆਯੋਜਨ ਕਰਨਗੀਆਂ: ਸੰਸਥਾ ਦੇ

ਲੋਕ ਬਾਣੀ

ਸਾਬਕਾ ਮੁੱਖ ਪ੍ਰਸ਼ਾਸਕ ਰਾਜਯੋਗਿਨੀ ਦਾਦੀ ਪ੍ਰਕਾਸ਼ਮਨੀ ਜੀ ਦੀ ਬਰਸੀ ਪ੍ਰਜਾਪਿਤਾ ਬ੍ਰਹਮਾਕੁਮਾਰੀ ਈਸ਼ਵਰੀਆ ਵਿਸ਼ਵ ਵਿਦਿਆਲਿਆ ਦੇ ਆਨੰਦ ਸਰੋਵਰ, ਬਘੇੜਾ ਵਿਖੇ ਸ਼ਰਧਾ ਨਾਲ ਮਨਾਈ ਗਈ, ਜਿਸ ਵਿੱਚ ਵਾਸੂਦੇਵ ਕੁਟੁੰਬਕਮ ਦੀ ਭਾਵਨਾ ਨਾਲ ਖ਼ੂਨਦਾਨ ਕਰਨ ਦਾ ਸੱਦਾ ਦਿੱਤਾ ਗਿਆ ਸੀ। ਇਸ ਮੌਕੇ ਨੂੰ ਵਿਸ਼ਵ ਭਾਈਚਾਰਾ ਦਿਵਸ ਵਜੋਂ ਮਨਾਉਂਦੇ ਹੋਏ, ਦੇਸ਼ ਭਰ ਵਿੱਚ ਇੱਕ ਖ਼ੂਨਦਾਨ ਮਹਾਂ ਅਭਿਆਨ ਸ਼ੁਰੂ ਕੀਤਾ ਗਿਆ, ਜਿਸਦਾ ਉਦੇਸ਼ ਇੱਕ ਲੱਖ ਯੂਨਿਟ ਖ਼ੂਨ ਇਕੱਠਾ ਕਰਕੇ ਗਿਨੀਜ਼ ਬੁੱਕ ਆਫ਼ ਵਰਲਡ ਰਿਕਾਰਡ ਬਣਾਉਣਾ ਹੈ। ਉਨ੍ਹਾਂ ਨੇ ਸਾਨੂੰ ਸਮਾਜਿਕ ਸੁਰੱਖਿਆ ਅਤੇ ਸਾਈਬਰ ਅਪਰਾਧਾਂ ਪ੍ਰਤੀ ਜਾਗਰੂਕਤਾ ਵਧਾਉਣ ਦਾ ਸੱਦਾ ਦਿੱਤਾ। ਉਨ੍ਹਾਂ ਕਿਹਾ ਕਿ 70 ਤੋਂ 80 ਪ੍ਰਤੀਸ਼ਤ ਅਪਰਾਧਿਕ ਮਾਮਲਿਆਂ ਵਿੱਚ ਨਸ਼ਾ ਇੱਕ ਵੱਡਾ ਕਾਰਨ ਹੈ, ਇਸ ਲਈ ਨਸ਼ਾ ਮੁਕਤ ਸਮਾਜ ਬਣਾਉਣਾ ਮਹੱਤਵਪੂਰਨ ਹੈ। ਇਸ ਮੁਹਿੰਮ ਤਹਿਤ, 23 ਅਗਸਤ ਸ਼ਨੀਵਾਰ ਨੂੰ ਸਵੇਰੇ 9 ਵਜੇ ਤੋਂ ਸ਼ਾਮ 5 ਵਜੇ ਤੱਕ ਬ੍ਰਹਮਾ ਕੁਮਾਰੀ ਸੇਵਾ ਕੇਂਦਰ, ਮਕਾਨ ਨੰਬਰ 130-1, ਦਸਮੇਸ਼ ਨਗਰ, ਨਯਾਗਾਓਂ ਵਿੱਚ ਡਾਕਘਰ ਦੇ ਸਾਹਮਣੇ ਇੱਕ ਵਿਸ਼ਾਲ ਖ਼ੂਨਦਾਨ ਕੈਂਪ ਲਗਾਇਆ ਜਾਵੇਗਾ। ਬ੍ਰਹਮਾ ਕੁਮਾਰੀ ਸੇਵਾ ਕੇਂਦਰ ਦੀ ਡਾਇਰੈਕਟਰ ਦੀਦੀ ਨੇ ਕਿਹਾ, ÷ਇੱਕ ਯੂਨਿਟ ਖ਼ੂਨ ਤਿੰਨ ਤੋਂ ਚਾਰ ਲੋਕਾਂ ਦੀ ਜਾਨ ਬਚਾ ਸਕਦਾ ਹੈ। ਖ਼ੂਨਦਾਨ ਨਾ ਸਿਰਫ਼ ਇੱਕ ਸਮਾਜਿਕ ਫਰਜ਼ ਹੈ, ਸਗੋਂ ਇਹ ਮਨੁੱਖਤਾ ਦੀ ਸਭ ਤੋਂ ਵੱਡੀ ਸੇਵਾ ਵੀ ਹੈ।÷ ਉਨ੍ਹਾਂ ਕਿਹਾ ਕਿ ਖ਼ੂਨਦਾਨ ਸਰੀਰ ਵਿੱਚ ਨਵੇਂ ਖ਼ੂਨ ਦੇ ਗਠਨ ਦੀ ਪ੍ਰਕਿਰਿਆ ਨੂੰ ਸਰਗਰਮ ਕਰਦਾ ਹੈ ਅਤੇ ਦਿਲ ਦੀ ਬਿਮਾਰੀ ਦੇ ਜੋਖਮ ਨੂੰ ਵੀ ਘਟਾਉਂਦਾ ਹੈ। ਦਿਲਚਸਪੀ ਰੱਖਣ ਵਾਲੇ ਲੋਕ ਇਸ ਖ਼ੂਨਦਾਨ ਮੁਹਿੰਮ ਵਿੱਚ ਸ਼ਾਮਲ ਹੋ ਕੇ ਵਿਸ਼ਵ ਰਿਕਾਰਡ ਦਾ ਹਿੱਸਾ ਬਣ ਸਕਦੇ ਹਨ।

# ਫਾਜ਼ਿਲਕਾ ਵਿਧਾਇਕ ਨਰਿੰਦਰਪਾਲ ਸਿੰਘ ਸਵਨਾ ਦੇ ਹੜ੍ਹ ਪੀੜਤ ਪਿੰਡ ਦੋਨਾ ਨਾਨਕਾ ਤੇ ਤੇਜਾ ਰੁਹੇਲਾ ਦੇ ਲੋਕਾਂ ਦਾ ਹਾਲ ਚਾਲ ਜਾਣਨ ਪਹੁੰਚੇ

## ਕਿਹਾ, ਪੰਜਾਬ ਸਰਕਾਰ ਇਸ ਕੁਦਰਤੀ ਆਫਤ ਨਾਲ ਨਜਿੱਠਣ ਲਈ ਲੋਕਾਂ ਦੀ ਹਰ ਸੰਭਵ ਮਦਦ ਕਰਨ ਲਈ ਤਿਆਰ

ਫਾਜ਼ਿਲਕਾ (ਰਾਜ ਅਰੋੜਾ/ਪ੍ਰਵੀਨ ਕੁਮਾਰ)-ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਸੂਬੇ ਦੇ

ਲੋਕ ਬਾਣੀ

ਹੜ੍ਹ ਪੀੜ੍ਹਤ ਲੋਕਾਂ ਦੀ ਹਰ ਸੰਭਵ ਮਦਦ ਕਰਨ ਲਈ ਤਿਆਰ ਹੈ। ਇਹ ਪ੍ਰਗਟਾਵਾ ਫਾਜ਼ਿਲਕਾ ਦੇ ਵਿਧਾਇਕ ਸ੍ਰੀ. ਨਰਿੰਦਰਪਾਲ ਸਿੰਘ ਸਵਨਾ ਨੇ ਹਲਕੇ ਦੇ ਪਿੰਡ ਦੋਨਾ ਨਾਨਕਾ ਤੇ ਤੇਜਾ ਰੁਹੇਲਾ ਵਿਖੇ ਪਹੁੰਚ ਕੇ ਹੜ੍ਹ ਪੀੜਤ ਲੋਕਾਂ ਦਾ ਹਾਲ ਚਾਲ ਜਾਣਨ ਅਤੇ ਪਸ਼ੂਆਂ ਲਈ ਹਰਾ ਚਾਰਾ ਵੰਡਣ ਮੌਕੇ ਕੀਤਾ। ਵਿਧਾਇਕ ਨਰਿੰਦਰਪਾਲ ਸਿੰਘ ਸਵਨਾ ਨੇ ਕਿਹਾ ਕਿ ਉਹ ਫਾਜ਼ਿਲਕਾ ਦੇ ਲੋਕਾਂ ਦੇ ਨਾਲ ਹਨ ਤੇ ਹਰ ਸਮੇਂ ਲੋਕਾਂ ਵਿੱਚ ਵਿਚਰ ਕੇ ਉਨ੍ਹਾਂ ਦਾ ਹਾਲ ਚਾਲ ਪੁੱਛਦੇ ਹਨ ਤੇ ਉਨ੍ਹਾਂ ਦੀਆਂ ਮੁਸ਼ਕਲਾਂ ਸੁਣਨ ਉਪਰੰਤ ਉਨ੍ਹਾਂ ਨੂੰ ਲੋੜੀਂਦੀਆਂ ਜ਼ਰੂਰਤ ਦੀਆਂ ਚੀਜ਼ਾਂ ਮੁਹੱਈਆ ਕਰਵਾਈਆਂ ਜਾਂਦੀਆਂ ਹਨ। ਉਨ੍ਹਾਂ ਕਿਹਾ ਕਿ ਅਸੀਂ ਸਾਰੇ ਰਲ ਮਿਲ ਕੇ ਇਸ ਕੁਦਰਤ ਦੀ ਕਰੋਪੀ ਦਾ ਸਾਹਮਣਾ ਕਰਾਂਗੇ। ਉਨ੍ਹਾਂ ਹਲਕਾ ਵਾਸੀਆਂ ਖਾਸ ਕਰ ਹਰ ਪੀੜਤ ਲੋਕਾਂ ਨੂੰ



ਵਿਸ਼ਵਾਸ ਦਵਾਇਆ ਕਿ ਉਹ ਇਸ ਮੁਸ਼ਕਲ ਦੀ ਘੜੀ ਵਿੱਚ ਪੰਜਾਬ ਸਰਕਾਰ ਤੇ ਉਹ ਲੋਕਾਂ ਦੇ ਮੋਢੇ ਨਾਲ ਮੋਢਾ ਜੋੜ ਕੇ ਖੜ੍ਹੀ ਹੈ ਤੇ ਹਰ ਮੁਸ਼ਕਲ ਦੀ ਘੜੀ ਵਿੱਚ ਲੋਕਾਂ ਦਾ ਸਾਥ ਦੇਣ ਦੀ ਤਿਆਰ ਹਨ। ਉਨ੍ਹਾਂ ਅੱਗੇ ਕਿਹਾ ਕਿ ਜਿੱਥੇ ਉਹ ਪਿੰਡ ਵਾਸੀਆਂ ਨੂੰ ਪਸ਼ੂਆਂ ਲਈ ਹਰਾ ਚਾਰਾ ਤੇ ਹੋਰ ਲੋੜੀਂਦੀਆਂ ਚੀਜ਼ਾਂ ਮੁਹੱਈਆ ਕਰਵਾ ਰਹੇ ਹਨ ਉੱਥੇ ਹੀ ਸਾਡੇ ਪ੍ਰਸ਼ਾਸਨ ਨੇ ਵੀ ਆਪਣੀਆਂ ਟੀਮਾਂ ਹੜ੍ਹ ਪੀੜ੍ਹਤ ਲੋਕਾਂ ਦੀ ਮਦਦ ਲਈ ਤਿਆਰ ਕੀਤੀਆਂ ਹਨ ਜੋ ਇਨ੍ਹਾਂ ਹੜ੍ਹ ਪੀੜ੍ਹਤਾਂ ਦੀ ਮਦਦ ਕਰ ਰਹੀਆਂ ਹਨ।

AK STUDY VISA
MONTREAL ਦਾ ਕੋਈ ਵੀ ਕਾਲਜ
IELTS 6 EACH
PTE 50
Scholarship $2000
HELPLINE 81950-50099

St. Soldier GROUP OF INSTITUTIONS SINCE 1958
EDUCATIONAL 64 YEARS EXCELLENCE
MORE THAN • 56 Colleges & Schools • 200 Merit Positions • 125 Companies For Placements • 75 Academic Courses • 2000 Placements In 2022 - 2023 • 42000 Students From All Over India
CANADIAN PATHWAY PROGRAMS
FREE BUS SERVICE FOR ALL COLLEGE STUDENTS FOR ALL ROUTES
ENGINEERING (B.Tech - M.Tech*)
• Mechanical Engg.* • Electrical Engg. • Civil Engg. • Computer Science Engg.* • Tool Engg. • B.Voc Hardware and Networking • Electronics & Comm. Engg. • Automobile Engg.
HOTEL MANAGEMENT
• B.Sc (H&HA) Hospitality and Hotel Administration • BHMCT Hotel Management & Catering Technology • BTTM Tourism and Travel Management • MHMCT Masters in Hotel Management and Catering Technology • One Year Courses (Food Production, Bakery, F&B Services, Front Office)
MANAGEMENT & COMMERCE
• MBA • BBA • B.Sc. (Cyber Security) • M.Com.(Prof.) • BCom. (Reg/Prof.)
DEGREE COURSES
• BA • B.Com. • BBA • D.C.A. • PGDCA • BCA / B.Sc. (IT)
PARAMEDICAL COURSES
• M.Pharmacy • B.Pharmacy • B. Sc. MLS • D.Pharmacy • Diploma in MLT • M.Sc MLS • Bachelor of Physiotherapy • MSC (Medical Microbiology, Biochemistry) • BSC Medical Technology - Anesthesia & Operation Theater* • BSC Operation Theater Technology* • BSC Radiology and Imaging Technology*
POLYTECHNIC DIPLOMA
IN JALANDHAR & CHABBEWAL HOSHIARPUR
• Tool & Die Making • Electronics & Comm. Engg. • Civil Engg. • Mechanical, Electrical, Computer Engg. • Automobile Engg. • Mechatronics Diploma in Polytechnic • Diploma in Architectural Assistance Ship
MEDIA & FASHION
• B.Sc. Fashion Technology • B.Sc. Mass Comm. & Journalism • B.Sc. Multimedia
INFORMATION TECHNOLOGY
• MCA • BCA • BSc.IT • PGDCA • DCA
LAW
• BA.LLB. • B.COM. LLB • BBA.LLB. • LLB • PG DIPLOMA IN CYBER LAW
TEACHER / PHYSICAL EDUCATION
• BPES • B.Ed. • D.El.Ed. • B.P.Ed. • D.P.Ed
NURSING TRAINING
• General Nursing & Midwifery (GNM)
ARCHITECTURE
• B. Architecture
INDUSTRIAL TRAINING INSTITUTE
• Electrician • COPA • Welder • Carpenter • Plumber • Vehicle Motor Mechanic • Architecture Draftsman • Diesel Mechanic • Refrigeration & AC
PMKVY
/stsoldiergroup
www.stsoldiergroup.com
LATERAL ENTRY ADMISSION INTO SECOND YEAR AVAILABLE
Now ANIMATION & SOCIAL MEDIA Courses Available
CORP. OFFICE : 680-L MODEL TOWN, JALANDHAR.
M: 9814003681 | 9814003652 | 9814345025 | 9914464565

INNOCENT HEARTS GROUP OF INSTITUTIONS
Learning Today... Leading Tomorrow !
150+ Placements In Session 2022-23
18+ MOUs with Industries
upto 100% Scholarship Schemes*
Offering 20+ Programmes
Management | Commerce | Information Technology
Hospitality | Medical Lab | Healthcare Sciences
Enroll for Session 2023-24
1800-833-4600
87250-33447
www.ihgi.in

JSDC GROUP
ਜਲੰਧਰ ਸਕਿਲ ਡਿਵੈਲਪਮੈਂਟ ਕਾਰਪੋਰੇਸ਼ਨ®
178, ਪੁਲਿਸ ਲਾਈਨ ਰੋਡ, ਰਣਜੀਤ ਨਗਰ, ਜਲੰਧਰ - ਇੰਡੋ ਕੈਨੇਡੀਅਨ ਬੱਸ ਦਫਤਰ ਦੇ ਨੇੜੇ
82880 21797
82880 21798
ਭਾਰਤ ਸਰਕਾਰ ਦੇ ਵਿਦੇਸ਼ ਮੰਤਰਾਲੇ ਤੋਂ ਮਾਨਤਾ ਪ੍ਰਾਪਤ ਭਰਤੀ ਏਜੰਸੀ | ਲਾਇਸੰਸ ਨੰ: B-1303/PUN/PER/1000+/5/9437/2018
WWW.JSDCGROUP.COM
ਦੁਬਈ, ਕੁਵੈਤ ਅਤੇ ਯੂਰਪ ਦੇ ਦੇਸ਼ਾਂ ਵਿੱਚ ਵਰਕ ਪਰਮਿਟ ਦੀ ਜਾਣਕਾਰੀ ਲਈ ਅੱਗੇ ਦਿੱਤੇ ਨੰਬਰਾਂ 'ਤੇ ਕਾਲ ਕਰੋ
ਜਾਂ ਸਾਡੇ ਫੇਸਬੁੱਕ, ਇੰਸਟਾਗ੍ਰਾਮ, ਲਿੰਕਡਇਨ, ਯੂਟਿਊਬ ਅਤੇ ਟਵਿੱਟਰ ਅਕਾਉਂਟਸ ਨੂੰ ਫਾਲੋ ਕਰੋ
JSDC GROUP - INDIA

DIPS IMT
DIPS INSTITUTE OF MANAGEMENT & TECHNOLOGY
RAMNEEK AVENUE, PATHANKOT BYE PASS JALANDHAR CITY
www.dipsimt@gmail.com (dipsimt@gmail.com)
CONTACT : 95010-00697, 97806-00998